ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

**Awaze Qaum**

(ਯੂ. ਕੇ. ਤੋਂ ਪ੍ਰਕਾਸ਼ਿਤ)

**International Daily Newspaper & WEB TV**

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

YouTube https://youtu.be/LQwolgxDu7I

awazeqaumtvpunjab@gmail.com

ਸੋਮਵਾਰ, 14 ਸਤੰਬਰ 2026 (ਨਾਨਕਸ਼ਾਹੀ ਸੰਮਤ : ੫੫੮, ੨੯ ਭਾਦੋਂ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243





## ਅਕਾਲੀ ਦਲ ਵੱਲੋਂ 9 ਮੈਂਬਰੀ ਮੈਨੀਫੈਸਟੋ ਕਮੇਟੀ ਦਾ ਐਲਾਨ, ਬਲਵਿੰਦਰ ਸਿੰਘ ਭੂੰਦੜ ਲਾਏ ਚੇਅਰਮੈਨ

**ਚੰਡੀਗੜ੍ਹ, 13 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਵਿਧਾਨ ਸਭਾ ਚੋਣਾਂ 2027 ਦੇ ਮੱਦੇਨਜ਼ਰ ਸ਼੍ਰੋਮਣੀ ਅਕਾਲੀ



ਵੱਲੋਂ ਲਗਾਤਾਰ ਸਰਗਰਮੀ ਵਿਖਾਈ ਜਾ ਰਹੀ ਹੈ। ਐਤਵਾਰ ਨੂੰ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਵੱਡਾ ਐਲਾਨ ਕਰਦਿਆਂ ਚੋਣ ਮੈਨੀਫੈਸਟੋ ਲਈ 9 ਮੈਂਬਰੀ ਕਮੇਟੀ ਦਾ ਐਲਾਨ ਕਰ ਦਿੱਤਾ ਹੈ। ਇਸ ਕਮੇਟੀ ਦੀ ਅਗਵਾਈ ਲਈ ਸੀਨੀਅਰ ਆਗੂ ਬਲਵਿੰਦਰ ਸਿੰਘ ਭੂੰਦੜ ਨੂੰ ਚੇਅਰਮੈਨ ਅਤੇ ਡਾ. ਦਲਜੀਤ ਸਿੰਘ ਚੀਮਾ ਨੂੰ ਮੈਂਬਰ ਸਕੱਤਰ ਵੱਜੋਂ ਨਿਯੁਕਤ ਕੀਤਾ ਗਿਆ ਹੈ। ਇਸ ਸਬੰਧੀ ਡਾ. ਦਲਜੀਤ ਸਿੰਘ ਚੀਮਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਕਮੇਟੀ ਦੇ ਹੋਰ ਮੈਂਬਰਾਂ ਵਿੱਚ ਗੁਲਜ਼ਾਰ ਸਿੰਘ ਰਣੀਕੇ, ਹੀਰਾ ਸਿੰਘ ਗਾਬੜੀਆ, ਮਹੇਸ਼ ਇੰਦਰ ਸਿੰਘ ਗਰੇਵਾਲ, ਬਿਕਰਮ ਸਿੰਘ ਮਜੀਠੀਆ, ਸਿਕੰਦਰ ਸਿੰਘ ਮਲੂਕਾ, ਸੋਹਣ ਸਿੰਘ ਠੰਡਲ ਅਤੇ ਹਰਚਰਨ ਸਿੰਘ ਬੈਂਸ ਸ਼ਾਮਲ ਹਨ। ਪਾਰਟੀ ਦੇ ਵੱਖ-ਵੱਖ ਵਿੰਗਾਂ—ਜਿਨ੍ਹਾਂ ਵਿੱਚ ਯੂਥ, ਮਹਿਲਾ, ਟਰੇਡ ਐਂਡ ਇੰਡਸਟਰੀ, ਲੀਗਲ, ਕਰਮਚਾਰੀ, ਸਾਬਕਾ ਸੈਨਿਕ ਅਤੇ ਘੱਟ ਗਿਣਤੀ ਵਿੰਗ ਸ਼ਾਮਲ ਹਨ—ਦੇ ਪ੍ਰਧਾਨਾਂ ਨੂੰ ਕਮੇਟੀ ਵਿੱਚ ਵਿਸ਼ੇਸ਼ ਸੱਦੇ ਮੈਂਬਰ ਵਜੋਂ ਸ਼ਾਮਲ ਕੀਤਾ ਗਿਆ ਹੈ।

### ਗੁਲਜ਼ਾਰ ਸਿੰਘ ਤੇ ਮੋਹਨਜੀਤ ਸਿੰਘ ਦੇ ਹੱਕ 'ਚ ਉੱਠਿਆ ਪੰਜਾਬ

# ਮੁੱਖ ਮੰਤਰੀ ਦੀ ਕੋਠੀ ਦੇ ਘਿਰਾਓ ਲਈ ਹੱਲਾ ਬੋਲ

**ਚੰਡੀਗੜ੍ਹ, 13 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਮੋਹਨਜੀਤ ਸਿੰਘ ਸ਼ੇਰੋਂ ਅਤੇ ਮ੍ਰਿਤਕ ਗੁਲਜ਼ਾਰ ਸਿੰਘ ਨੂੰ ਇਨਸਾਫ਼ ਦਿਵਾਉਣ ਲਈ ਸੰਗਰੂਰ 'ਚ ਮੁੱਖ ਮੰਤਰੀ ਦੀ ਕੋਠੀ ਦਾ ਘਿਰਾਓ ਕਰਨ ਲਈ ਵੱਖ-ਵੱਖ ਜਥੇਬੰਦੀਆਂ ਦੇ ਲੋਕ ਇਕੱਠਾ ਹੋਏ ਹਨ। ਦੋਵੇਂ ਪੀੜਤਾਂ ਦੇ ਪਰਿਵਾਰ ਵੀ ਧਰਨੇ ਵਿੱਚ ਸ਼ਾਮਲ ਹਨ। ਇਨਸਾਫ਼ ਲਈ ਕੀਤੇ ਜਾ ਰਹੇ ਇਸ ਪ੍ਰਦਰਸ਼ਨ 'ਚ ਸ਼੍ਰੋਮਣੀ ਅਕਾਲੀ ਦਲ ਨੇ ਵੀ ਹਿੱਸਾ ਲਿਆ ਹੈ ਅਤੇ ਪੀੜਤਾਂ ਨੂੰ ਇਨਸਾਫ਼ ਦਾ ਭਰੋਸਾ ਦਿਵਾਇਆ ਹੈ। ਸ਼੍ਰੋਮਣੀ ਅਕਾਲੀ ਦਲ ਦਾ ਵੱਡਾ



ਕਾਫਲਾ ਮੁੱਖ ਮੰਤਰੀ ਭਗਵੰਤ ਮਾਨ ਦੀ ਕੋਠੀ ਸਾਹਮਣੇ ਰੋਸ ਪ੍ਰਦਰਸ਼ਨ ਵਿੱਚ ਪਹੁੰਚਿਆ ਅਤੇ ਰੋਸ ਧਰਨਾ ਲਾਇਆ ਗਿਆ ਹੈ। ਹਲਕਾ ਇੰਚਾਰਜ ਪਿਨਰਜੀਤ ਸਿੰਘ ਗੋਲਡੀ ਤੇ ਜ਼ਿਲ੍ਹਾ ਪ੍ਰਧਾਨ ਤਜਿੰਦਰ ਸਿੰਘ ਸੰਘੇੜੀ ਤੇ ਬੀਬਾ ਪਰਮਜੀਤ ਕੌਰ ਵਿਰਕ ਨੇ ਕਿਹਾ ਅਮਨ ਅਰੋੜਾ ਤੇ ਵਿੱਤ ਮੰਤਰੀ ਹਰਪਾਲ ਸਿੰਘ 'ਤੇ ਕਿਉਂ ਨਹੀਂ ਹੁਣ ਤੱਕ ਹੋਈ ਕਾਰਵਾਈ ? ਉਨ੍ਹਾਂ ਕਿਹਾ ਕਿ ਜਿੰਨਾ ਸਮਾਂ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ 'ਤੇ ਪਰਚਾ ਨਹੀਂ ਹੁੰਦਾ ਉਹ ਸੰਘਰਸ਼ ਕਰਦੇ ਰਹਾਂਗੇ।ਇਸ ਮੌਕੇ ਗੁਲਜ਼ਾਰ ਸਿੰਘ ਦੇ ਮੁੰਡੇ ਨੇ ਕਿਹਾ ਕਿ ਪਰਿਵਾਰ ਨੂੰ ਪੰਜਾਬ ਸਰਕਾਰ ਵੱਲੋਂ ਅਜੇ ਤੱਕ ਕੋਈ ਸਹਾਇਤਾ ਨਹੀਂ ਦਿੱਤੀ ਗਈ, ਸਗੋਂ ਸਿਰਫ਼ ਲਾਰਾ ਲਾਇਆ ਗਿਆ ਸੀ। ਉਸ ਨੇ ਕਿਹਾ ਕਿ ਉਸ ਦੇ ਪਿਤਾ ਦਾ ਸਸਕਾਰ ਵੀ ਧੱਕੇ ਨਾਲ ਕਰਵਾਇਆ ਗਿਆ। ਉਸ ਨੇ ਕਿਹਾ ਕਿ ਜਿੰਨਾ ਚਿਰ ਇਨਸਾਫ਼ ਨਹੀਂ ਮਿਲਦਾ, ਉਦੋਂ ਤੱਕ ਉਹ ਸੰਘਰਸ਼ ਕਰਦੇ ਰਹਿਣਗੇ। ਗੁਲਜ਼ਾਰ ਸਿੰਘ ਦੇ ਮੁੰਡੇ ਨੇ ਕਿਹਾ ਕਿ 20 ਲੱਖ ਰੁਪਏ ਦਾ ਚੱਕਰ ਇਹ ਹੈ ਕਿ ਪਹਿਲਾਂ ਉਸ ਦੀ ਮਾਤਾ ਦੇ ਹੱਥ ਵਿੱਚ ਰੱਖਿਆ ਗਿਆ ਅਤੇ ਫਿਰ ਵੀਡੀਓ ਬਣਾਉਣ ਤੋਂ ਬਾਅਦ ਨਾਲ ਹੀ ਲੈ ਗਏ। ਉਸ ਨੇ ਕਿਹਾ ਕਿ ਪਰਿਵਾਰ ਨਾਲ ਸਿਰਫ਼ ਧੋਖਾ ਕੀਤਾ ਗਿਆ। ਉਧਰ, ਪ੍ਰਦਰਸ਼ਨਕਾਰੀਆਂ ਨੇ ਕਿਹਾ ਕਿ ਇਹ ਧਰਨਾ ਇਨਸਾਫ਼ ਨਾ ਮਿਲਣ ਤੱਕ ਜਾਰੀ ਰਹੇਗਾ। ਉਨ੍ਹਾਂ ਕਿਹਾ ਕਿ ਅਮਨ ਅਰੋੜਾ ਅਤੇ ਹਰਪਾਲ ਚੀਮਾ ਨੂੰ ਅਸਤੀਫਾ ਦੇਣਾ ਚਾਹੀਦਾ ਹੈ। ਨਾਲ ਹੀ, ਗੁਲਜ਼ਾਰ ਸਿੰਘ ਦੇ ਮਾਮਲੇ ਵਿੱਚ ਸੀਬੀਆਈ ਜਾਂਚ ਦੀ ਹੋਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਇਹ ਦੁਖਾਂਤ ਇਕੱਲੇ ਗੁਲਜ਼ਾਰ ਸਿੰਘ ਦੇ ਪਰਿਵਾਰ ਨਾਲ ਵਾਪਰੀ ਘਟਨਾ ਨਹੀਂ, ਸਗੋਂ ਪੰਜਾਬ ਵਾਸੀਆਂ ਨਾਲ ਵਾਪਰੀ ਹੈ, ਕਿਉਂਕਿ ਨਸ਼ੇ ਦਾ ਮੁੱਦਾ ਪੰਜਾਬ ਦੇ ਸਮੁੱਚੇ ਲੋਕਾਂ ਦਾ ਹੈ।

## ਅਮਰੀਕਾ ਦੀ ਵਧੀ ਮੁਸ਼ਕਲ, ਈਰਾਨ ਨੇ ਹੋਰਮੁਜ਼ ਸਟ੍ਰੇਟ ਮੁੜ ਖੋਲ੍ਹਣ ਲਈ ਰੱਖ 'ਤੀਆਂ ਸੱਤ ਸ਼ਰਤਾਂ

**ਤਹਿਰਾਨ, 13 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਈਰਾਨ ਨੇ ਹੋਰਮੁਜ਼ ਸਟ੍ਰੇਟ ਨੂੰ ਮੁੜ ਖੋਲ੍ਹਣ ਲਈ ਅਮਰੀਕਾ ਅੱਗੇ ਸੱਤ ਸ਼ਰਤਾਂ ਰੱਖੀਆਂ ਹਨ। ਈਰਾਨੀ ਸਮਾਚਾਰ ਏਜੰਸੀ ਤਸਨੀਮ ਨੇ ਇੱਕ ਜਾਣਕਾਰ ਸਰੋਤ ਦੇ ਹਵਾਲੇ ਨਾਲ ਇਹ ਰਿਪੋਰਟ ਦਿੱਤੀ। ਈਰਾਨੀ ਵਿਦੇਸ਼ ਮੰਤਰਾਲੇ ਨੇ ਪਹਿਲਾਂ ਐਲਾਨ ਕੀਤਾ ਸੀ ਕਿ ਤਹਿਰਾਨ ਸੋਮਵਾਰ ਨੂੰ ਓਮਾਨ ਵਿੱਚ ਇਰਾਕ ਅਤੇ ਫ਼ਾਰਸ ਦੀ ਖਾੜੀ ਦੇਸ਼ਾਂ ਨਾਲ ਇੱਕ ਮੀਟਿੰਗ ਕਰੇਗਾ ਤਾਂ ਜੋ ਹੋਰਮੁਜ਼ ਸਟ੍ਰੇਟ ਰਾਹੀਂ ਵਪਾਰਕ ਜਹਾਜ਼ਾਂ ਦੇ ਸੁਰੱਖਿਅਤ ਰਸਤੇ 'ਤੇ ਚਰਚਾ ਕੀਤੀ ਜਾ ਸਕੇ। ਸਰੋਤ ਨੇ ਤਸਨੀਮ ਨੂੰ ਦੱਸਿਆ, "ਜਦੋਂ ਤੱਕ ਉੱਚ ਈਰਾਨੀ ਅਧਿਕਾਰੀਆਂ ਦੁਆਰਾ ਮਨਜ਼ੂਰ ਕੀਤੀਆਂ ਸ਼ਰਤਾਂ ਨੂੰ ਪੂਰਾ ਨਹੀਂ ਕੀਤਾ ਜਾਂਦਾ, ਉਦੋਂ ਤੱਕ



ਹਰਮੁਜ਼ ਸਟ੍ਰੇਟ ਬੰਦ ਰਹੇਗਾ।" ਤਸਨੀਮ ਨੇ ਪਹਿਲਾਂ ਰਿਪੋਰਟ ਦਿੱਤੀ ਸੀ ਕਿ ਹੋਰਮੁਜ਼ ਸਟ੍ਰੇਟ 'ਤੇ ਈਰਾਨ ਅਤੇ ਓਮਾਨ ਵਿਚਕਾਰ ਹੋਏ ਸਮਝੌਤੇ ਵਿੱਚ ਜਲਮਾਰਗ ਖੋਲ੍ਹਣ ਦਾ ਪ੍ਰਬੰਧ ਸ਼ਾਮਲ ਨਹੀਂ ਸੀ। ਸਮਝੌਤੇ ਦੇ ਤਹਿਤ ਦੋਵਾਂ ਧਿਰਾਂ ਨੇ ਹੋਰਮੁਜ਼ ਸਟ੍ਰੇਟ ਰਾਹੀਂ ਮੁੱਖ ਪ੍ਰਵੇਸ਼ ਅਤੇ ਨਿਕਾਸ ਮਾਰਗਾਂ ਦਾ ਤਾਲਮੇਲ ਕੀਤਾ ਹੈ। ਅਮਰੀਕਾ ਅਤੇ ਇਜ਼ਰਾਈਲ ਨੇ 28 ਫਰਵਰੀ ਨੂੰ ਈਰਾਨ ਵਿੱਚ ਟੀਚਿਆਂ 'ਤੇ ਹਮਲੇ ਸ਼ੁਰੂ ਕੀਤੇ, ਜਿਸ ਨਾਲ ਈਰਾਨ ਨੂੰ ਜਵਾਬੀ ਕਾਰਵਾਈ ਕਰਨੀ ਪਈ। ਜੂਨ ਦੇ ਅੱਧ ਵਿੱਚ ਈਰਾਨ ਅਤੇ ਅਮਰੀਕਾ ਨੇ ਦੁਸ਼ਮਣੀ ਬੰਦ ਕਰਨ ਲਈ ਇੱਕ ਸਮਝੌਤਾ ਪੱਤਰ 'ਤੇ ਹਸਤਾਖਰ ਕੀਤੇ, ਪਰ ਦੋਵਾਂ ਧਿਰਾਂ ਵਿਚਕਾਰ ਬਾਅਦ ਵਿੱਚ ਹਮਲੇ ਮੁੜ ਸ਼ੁਰੂ ਹੋ ਗਏ। ਟਕਰਾਅ ਅਜੇ ਵੀ ਅਣਸੁਲਝਿਆ ਹੋਇਆ ਹੈ। ਦੁਸ਼ਮਣੀ ਵਧਣ ਕਾਰਨ ਹੋਰਮੁਜ਼ ਸਟ੍ਰੇਟ ਰਾਹੀਂ ਸਮੁੰਦਰੀ ਜਹਾਜ਼ਾਂ ਦੀ ਆਵਾਜਾਈ ਲਗਭਗ ਪੂਰੀ ਤਰ੍ਹਾਂ ਬੰਦ ਹੋ ਗਈ ਹੈ, ਜੋ ਕਿ ਵਿਸ਼ਵ ਬਾਜ਼ਾਰ ਵਿੱਚ ਤੇਲ, ਪੈਟਰੋਲੀਅਮ ਉਤਪਾਦਾਂ ਅਤੇ ਤਰਲ ਕੁਦਰਤੀ ਗੈਸ ਦੀ ਸਪਲਾਈ ਲਈ ਇੱਕ ਪ੍ਰਮੁੱਖ ਰਸਤਾ ਹੈ। ਨਤੀਜੇ ਵਜੋਂ, ਦੁਨੀਆ ਭਰ ਦੇ ਜ਼ਿਆਦਾਤਰ ਦੇਸ਼ਾਂ ਵਿੱਚ ਬਾਲਣ ਦੀਆਂ ਕੀਮਤਾਂ ਵਿੱਚ ਵਾਧਾ ਹੋਇਆ ਹੈ।

## ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਵੱਲੋਂ ਪੰਜਾਬ ਤੇ ਸਿੱਖ ਇਤਿਹਾਸ ਨੂੰ ਸਿਲੇਬਸ 'ਚੋਂ ਮਨਫ਼ੀ ਕਰਨਾ ਬੇਹੱਦ ਮੰਦਭਾਗਾ : ਐਡਵੋਕੇਟ ਹਰਜਿੰਦਰ ਸਿੰਘ ਧਾਮੀ

**ਚੰਡੀਗੜ੍ਹ, 13 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਯੂਨੀਵਰਸਿਟੀ ਚੰਡੀਗੜ੍ਹ



ਵੱਲੋਂ ਐੱਮ.ਏ. ਇਤਿਹਾਸ ਦੇ ਪੋਸਟ-ਗ੍ਰੈਜੂਏਟ ਸਿਲੇਬਸ ਵਿੱਚੋਂ ਪੰਜਾਬ ਅਤੇ ਸਿੱਖ ਇਤਿਹਾਸ ਨਾਲ ਸਬੰਧਤ ਚਾਰ ਅਹਿਮ ਪੇਪਰ ਹਟਾਏ ਜਾਣ 'ਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਸਖ਼ਤ ਇਤਰਾਜ਼ ਪ੍ਰਗਟ ਕੀਤਾ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਪੰਜਾਬ ਯੂਨੀਵਰਸਿਟੀ ਵਰਗੀ ਸੰਸਥਾ ਵੱਲੋਂ ਪੰਜਾਬ ਦੇ ਇਤਿਹਾਸ ਨੂੰ ਉੱਚ ਸਿੱਖਿਆ ਦੇ ਸਿਲੇਬਸ ਵਿੱਚੋਂ ਪਿੱਛੇ ਕਰਨਾ ਬੇਹੱਦ ਚਿੰਤਾਜਨਕ ਅਤੇ ਮੰਦਭਾਗਾ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਪੰਜਾਬ ਦਾ ਇਤਿਹਾਸ ਕਿਸੇ ਇੱਕ ਖਿੱਤੇ ਦਾ ਸੀਮਤ ਇਤਿਹਾਸ ਨਹੀਂ, ਸਗੋਂ ਭਾਰਤ ਦੇ ਸਮੁੱਚੇ ਇਤਿਹਾਸ ਦਾ ਅਟੁੱਟ ਅਤੇ ਅਹਿਮ ਹਿੱਸਾ ਹੈ। ਪੰਜਾਬ ਦੀ ਧਰਤੀ ਨੇ ਗੁਰੂ ਸਾਹਿਬਾਨ ਦੀਆਂ ਮਹਾਨ ਜੀਵਨ-ਯਾਤਰਾਵਾਂ, ਖ਼ਾਲਸਾ ਪੰਥ ਦੀ ਸਾਜਨਾ, ਸਿੱਖ ਸੰਘਰਸ਼, ਸਿੱਖ ਰਾਜ ਅਤੇ ਅਨੇਕਾਂ ਇਤਿਹਾਸਕ ਘਟਨਾਵਾਂ ਰਾਹੀਂ ਭਾਰਤੀ ਇਤਿਹਾਸ ਦੀ ਦਿਸ਼ਾ ਨੂੰ ਪ੍ਰਭਾਵਿਤ ਕੀਤਾ ਹੈ। ਅਜਿਹੇ ਇਤਿਹਾਸ ਨੂੰ ਐੱਮ.ਏ. ਪੱਧਰ 'ਤੇ ਪੜ੍ਹਾਈ ਤੋਂ ਦੂਰ ਕਰਨਾ ਵਿਦਿਆਰਥੀਆਂ ਨੂੰ ਆਪਣੇ ਵਿਰਸੇ ਅਤੇ ਇਤਿਹਾਸਕ ਚੇਤਨਾ ਤੋਂ ਵਾਂਝਾ ਕਰਨ ਦੇ ਤੁੱਲ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਯੂਨੀਵਰਸਿਟੀਆਂ ਦਾ ਕੰਮ ਸਿਰਫ਼ ਨਵੇਂ ਵਿਸ਼ਿਆਂ ਨੂੰ ਸ਼ਾਮਲ ਕਰਨਾ ਨਹੀਂ, ਬਲਕਿ ਇਤਿਹਾਸਕ ਵਿਰਾਸਤ ਨੂੰ ਤੱਥਾਂ ਅਤੇ ਖੋਜ ਦੇ ਆਧਾਰ 'ਤੇ ਅਗਲੀ ਪੀੜ੍ਹੀ ਤੱਕ ਪਹੁੰਚਾਉਣਾ ਵੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਯੂਨੀਵਰਸਿਟੀ ਦਾ ਪੰਜਾਬ ਦੇ ਇਤਿਹਾਸ, ਭਾਸ਼ਾ, ਸੱਭਿਆਚਾਰ ਅਤੇ ਵਿਰਾਸਤ ਨਾਲ ਡੂੰਘਾ ਇਤਿਹਾਸਕ ਸਬੰਧ ਹੈ। ਇਸ ਲਈ ਯੂਨੀਵਰਸਿਟੀ ਪ੍ਰਸ਼ਾਸਨ ਦੀ ਇਹ ਜ਼ਿੰਮੇਵਾਰੀ ਬਣਦੀ ਹੈ ਕਿ ਉਹ ਇਸ ਵਿਰਾਸਤ ਨੂੰ ਸਿਲੇਬਸ ਵਿੱਚ ਯੋਗ ਸਥਾਨ ਦੇਵੇ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਪੰਜਾਬ ਯੂਨੀਵਰਸਿਟੀ ਦੇ ਉਪ ਕੁਲਪਤੀ ਅਤੇ ਸਬੰਧਤ ਅਕਾਦਮਿਕ ਅਧਿਕਾਰੀਆਂ ਨੂੰ ਇਸ ਫੈਸਲੇ 'ਤੇ ਮੁੜ ਵਿਚਾਰ ਕਰਨ ਲਈ ਆਖਿਆ। ਉਨ੍ਹਾਂ ਕਿਹਾ ਕਿ ਪੰਜਾਬ ਤੇ ਸਿੱਖ ਇਤਿਹਾਸ ਨਾਲ ਸਬੰਧਤ ਪੇਪਰਾਂ ਨੂੰ ਮੁੜ ਐੱਮ.ਏ. ਇਤਿਹਾਸ ਦੇ ਸਿਲੇਬਸ ਵਿੱਚ ਪਹਿਲਾਂ ਦੀ ਤਰ੍ਹਾਂ ਲਾਜ਼ਮੀ ਸ਼ਾਮਲ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਪੰਜਾਬ ਯੂਨੀਵਰਸਿਟੀ ਨੂੰ ਅਜਿਹੇ ਕਿਸੇ ਵੀ ਕਦਮ ਤੋਂ ਬਚਣਾ ਚਾਹੀਦਾ ਹੈ, ਜਿਸ ਨਾਲ ਪੰਜਾਬ ਦੀ ਇਤਿਹਾਸਕ ਵਿਰਾਸਤ ਅਤੇ ਸਿੱਖ ਇਤਿਹਾਸ ਦੀ ਅਕਾਦਮਿਕ ਮਹੱਤਤਾ ਨੂੰ ਘਟਾਉਣ ਦਾ ਪ੍ਰਭਾਵ ਪੈਦਾ ਹੁੰਦਾ ਹੋਵੇ।

## ਪੰਜਾਬੀ ਗਾਇਕ ਗੁਲਾਬ ਸਿੱਧੂ ਦੇ ਘਰ 'ਤੇ ਚੱਲੀਆਂ ਗੋਲੀਆਂ, ਡੋਨੀ ਬੱਲ ਗੈਂਗ ਨੇ ਲਈ ਜ਼ਿੰਮੇਵਾਰੀ





**ਬਰਨਾਲਾ, 13 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਬਰਨਾਲਾ 'ਚ ਪੰਜਾਬ ਦੇ ਮਸ਼ਹੂਰ ਗਾਇਕ ਗੁਲਾਬ ਸਿੱਧੂ ਦੇ ਘਰ 'ਤੇ ਗੋਲੀਆਂ ਚੱਲਣ ਦੀ ਘਟਨਾ ਵਾਪਰੀ ਹੈ। ਦੱਸਿਆ ਜਾ ਰਿਹਾ ਹੈ ਕਿ ਘਟਨਾ ਨੂੰ ਤਿੰਨ ਅਣਪਛਾਤੇ ਨੌਜਵਾਨਾਂ ਨੇ ਅੰਜਾਮ ਦਿੱਤਾ, ਜੋ ਕਿ ਇੱਕ ਮੋਟਰਸਾਈਕਲ 'ਤੇ ਸਵਾਰ ਸਨ। ਘਟਨਾ ਦੀ ਵੀਡੀਓ ਗਲੀ 'ਚ ਲੱਗੇ ਸੀਸੀਟੀਵੀ 'ਚ ਕੈਦ ਹੋ ਗਈ ਹੈ। ਜਾਣਕਾਰੀ ਅਨੁਸਾਰ, ਘਟਨਾ 1 ਤੋਂ 2 ਵਜੇ ਦੇ ਵਿਚਾਲੇ ਵਾਪਰੀ ਹੈ, ਜਿਸ ਵਿੱਚ 7 ਤੋਂ 8 ਰਾਊਂਡ ਫਾਈਰ ਕੀਤੇ ਗਏ ਹਨ। ਇਸ ਦੌਰਾਨ ਗੋਲੀਬਾਰੀ 'ਚ ਘਰ ਦੇ ਗੇਟ 'ਤੇ ਗੋਲੀਆਂ ਵੱਜੀਆਂ। ਹਾਲਾਂਕਿ, ਕਿਸੇ ਤਰ੍ਹਾਂ ਦਾ ਕੋਈ ਜਾਨੀ ਨੁਕਸਾਨ ਨਹੀਂ ਹੋਇਆ। ਸੀਸੀਟੀਵੀ ਵਿੱਚ ਵੇਖਿਆ ਜਾ ਸਕਦਾ ਹੈ ਕਿ 3 ਨੌਜਵਾਨਾਂ ਨੇ ਬਾਈਕ ਰੋਕ ਲਈ। ਵਿਚਕਾਰ ਬੈਠੇ ਨੌਜਵਾਨ ਨੇ ਆਪਣੀ ਪਿਸਤੌਲ ਲੋਡ ਕੀਤੀ ਅਤੇ ਗੋਲੀਬਾਰੀ ਸ਼ੁਰੂ ਕਰ ਦਿੱਤੀ। ਉਸਦੇ ਪਿੱਛੇ ਬੈਠੇ ਨੌਜਵਾਨ ਨੇ ਵੀ ਗੋਲੀਬਾਰੀ ਕੀਤੀ, ਜਦੋਂ ਕਿ ਬਾਈਕ ਚਲਾ ਰਹੇ ਤੀਜੇ ਨੌਜਵਾਨ ਨੇ ਵੀਡੀਓ ਬਣਾਈ। ਉਧਰ, ਸੋਸ਼ਲ ਮੀਡੀਆ 'ਤੇ ਘਟਨਾ ਨਾਲ ਸਬੰਧਤ ਇੱਕ ਕਥਿਤ ਪੋਸਟ ਸਾਹਮਣੇ ਆਈ ਹੈ, ਜਿਸ ਵਿੱਚ ਗੈਂਗਸਟਰ ਡੋਨੀ ਬੱਲ ਵੱਲੋਂ ਇਸ ਦੀ ਜ਼ਿੰਮੇਵਾਰੀ ਲਈ ਗਈ ਹੈ। (ਪੋਸਟ ਦੇ ਪੁਖਤਾ ਹੋਣ ਬਾਰੇ ਪੀਟੀਸੀ ਨਿਊਜ਼ ਕੋਈ ਜ਼ਿੰਮੇਵਾਰੀ ਨਹੀਂ ਲੈਂਦਾ) ਜ਼ਿਕਰਯੋਗ ਹੈ ਕਿ ਕੁਝ ਸਮਾਂ ਪਹਿਲਾਂ ਗੁਲਾਬ ਸਿੱਧੂ ਨੂੰ ਕੁਝ ਵਿਅਕਤੀਆਂ ਨੇ ਫਿਰੌਤੀ ਅਤੇ ਜਾਨੋਂ ਮਾਰਨ ਦੀ ਧਮਕੀ ਦਿੱਤੀ ਸੀ। ਹਾਲਾਂਕਿ, ਇਸ ਘਟਨਾ ਸਮੇਂ ਗਾਇਕ ਗੁਲਾਬ ਸਿੱਧੂ ਘਰ 'ਤੇ ਮੌਜੂਦ ਨਹੀਂ ਸੀ। ਉਨ੍ਹਾਂ ਦੇ ਪਰਿਵਾਰ ਅਨੁਸਾਰ, ਉਹ ਇਸ ਸਮੇਂ ਸੰਗੀਤਕ ਸ਼ੋਅ ਅਤੇ ਪ੍ਰੋਗਰਾਮਾਂ ਲਈ ਵਿਦੇਸ਼ ਵਿੱਚ ਹੈ। ਉਪਰੰਤ, 10 ਜਨਵਰੀ, 2026 ਨੂੰ ਬਰਨਾਲਾ ਪੁਲਿਸ ਨੇ ਗਾਇਕ ਗੁਲਾਬ ਸਿੱਧੂ 'ਤੇ ਹਮਲਾ ਕਰਨ ਦੀ ਕੋਸ਼ਿਸ਼ ਕਰਨ ਦੇ ਦੋਸ਼ ਵਿੱਚ ਤਿੰਨ ਦੋਸ਼ੀਆਂ ਨੂੰ ਗ੍ਰਿਫਤਾਰ ਕੀਤਾ। ਮੁੱਖ ਸਾਜ਼ਿਸ਼ਕਰਤਾ ਕੋਟਦੁਨਾ ਪਿੰਡ ਦਾ ਸਰਪੰਚ ਬਲਜਿੰਦਰ ਸਿੰਘ (ਕਿੰਦਾ) ਸੀ। ਘਟਨਾ ਦੀ ਜਾਣਕਾਰੀ ਮਿਲਦੇ ਹੀ ਸਦਰ ਪੁਲਿਸ ਤੁਰੰਤ ਮੌਕੇ 'ਤੇ ਪਹੁੰਚੀ ਅਤੇ ਸਥਿਤੀ ਦਾ ਜਾਇਜ਼ਾ ਲਿਆ। ਪੁਲਿਸ ਅਧਿਕਾਰੀਆਂ ਨੇ ਗੋਲੀਬਾਰੀ ਦੀ ਪੁਸ਼ਟੀ ਕੀਤੀ। ਹਾਲਾਂਕਿ, ਆਲੇ-ਦੁਆਲੇ ਦੀਆਂ ਗਲੀਆਂ ਅਤੇ ਪਿੰਡ ਦੀਆਂ ਮੁੱਖ ਸੜਕਾਂ 'ਤੇ ਲਗਾਏ ਗਏ ਕੈਮਰਿਆਂ ਦੀ ਬਾਰੀਕੀ ਨਾਲ ਜਾਂਚ ਕੀਤੀ ਜਾ ਰਹੀ ਹੈ। ਅਧਿਕਾਰੀਆਂ ਨੇ ਕਿਹਾ ਕਿ ਮਾਮਲੇ ਦੀ ਹਰ ਪਹਿਲੂ ਤੋਂ ਡੂੰਘਾਈ ਨਾਲ ਜਾਂਚ ਕੀਤੀ ਜਾ ਰਹੀ ਹੈ ਅਤੇ ਫੋਰੈਂਸਿਕ ਸਬੂਤ ਇਕੱਠੇ ਕਰਨ ਤੋਂ ਬਾਅਦ ਅਣਪਛਾਤੇ ਹਮਲਾਵਰਾਂ ਵਿਰੁੱਧ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।

## ਪ੍ਰਧਾਨ ਮੰਤਰੀ ਮੋਦੀ ਵੱਲੋਂ ਆਯੋਜਿਤ ਡਿਨਰ ਲੈਣ ਤੋਂ ਚੀਨੀ ਰਾਸ਼ਟਰਪਤੀ ਵੱਲੋਂ 'ਇਨਕਾਰ'



**ਨਵੀਂ ਦਿੱਲੀ, 13 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਚੀਨੀ ਰਾਸ਼ਟਰਪਤੀ ਸ਼ੀ ਜਿਨਪਿੰਗ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵੱਲੋਂ ਬ੍ਰਿਕਸ ਸੰਮੇਲਨ ਵਿੱਚ ਹਿੱਸਾ ਲੈਣ ਵਾਲੇ ਨੇਤਾਵਾਂ, ਭਾਈਵਾਲ ਦੇਸ਼ਾਂ ਅਤੇ ਅੰਤਰਰਾਸ਼ਟਰੀ ਸੰਗਠਨਾਂ ਦੇ ਪ੍ਰਤੀਨਿਧੀਆਂ ਲਈ ਦਿੱਤੇ ਗਏ ਰਾਤ ਦੇ ਖਾਣੇ ਵਿੱਚ ਸ਼ਾਮਲ ਨਹੀਂ ਹੋਏ। ਸੂਤਰਾਂ ਅਨੁਸਾਰ, ਸ਼ੀ ਦੀ ਗੈਰ-ਹਾਜ਼ਰੀ ਦਾ ਕਾਰਨ ਤੁਰੰਤ ਸਪੱਸ਼ਟ ਨਹੀਂ ਹੋ ਸਕਿਆ। ਹਾਲਾਂਕਿ, ਇੱਕ ਸੂਤਰ ਨੇ ਕਿਹਾ ਕਿ ਉਹ ਆਰਾਮ ਕਰਨ ਲਈ ਆਪਣੇ ਹੋਟਲ ਵਾਪਸ ਆ ਗਏ ਹੋ ਸਕਦੇ ਹਨ। ਅਬੂ ਧਾਬੀ ਦੇ ਕ੍ਰਾਊਨ ਪ੍ਰਿੰਸ ਸ਼ੇਖ ਖਾਲਿਦ ਬਿਨ ਮੁਹੰਮਦ, ਜੋ ਦਿਨ ਦੇ ਸ਼ੁਰੂ ਵਿੱਚ ਸੰਮੇਲਨ ਵਿੱਚ ਸ਼ਾਮਲ ਹੋਣ ਤੋਂ ਬਾਅਦ ਯੂਏਈ ਲਈ ਰਵਾਨਾ ਹੋਏ ਸਨ, ਵੀ ਗੈਰ-ਹਾਜ਼ਰ ਸਨ। ਸ਼ੀ ਸ਼ਨੀਵਾਰ ਦੁਪਹਿਰ ਨੂੰ ਦਿੱਲੀ ਪਹੁੰਚੇ, ਬ੍ਰਿਕਸ ਸੰਮੇਲਨ ਵਿੱਚ ਸ਼ਾਮਲ ਹੋਏ ਅਤੇ ਪ੍ਰਧਾਨ ਮੰਤਰੀ ਮੋਦੀ ਨਾਲ ਦੁਵੱਲੀ ਮੀਟਿੰਗ ਕੀਤੀ। ਉਨ੍ਹਾਂ ਦੀ ਭਾਰਤ ਫੇਰੀ ਸੱਤ ਸਾਲਾਂ ਦੇ ਅੰਤਰਾਲ ਤੋਂ ਬਾਅਦ ਆਈ ਹੈ। ਰੂਸ ਦੇ ਰਾਸ਼ਟਰਪਤੀ ਵਲਾਦੀਮੀਰ ਪੁਤਿਨ ਅਤੇ ਕਈ ਹੋਰ ਬ੍ਰਿਕਸ ਨੇਤਾ ਰਾਤ ਦੇ ਖਾਣੇ ਵਿੱਚ ਸ਼ਾਮਲ ਹੋਏ। ਕੇਂਦਰੀ ਮੰਤਰੀ ਅਮਿਤ ਸ਼ਾਹ, ਨਿਰਮਲਾ ਸੀਤਾਰਮਨ, ਪਿਊਸ਼ ਗੋਇਲ, ਅਸ਼ਵਨੀ ਵੈਸ਼ਨਵ ਅਤੇ ਸ਼ਿਵਰਾਜ ਸਿੰਘ ਚੌਹਾਨ ਵੀ ਮੌਜੂਦ ਸਨ। ਲੋਕ ਸਭਾ ਸਪੀਕਰ ਓਮ ਬਿਰਲਾ ਨੇ ਇਸ ਸਮਾਗਮ ਵਿੱਚ ਉੱਤਰ ਪ੍ਰਦੇਸ਼ ਦੇ ਮੁੱਖ ਮੰਤਰੀ ਯੋਗੀ ਆਦਿੱਤਿਆਨਾਥ, ਮਹਾਰਾਸ਼ਟਰ ਦੇ ਮੁੱਖ ਮੰਤਰੀ ਦੇਵੇਂਦਰ ਫੜਨਵੀਸ, ਪੱਛਮੀ ਬੰਗਾਲ ਦੇ ਮੁੱਖ ਮੰਤਰੀ ਸੁਵੇਂਦੂ ਅਧਿਕਾਰੀ ਅਤੇ ਅਸਾਮ ਦੇ ਮੁੱਖ ਮੰਤਰੀ ਹਿਮੰਤ ਬਿਸਵਾ ਸਰਮਾ ਸਮੇਤ ਕਈ ਮੁੱਖ ਮੰਤਰੀਆਂ ਦੇ ਨਾਲ ਸ਼ਿਰਕਤ ਕੀਤੀ।

ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥

ਧੰਨ-ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਗੁਰਪੁਰਬ ਨੂੰ ਅਤੇ
ਧੰਨ-ਧੰਨ ਮਾਤਾ ਸਹਿਬ ਕੌਰ ਜੀ ਦੇ ਜਨਮ ਦਿਵਸ ਨੂੰ ਸਮਰਪਿਤ

# 30ਵਾਂ
# ਸਲਾਨਾ ਗੁਰਮਤਿ ਸਮਾਗਮ



ਸੰਤ ਬਾਬਾ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

## ਗੁਰਦੁਆਰਾ ਸ਼ਹੀਦਾਂ, ਪਿੰਡ ਜੱਸੋਵਾਲ (ਬੀਹੜਾਂ)

(ਬੱਕਰਾਂ ਦੇ ਹਾਈ ਕੋਰਟ)

## ਮਿਤੀ 1 ਨਵੰਬਰ 2026 ਦਿਨ ਐਤਵਾਰ
ਨੂੰ ਸ਼੍ਰੀ ਅਖੰਡ ਪਾਠ ਸਾਹਿਬਾਂ ਜੀ ਦੇ ਭੋਗ ਉਪਰੰਤ ਦੀਵਾਨ ਸਜਣਗੇ।

ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਮੈਂਬਰ ਸ਼੍ਰੋਮਣੀ ਕਮੇਟੀ, ਨਿਰਮਲੇ, ਉਦਾਸੀ, ਧਾਰਮਿਕ, ਸੰਯੁਕਤ ਕਿਸਾਨ ਮੋਰਚੇ ਦੇ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਪੰਥਕ ਅਕਾਲੀ ਦਲ ਭਾਰਤ ਅਤੇ ਯੂ.ਕੇ. ਦੇ ਸਮੂਹ ਅਹੁਦੇਦਾਰ, ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।
ਸਭ ਨੂੰ ਬੇਨਤੀ ਹੈ ਕਿ ਪਰਿਵਾਰਾਂ ਸਮੇਤ ਵੱਧ ਤੋਂ ਵੱਧ ਸੰਗਤਾਂ ਲੈ ਕੇ ਸਮਾਗਮਾਂ ਵਿੱਚ ਪਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ।

ਆਵਾਜ਼ਿ ਕੌਮ AWAZE QAUM International Newspaper & WEB TV

**ਗੁਰੂ ਦੇ ਲੰਗਰ ਅਤੇ ਚਾਹ-ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।**



## 30 ਅਕਤੂਬਰ 2026 ਦਿਨ ਸ਼ੁੱਕਰਵਾਰ
ਅਰੰਭ ਸ੍ਰੀ ਅਖੰਡ ਪਾਠ ਸਾਹਿਬ 10-00 ਵਜੇ ਸਵੇਰੇ

## 1 ਨਵੰਬਰ 2026 ਦਿਨ ਐਤਵਾਰ ਨੂੰ
ਭੋਗ ਸ੍ਰੀ ਅਖੰਡ ਪਾਠ ਸਾਹਿਬ 10-00 ਵਜੇ ਸਵੇਰੇ

ਖੁੱਲ੍ਹੇ ਪੰਡਾਲ ਵਿੱਚ ਸਵੇਰੇ 10-00 ਵਜੇ ਤੋਂ
ਸ਼ਾਮ 3-00 ਵਜੇ ਤੱਕ ਦੀਵਾਨ ਸਜਣਗੇ।

ਨੋਟ :- 20 ਅਕਤੂਬਰ ਤੋਂ 1 ਨਵੰਬਰ ਤੱਕ 13 ਦਿਨ ਸਮਾਗਮ ਚੱਲੇਗਾ।

## ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ
ਮੁੱਖ ਬੁਲਾਰਾ ਅੰਤਰਰਾਸ਼ਟਰੀ ਪੰਥਕ ਅਕਾਲੀ ਦਲ
ਮੈਂਬਰ ਐਸ.ਜੀ.ਪੀ.ਸੀ.
ਮੋ: 98141-27470, 73408-35137




ਜਾਰੀ ਕਰਤਾ :- ਜਰਨੈਲ ਸਿੰਘ ਢਿੱਲੋਂ, 84278-66404

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

ਜਨਮ
ਪਿੰਡ ਰੋਡੇ
2.6.1947
Birth
Pind Rode

ਸ਼ਹੀਦੀ
ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ
6.6.1984
Shaheedi
Sri Darbar Sahib
Amritsar



www.damdamitaksal.net

Physical death i do not fear
death of conscience is a sure death

Sant Jarnail Singh Ji Khalsa Bhindranwale
www.damdamitaksal.net

ਪੜੀਐ ਸਬਦੁ ਸਚੀ ਟਕਸਾਲ ॥
ਦਮਦਮੀ ਟਕਸਾਲ
ਜਥਾ ਭਿੰਡਰਾਂ (ਮਹਿਤਾ)
www.damdamitaksal.net

ਨਾਮ ਜਪੋ
ਕਿਰਤ ਕਰੋ
ਵੰਡ ਛਕੋ

Naam Japo
Kirat Karo
Vand Shako

ਵਾਹਿਗੁਰੂ ਜੀ ਕਾ ਖਾਲਸਾ॥
ਵਾਹਿਗੁਰੂ ਜੀ ਕੀ ਫਤਹਿ॥

WAHEGURU JI KA KHALSA
WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano

ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia

ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran

ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi

ਗਤਕਾ ਸਿੱਖੋ Learn Gatka
www.damdamitaksal.net


ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243


ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ

ਦੇਗ ਤੇਗ ਫ਼ਤਿਹ – ਪੰਥ ਕੀ ਜੀਤ

ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥

## ਧੰਨ ਗੁਰੂ ਨਾਨਕ ਦੇਵ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ



ਧੰਨ-ਧੰਨ
ਮਾਤਾ ਸਾਹਿਬ ਕੌਰ ਜੀ

# ਗੁਰਮਤਿ ਸਮਾਗਮ

1 ਨਵੰਬਰ 2026, ਦਿਨ ਐਤਵਾਰ ਨੂੰ
ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ
ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।



ਸੰਤ ਜਰਨੈਲ ਸਿੰਘ ਜੀ ਖਾਲਸਾ
ਭਿੰਡਰਾਂ ਵਾਲੇ

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਮੰਗਲਵਾਰ, ਸਵੇਰੇ 10 ਵਜੇ

ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਐਤਵਾਰ, ਸਵੇਰੇ 9 ਵਜੇ

ਜੋੜ ਮੇਲੇ ਵਿੱਚ ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।

**ਨੋਟ : ਇਹ ਸਮਾਗਮ 13 ਦਿਨ ਚੱਲੇਗਾ**

ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।



ਬੇਨਤੀ ਕਰਤਾ
**ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ 98141-27470**
ਜਥੇਦਾਰਨੀ ਬੀਬੀ ਸੁਰਿੰਦਰ ਕੌਰ 73408-35137
ਦਮਦਮੀ ਟਕਸਾਲ ਵਾਲੇ ਅੰਤਰਰਾਸ਼ਟਰੀ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦੱਲ
ਜਾਰੀ ਕਰਤਾ : ਭਾਈ ਜਰਨੈਲ ਸਿੰਘ ਢਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404, ਜ: ਹਰਜੋਤ ਸਿੰਘ ਢਿੱਲੋਂ, ਜ: ਮਹਿਤਾਬ ਸਿੰਘ ਢਿੱਲੋਂ

ਸੰਪਰਕ ਨੰਬਰ
84278-66404


Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ਿ ਕੌਮ
AWAZE QAUM
International Newspaper & WEB TV

ਘੜੀਐ ਸਬਦੁ ਸਚੀ ਟਕਸਾਲ ।।

ਵਾਹਿਗੁਰੂ ਜੀ ਕਾ ਖਾਲਸਾ । ਵਾਹਿਗੁਰੂ ਜੀ ਕੀ ਫਤਿਹ ।।

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# ਮਹਾਨ ਗੁਰਮਤਿ ਸਮਾਗਮ



ਗੁਰਤਾ ਗੱਦੀ : ਧੰਨ ਸ਼੍ਰੀ ਗੁਰੂ ਅਰਜਨ ਦੇਵ ਸਾਹਿਬ ਜੀ • ਪਹਿਲਾਂ ਪ੍ਰਕਾਸ਼ : ਧੰਨ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਸਮਰਪਿਤ ਗੁਰਮਿਤ ਸਮਾਗਮ ਕਰਵਾਏ ਜਾ ਰਹੇ ਹਨ ।

ਸ਼ਨਿੱਚਰਵਾਰ 12 ਸਤੰਬਰ ਸ਼ਾਮ ਨੂੰ 5 ਤੋਂ 8 ਵਜੇ ਤੱਕ ਦੀਵਾਨ ਸਜਣਗੇ ।

ਹਰ ਐਤਵਾਰ 13 ਸਤੰਬਰ 2026 ਨੂੰ 6:30 ਵਜੇ ਸਵੇਰੇ ਚੋਪੈਹਿਰੇ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 10:30 ਵਜੇ ਭੋਗ ਪੈਣ ਉਪਰੰਤ 12:30 ਵਜੇ ਤੱਕ ਦੀਵਾਨ ਸਜਣਗੇ ।

ਕਥਾ ਵਾਚਕ ਗਿਆਨੀ ਸਰਵਨ ਸਿੰਘ ਵਿਸ਼ੇਸ਼ ਤੌਰ ਤੇ ਪੰਜਾਬ ਦੀ ਧਰਤੀ ਤੋਂ ਕਥਾ ਰਾਹੀਂ ਗੁਰਬਾਣੀ ਗੁਰ ਇਤਿਹਾਸ ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**
ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ ।
☚ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ ।

**Gurdwara Sahib Shaeed Baba Deep Singh ji Damdami Taksaal**
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778

ਕੈਲਗਰੀ ਵਿੱਚ ਲੜੀਵਾਰ ਫਿਰੌਤੀ ਮਾਮਲਿਆਂ ਵਿੱਚ ਹੋਰ ਚਾਰਜ

# ਦੋ ਬਾਲਗਾਂ ਤੇ ਇੱਕ ਨੌਜਵਾਨ ਖ਼ਿਲਾਫ਼ ਕਾਰਵਾਈ




**ਕੈਲਗਰੀ, ਕੈਨੇਡਾ, 13 ਸਤੰਬਰ (ਆਵਾਜ਼ਿ ਕੌਮ ਬਿਊਰੋ)**- ਕੈਲਗਰੀ ਪੁਲਿਸ ਸਰਵਿਸ (CPS) ਦੀ Organized Crime & Offender Management Section ਨੇ ਮਾਰਚ 2026 ਵਿੱਚ ਵਾਪਰੀ ਇੱਕ ਗੰਭੀਰ ਫਿਰੌਤੀ ਦੀ ਘਟਨਾ ਦੇ ਸਬੰਧ ਵਿੱਚ ਦੋ ਬਾਲਗਾਂ ਅਤੇ ਇੱਕ ਨਾਬਾਲਗ ਖ਼ਿਲਾਫ਼ ਕਾਰਵਾਈ ਕੀਤੀ ਹੈ। ਪੁਲਿਸ ਦਾ ਕਹਿਣਾ ਹੈ ਕਿ ਮਾਮਲੇ ਦੀ ਜਾਂਚ ਅਜੇ ਵੀ ਜਾਰੀ ਹੈ ਅਤੇ ਇਸ ਲੜੀ ਨਾਲ ਜੁੜੇ ਹੋਰ ਵਿਅਕਤੀਆਂ ਦੀ ਪਛਾਣ ਕਰਨ ਲਈ ਲੋਕਾਂ ਦੀ ਮਦਦ ਮੰਗੀ ਜਾ ਰਹੀ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

**ਵਟਸਐਪ ਰਾਹੀਂ ਪੈਸਿਆਂ ਦੀਆਂ ਧਮਕੀਆਂ** : ਪੁਲਿਸ ਮੁਤਾਬਕ ਬੁੱਧਵਾਰ, 25 ਮਾਰਚ 2026 ਨੂੰ ਸ਼ਾਮ ਲਗਭਗ 4:30 ਵਜੇ ਇੱਕ ਔਰਤ ਨੂੰ WhatsApp ’ਤੇ ਟੈਕਸਟ ਅਤੇ ਵੌਇਸ ਮੈਸੇਜ ਰਾਹੀਂ ਪੈਸੇ ਦੇਣ ਦੀਆਂ ਮੰਗਾਂ ਆਉਣੀਆਂ ਸ਼ੁਰੂ ਹੋਈਆਂ। ਧਮਕੀਆਂ ਦੇਣ ਵਾਲਿਆਂ ਕੋਲ ਪੀੜਤਾ ਬਾਰੇ ਕਾਫ਼ੀ ਨਿੱਜੀ ਅਤੇ ਕਾਰੋਬਾਰੀ ਜਾਣਕਾਰੀ ਮੌਜੂਦ ਸੀ। ਇਸ ਵਿੱਚ ਉਸ ਦਾ:

* ਪੂਰਾ ਨਾਮ, * ਘਰ ਦਾ ਪਤਾ, * ਕਾਰੋਬਾਰ ਨਾਲ ਸਬੰਧਤ ਜਾਣਕਾਰੀ, * ਪਰਿਵਾਰਕ ਮੈਂਬਰਾਂ ਬਾਰੇ ਜਾਣਕਾਰੀ ਸ਼ਾਮਲ ਸੀ।

ਪੁਲਿਸ ਅਨੁਸਾਰ, ਕਾਲ ਕਰਨ ਵਾਲੇ ਵਿਅਕਤੀ ਨੇ ਪੀੜਤਾ ਨਾਲ ਵਾਰ-ਵਾਰ ਸੰਪਰਕ ਕਰਨ ਦੀ ਕੋਸ਼ਿਸ਼ ਕੀਤੀ ਅਤੇ ਉਸ ਨੂੰ ਸਪੱਸ਼ਟ ਤੌਰ ’ਤੇ ਹਿੰਸਾ ਦੀਆਂ ਧਮਕੀਆਂ ਵੀ ਦਿੱਤੀਆਂ। ਪੁਲਿਸ ਮੁਤਾਬਕ ਇਸ ਤੋਂ ਕਰੀਬ 12 ਘੰਟਿਆਂ ਬਾਅਦ, ਵੀਰਵਾਰ 26 ਮਾਰਚ ਦੀ ਸਵੇਰ 4:30 ਵਜੇ ਤੋਂ ਥੋੜ੍ਹਾ ਪਹਿਲਾਂ, ਇੱਕ ਅਣਪਛਾਤੇ ਵਿਅਕਤੀ ਨੇ ਪੀੜਤਾ ਦੇ ਘਰ ਵੱਲ ਗੋਲੀ ਚਲਾਈ ਅਤੇ ਫਿਰ ਇੱਕ ਵਾਹਨ ਵਿੱਚ ਮੌਕੇ ਤੋਂ ਫਰਾਰ ਹੋ ਗਿਆ। ਜਾਂਚ ਦੌਰਾਨ ਪੁਲਿਸ ਨੇ ਕਈ ਤਰ੍ਹਾਂ ਦੇ ਭੌਤਿਕ ਅਤੇ ਡਿਜ਼ੀਟਲ ਸਬੂਤ ਇਕੱਠੇ ਕੀਤੇ। ਇਲਾਕੇ ਵਿੱਚ ਲੱਗੇ 33“੭ ਕੈਮਰਿਆਂ ਦੀ ਫੁਟੇਜ ਦੀ ਵੀ ਜਾਂਚ ਕੀਤੀ ਗਈ। ਇਸ ਜਾਂਚ ਰਾਹੀਂ ਪੁਲਿਸ ਨੇ ਇੱਕ ਸ਼ੱਕੀ ਵਾਹਨ ਅਤੇ ਕਈ ਸੰਭਾਵਿਤ ਸ਼ੱਕੀਆਂ ਦੀ ਪਛਾਣ ਕੀਤੀ। ਜਾਂਚ ਦੇ ਪਹਿਲੇ ਪੜਾਅ ਵਿੱਚ 29 ਜੁਲਾਈ 2026 ਨੂੰ ਇੱਕ 17 ਸਾਲਾ ਨੌਜਵਾਨ ਨੂੰ ਗ੍ਰਿਫ਼ਤਾਰ ਕੀਤਾ ਗਿਆ। ਪੁਲਿਸ ਮੁਤਾਬਕ ਨੌਜਵਾਨ ਨੇ ਪੀੜਤਾ ਅਤੇ ਉਸ ਨੂੰ ਧਮਕੀਆਂ ਦੇਣ ਵਾਲੇ ਵਿਅਕਤੀਆਂ ਵਿਚਕਾਰ ਸੰਚਾਰ ਕਰਵਾਉਣ ਵਿੱਚ ਭੂਮਿਕਾ ਨਿਭਾਈ ਸੀ। ਉਸ ’ਤੇ ਫਿਰੌਤੀ (extortion) ਦੀ ਇੱਕ ਧਾਰਾ ਤਹਿਤ ਚਾਰਜ ਲਗਾਇਆ ਗਿਆ। ਬਾਅਦ ਵਿੱਚ ਉਸ ਨੂੰ ਹਿਰਾਸਤ ਤੋਂ ਰਿਹਾਅ ਕਰ ਦਿੱਤਾ ਗਿਆ। ਕਿਉਂਕਿ ਉਹ ਘਟਨਾ ਸਮੇਂ ਨਾਬਾਲਗ ਸੀ, ਇਸ ਲਈ Youth Criminal Justice Act ਦੀਆਂ ਧਾਰਾਵਾਂ ਤਹਿਤ ਉਸ ਦੀ ਪਛਾਣ ਜਨਤਕ ਨਹੀਂ ਕੀਤੀ ਜਾ ਸਕਦੀ। ਜਾਂਚ ਅੱਗੇ ਵਧਣ ਤੋਂ ਬਾਅਦ ਪੁਲਿਸ ਨੇ ਮੰਗਲਵਾਰ, 8 ਸਤੰਬਰ 2026 ਨੂੰ ਇੱਕ ਔਰਤ ਨੂੰ ਗ੍ਰਿਫ਼ਤਾਰ ਕੀਤਾ। ਪੁਲਿਸ ਦਾ ਦੋਸ਼ ਹੈ ਕਿ ਇਸ ਔਰਤ ਨੇ ਪੀੜਤਾ ਬਾਰੇ ਨਿੱਜੀ ਜਾਣਕਾਰੀ ਮੁਹੱਈਆ ਕਰਵਾਈ ਸੀ। ਇਸ ਜਾਣਕਾਰੀ ਦੀ ਮਦਦ ਨਾਲ ਹੋਰ ਸ਼ੱਕੀ ਵਿਅਕਤੀਆਂ ਨੂੰ ਪੀੜਤਾ ਅਤੇ ਉਸ ਦੇ ਪਰਿਵਾਰ ਦੀ ਪਛਾਣ ਕਰਨ, ਉਨ੍ਹਾਂ ਤੱਕ ਪਹੁੰਚਣ ਅਤੇ ਉਨ੍ਹਾਂ ਨੂੰ ਡਰਾਉਣ-ਧਮਕਾਉਣ ਵਿੱਚ ਮਦਦ ਮਿਲੀ। Kanureet KAUR, BC, Chestermere ਵਾਸੀ ’ਤੇ ਫਿਰੌਤੀ ਦੀ ਇੱਕ ਧਾਰਾ ਤਹਿਤ ਚਾਰਜ ਲਗਾਇਆ ਗਿਆ ਹੈ। ਪੁਲਿਸ ਮੁਤਾਬਕ KAUR ਨੂੰ ਵੀ ਹਿਰਾਸਤ ਤੋਂ ਰਿਹਾਅ ਕਰ ਦਿੱਤਾ ਗਿਆ ਹੈ ਅਤੇ ਉਸ ਨੂੰ 6 ਅਕਤੂਬਰ 2026 ਨੂੰ ਅਦਾਲਤ ਵਿੱਚ ਪੇਸ਼ ਹੋਣਾ ਹੈ। ਜਾਂਚਕਰਤਾ ਇਸ ਮਾਮਲੇ ਨਾਲ ਸਬੰਧਤ ਇੱਕ ਹੋਰ ਵਿਅਕਤੀ ਦੀ ਵੀ ਭਾਲ ਕਰ ਰਹੇ ਹਨ। Tanveer SINGH, BA, Calgary ਵਾਸੀ, ਖ਼ਿਲਾਫ਼ ਇੱਕ ਵਾਰੰਟ ਜਾਰੀ ਕੀਤਾ ਗਿਆ ਹੈ। ਉਸ ’ਤੇ £5,000 ਤੋਂ ਵੱਧ ਕੀਮਤ ਵਾਲੀ ਚੋਰੀ ਦੀ ਸੰਪਤੀ ਰੱਖਣ (possession of stolen property over $E,@@@) ਦਾ ਚਾਰਜ ਹੈ। ਪੁਲਿਸ ਮੁਤਾਬਕ ਜਿਸ ਵਾਹਨ ਦੀ ਵਰਤੋਂ ਗੋਲੀਬਾਰੀ ਦੌਰਾਨ ਕੀਤੀ ਗਈ ਸੀ, ਉਹ ਚੋਰੀ ਦਾ ਵਾਹਨ ਸੀ ਅਤੇ SINGH ਦੀ ਭੂਮਿਕਾ ਉਸ ਵਾਹਨ ਦੀ ਕਬਜ਼ੇਦਾਰੀ ਨਾਲ ਸਬੰਧਤ ਦੱਸੀ ਜਾ ਰਹੀ ਹੈ।

ਪੁਲਿਸ ਨੇ Tanveer SINGH ਦਾ ਹੁਲੀਆ ਇਸ ਤਰ੍ਹਾਂ ਦੱਸਿਆ ਹੈ:

* ਕੱਦ: 5 ਫੁੱਟ 8 ਇੰਚ * ਵਜ਼ਨ: ਲਗਭਗ 130 ਪੌਂਡ * ਵਾਲ: ਕਾਲੇ * ਅੱਖਾਂ: ਭੂਰੀਆਂ ਪੁਲਿਸ ਨੇ ਉਸ ਦੀ ਤਸਵੀਰ ਵੀ ਜਾਰੀ ਕੀਤੀ ਹੈ ਅਤੇ ਲੋਕਾਂ ਨੂੰ ਉਸ ਬਾਰੇ ਜਾਣਕਾਰੀ ਦੇਣ ਦੀ ਅਪੀਲ ਕੀਤੀ ਹੈ। ਕੈਲਗਰੀ ਪੁਲਿਸ ਦੇ ਅਨੁਸਾਰ, ਅਪ੍ਰੈਲ 2025 ਵਿੱਚ ਇਸ ਫਿਰੌਤੀ ਦੀ ਲੜੀ ਸ਼ੁਰੂ ਹੋਣ ਤੋਂ ਬਾਅਦ ਹੁਣ ਤੱਕ ਕੈਲਗਰੀ ਵਿੱਚ ਫਿਰੌਤੀ ਨਾਲ ਸਬੰਧਤ 51 ਘਟਨਾਵਾਂ ਸਾਹਮਣੇ ਆ ਚੁੱਕੀਆਂ ਹਨ। ਇਨ੍ਹਾਂ ਵਿੱਚੋਂ 19 ਮਾਮਲਿਆਂ ਵਿੱਚ ਗੋਲੀਬਾਰੀ ਹੋਣ ਦੀ ਪੁਲਿਸ ਨੇ ਪੁਸ਼ਟੀ ਕੀਤੀ ਹੈ। ਪੁਲਿਸ ਮੁਤਾਬਕ ਇਹ ਗੋਲੀਬਾਰੀਆਂ ਸਿਰਫ਼ ਫਿਰੌਤੀ ਦੇ ਪੀੜਤਾਂ ਨੂੰ ਹੀ ਨਹੀਂ, ਸਗੋਂ ਇਸ ਲੜੀ ਨਾਲ ਜੁੜੇ ਸ਼ੱਕੀਆਂ ਜਾਂ ਹੋਰ ਵਿਅਕਤੀਆਂ ਨੂੰ ਵੀ ਨਿਸ਼ਾਨਾ ਬਣਾ ਕੇ ਕੀਤੀਆਂ ਗਈਆਂ ਹਨ। ਹੁਣ ਤੱਕ ਕੈਲਗਰੀ ਦੀ ਇਸ ਫਿਰੌਤੀ ਲੜੀ ਦੇ ਸਬੰਧ ਵਿੱਚ: 19 ਵਿਅਕਤੀਆਂ ’ਤੇ ਕੁੱਲ 59 ਅਪਰਾਧਿਕ ਚਾਰਜ ਲਗਾਏ ਜਾ ਚੁੱਕੇ ਹਨ। ਪੁਲਿਸ ਨੇ Kanureet KAUR ਅਤੇ Tanveer SINGH ਦੀਆਂ ਤਸਵੀਰਾਂ ਵੀ ਜਾਰੀ ਕੀਤੀਆਂ ਹਨ ਤਾਂ ਜੋ ਚੱਲ ਰਹੀਆਂ ਫਿਰੌਤੀ ਨਾਲ ਸਬੰਧਤ ਜਾਂਚਾਂ ਵਿੱਚ ਹੋਰ ਤਰੱਕੀ ਕੀਤੀ ਜਾ ਸਕੇ। ਪੁਲਿਸ ਨੇ ਕਿਹਾ ਹੈ ਕਿ ਸੰਭਵ ਹੈ ਕਿ ਇਹ ਲੋਕ ਕਮਿਊਨਿਟੀ ਵਿੱਚ ਕਿਸੇ ਹੋਰ ਨਾਮ ਨਾਲ ਜਾਣੇ ਜਾਂਦੇ ਹੋਣ, ਜਾਂ ਲੋਕਾਂ ਨੇ ਉਨ੍ਹਾਂ ਨੂੰ ਕਿਸੇ ਹੋਰ ਸੰਦਰਭ ਵਿੱਚ ਦੇਖਿਆ ਜਾਂ ਮਿਲਿਆ ਹੋਵੇ। ਇਸ ਲਈ ਪੁਲਿਸ ਨੇ ਲੋਕਾਂ ਨੂੰ ਅਪੀਲ ਕੀਤੀ ਹੈ ਕਿ ਜੇ ਕਿਸੇ ਕੋਲ ਇਨ੍ਹਾਂ ਵਿਅਕਤੀਆਂ ਬਾਰੇ, ਉਨ੍ਹਾਂ ਦੇ ਜਾਣ-ਪਛਾਣ ਵਾਲਿਆਂ ਬਾਰੇ ਜਾਂ ਫਿਰੌਤੀ ਦੀਆਂ ਇਨ੍ਹਾਂ ਘਟਨਾਵਾਂ ਬਾਰੇ ਕੋਈ ਜਾਣਕਾਰੀ ਹੈ ਤਾਂ ਉਹ ਪੁਲਿਸ ਨਾਲ ਸੰਪਰਕ ਕਰਨ।

ਆਵਾਜ਼ਿ ਕੌਮ AWAZE QAUM International Newspaper & WEB TV

**ਪੁਲਿਸ ਦੀ ਲੋਕਾਂ ਨੂੰ ਅਪੀਲ** : CPS ਦੇ Criminal Operations & Intelligence Division ਦੇ Supt. Jeff Bell ਨੇ ਕਿਹਾ ਕਿ ਭਾਵੇਂ ਇਹ ਚਾਰਜ ਜਾਂਚ ਵਿੱਚ ਇੱਕ ਮਹੱਤਵਪੂਰਨ ਕਦਮ ਹਨ, ਪਰ ਜਾਂਚ ਅਜੇ ਖ਼ਤਮ ਨਹੀਂ ਹੋਈ। ਉਨ੍ਹਾਂ ਮੁਤਾਬਕ ਪੁਲਿਸ ਅਜੇ ਵੀ ਲੋਕਾਂ ਦੀ ਮਦਦ ਨਾਲ ਇਸ ਗੱਲ ਦੀ ਪਛਾਣ ਕਰਨ ਦੀ ਕੋਸ਼ਿਸ਼ ਕਰ ਰਹੀ ਹੈ ਕਿ ਇਨ੍ਹਾਂ ਅਪਰਾਧਾਂ ਵਿੱਚ ਹੋਰ ਕੌਣ-ਕੌਣ ਸ਼ਾਮਲ ਸੀ, ਤਾਂ ਜੋ ਜ਼ਿੰਮੇਵਾਰ ਲੋਕਾਂ ਖ਼ਿਲਾਫ਼ ਕਾਨੂੰਨੀ ਕਾਰਵਾਈ ਕੀਤੀ ਜਾ ਸਕੇ।

**ਪੀੜਤਾਂ ਲਈ ਪੁਲਿਸ ਦੀ ਸਲਾਹ** : ਕੈਲਗਰੀ ਪੁਲਿਸ ਨੇ ਫਿਰੌਤੀ ਦਾ ਸ਼ਿਕਾਰ ਹੋਣ ਵਾਲੇ ਲੋਕਾਂ ਨੂੰ ਸਪੱਸ਼ਟ ਸਲਾਹ ਦਿੱਤੀ ਹੈ:

ਫਿਰੌਤੀ ਦੀ ਰਕਮ ਨਾ ਦਿਓ ਅਤੇ ਤੁਰੰਤ ਪੁਲਿਸ ਨਾਲ ਸੰਪਰਕ ਕਰੋ।

ਪੁਲਿਸ ਨੇ ਲੋਕਾਂ ਲਈ ਇੱਕ ਵਿਸ਼ੇਸ਼ extortion email address ¸ extortion'calgarypolice.ca ਵੀ ਜਾਰੀ ਕੀਤਾ ਹੈ, ਜਿਸ ਰਾਹੀਂ ਲੋਕ ਸਿੱਧੇ ਜਾਂਚਕਰਤਾਵਾਂ ਨੂੰ ਜਾਣਕਾਰੀ ਦੇ ਸਕਦੇ ਹਨ।

ਜਾਣਕਾਰੀ ਕਿਵੇਂ ਦਿੱਤੀ ਜਾ ਸਕਦੀ ਹੈ ?

ਜੇ ਕਿਸੇ ਵਿਅਕਤੀ ਕੋਲ ਇਸ ਮਾਮਲੇ ਜਾਂ ਕੈਲਗਰੀ ਵਿੱਚ ਚੱਲ ਰਹੀ ਫਿਰੌਤੀ ਦੀ ਲੜੀ ਬਾਰੇ ਕੋਈ ਜਾਣਕਾਰੀ ਹੈ ਤਾਂ ਉਹ:

ਕੈਲਗਰੀ ਪੁਲਿਸ: 403-266-1234

ਜਾਂ ਗੁਪਤ ਤੌਰ ’ਤੇ Crime Stoppers ਨੂੰ ਜਾਣਕਾਰੀ ਦੇ ਸਕਦਾ ਹੈ:

TALK: 1-800-222-8477

TYPE: Calgary Crime Stoppers ਦੀ ਆਨਲਾਈਨ ਸੇਵਾ

APP: PC Tips

ਪੁਲਿਸ ਨੇ ਕਿਹਾ ਹੈ ਕਿ ਲੋਕ ਆਪਣੀ ਪਛਾਣ ਗੁਪਤ ਰੱਖਦੇ ਹੋਏ ਵੀ ਜਾਣਕਾਰੀ ਦੇ ਸਕਦੇ ਹਨ।

ਜਾਂਚ ਦਾ ਕੇਸ ਨੰਬਰ

ਇਸ ਮਾਮਲੇ ਦਾ ਕੇਸ ਨੰਬਰ:

3126127841 / 6004

ਪੁਲਿਸ ਨੇ ਕਿਹਾ ਹੈ ਕਿ ਕਮਿਊਨਿਟੀ ਵੱਲੋਂ ਮਿਲ ਰਹੀ ਜਾਣਕਾਰੀ ਅਤੇ ਸਹਿਯੋਗ ਇਨ੍ਹਾਂ ਮਾਮਲਿਆਂ ਨੂੰ ਸੁਲਝਾਉਣ ਵਿੱਚ ਬਹੁਤ ਮਹੱਤਵਪੂਰਨ ਸਾਬਤ ਹੋ ਰਿਹਾ ਹੈ।

ਨੋਟ: ਉਪਰੋਕਤ ਦੋਸ਼ ਪੁਲਿਸ ਵੱਲੋਂ ਲਗਾਏ ਗਏ ਹਨ। ਚਾਰਜ ਲੱਗਣਾ ਆਪਣੇ ਆਪ ਵਿੱਚ ਦੋਸ਼ ਸਾਬਤ ਹੋਣਾ ਨਹੀਂ ਹੁੰਦਾ; ਅਦਾਲਤ ਵਿੱਚ ਦੋਸ਼ ਸਾਬਤ ਹੋਣ ਤੱਕ ਮੁਲਜ਼ਮ ਕਾਨੂੰਨੀ ਤੌਰ ’ਤੇ ਬੇਕਸੂਰ ਮੰਨੇ ਜਾਂਦੇ ਹਨ।

# ਗਿਆਨੀ ਹਰਪ੍ਰੀਤ ਸਿੰਘ ਇੰਗਲੈਂਡ ਦੇ ਦੋ ਦਿਨਾਂ ਦੌਰੇ ’ਤੇ ਪਹੁੰਚੇ



**ਲੰਡਨ, 13 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਾਬਕਾ ਜਥੇਦਾਰ ਅਤੇ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਦੇ ਪ੍ਰਧਾਨ ਗਿਆਨੀ ਹਰਪ੍ਰੀਤ ਸਿੰਘ ਇੰਗਲੈਂਡ ਦੇ ਦੋ ਦਿਨਾਂ ਨਿੱਜੀ ਦੌਰੇ ’ਤੇ ਪਹੁੰਚੇ। ਇਸ ਮੌਕੇ ਸਿੱਖ ਆਗੂਆਂ ਅਤੇ ਸੰਗਤ ਵੱਲੋਂ ਉਨ੍ਹਾਂ ਦਾ ਨਿੱਘਾ ਸਵਾਗਤ ਕੀਤਾ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV

ਗੱਲਬਾਤ ਕਰਦਿਆਂ ਗਿਆਨੀ ਹਰਪ੍ਰੀਤ ਸਿੰਘ ਨੇ ਕਿਹਾ ਕਿ ਉਨ੍ਹਾਂ ਦਾ ਇੰਗਲੈਂਡ ਦੌਰਾ ਨਿੱਜੀ ਹੈ ਅਤੇ ਇਸ ਦੌਰਾਨ ਉਹ ਕਿਸੇ ਵੀ ਤਰ੍ਹਾਂ ਦੀ ਰਾਜਸੀ ਗੱਲਬਾਤ ਨਹੀਂ ਕਰਨਗੇ। ਉਨ੍ਹਾਂ ਕਿਹਾ ਕਿ ਇਹ ਦੌਰਾ ਕਿਸੇ ਰਾਜਸੀ ਏਜੰਡੇ ਤਹਿਤ ਨਹੀਂ ਹੈ। ਉਨ੍ਹਾਂ ਸਿੱਖ ਸੰਗਤਾਂ ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਹਿਲੇ ਪ੍ਰਕਾਸ਼ ਪੁਰਬ ਦੀਆਂ ਵਧਾਈਆਂ ਵੀ ਦਿੱਤੀਆਂ ਅਤੇ ਸੰਗਤ ਨੂੰ ਗੁਰੂ ਸਾਹਿਬ ਦੇ ਦਰਸਾਏ ਮਾਰਗ ’ਤੇ ਚੱਲਣ ਦੀ ਪ੍ਰੇਰਣਾ ਦਿੱਤੀ। ਇਸ ਮੌਕੇ ਸ੍ਰੀ ਗੁਰੂ ਸਿੰਘ ਸਭਾ ਸਾਊਥਾਲ ਦੇ ਮੀਤ ਪ੍ਰਧਾਨ ਹਰਜੀਤ ਸਿੰਘ ਸਰਪੰਚ, ਪ੍ਰਮਜੀਤ ਸਿੰਘ ਧਾਲੀਵਾਲ, ਦਿਆ ਸਿੰਘ, ਹਰਜਿੰਦਰ ਸਿੰਘ, ਸੁਖਵਿੰਦਰ ਸਿੰਘ, ਜਸਵਿੰਦਰ ਸਿੰਘ, ਗੁਰਪਾਲ ਸਿੰਘ ਸਮੇਤ ਕਈ ਸਿੱਖ ਆਗੂ ਹਾਜ਼ਰ ਸਨ। ਹਰਜੀਤ ਸਿੰਘ ਸਰਪੰਚ ਨੇ ਕਿਹਾ ਕਿ ਸਿੱਖ ਕੌਮ ਅਤੇ ਪੰਜਾਬ ਦੀ ਮੌਜੂਦਾ ਸਥਿਤੀ ਨੂੰ ਦੇਖਦਿਆਂ ਵਿਦੇਸ਼ਾਂ ਵਿੱਚ ਵੱਸਦੇ ਸਿੱਖਾਂ ਨੂੰ ਗਿਆਨੀ ਹਰਪ੍ਰੀਤ ਸਿੰਘ ਅਤੇ ਉਨ੍ਹਾਂ ਦੇ ਸਾਥੀਆਂ ਤੋਂ ਵੱਡੀਆਂ ਆਸਾਂ ਹਨ। ਉਨ੍ਹਾਂ ਕਿਹਾ ਕਿ ਵਿਦੇਸ਼ਾਂ ਵਿੱਚ ਵੱਸਦੀ ਸਿੱਖ ਸੰਗਤ ਪੰਜਾਬ ਅਤੇ ਪੰਥ ਦੀ ਚੜ੍ਹਦੀ ਕਲਾ ਦੀ ਕਾਮਨਾ ਕਰਦੀ ਹੈ।

# ਬਰਤਾਨਵੀ ਸੰਸਦ ਨੇ ‘ਸਹਾਇਕ ਮੌਤ ਬਿੱਲ’ ਕੀਤਾ ਰੱਦ

## 286 ਸੰਸਦ ਮੈਂਬਰਾਂ ਨੇ ਵਿਰੋਧ ਵਿੱਚ, 270 ਨੇ ਹੱਕ ਵਿੱਚ ਪਾਈ ਵੋਟ; 16 ਵੋਟਾਂ ਨਾਲ ਡਿੱਗਿਆ ਬਿੱਲ



**ਲੰਡਨ, 13 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਇੰਗਲੈਂਡ ਅਤੇ ਵੇਲਜ਼ ਵਿੱਚ ਗੰਭੀਰ ਤੌਰ ’ਤੇ ਬਿਮਾਰ ਅਤੇ ਜੀਵਨ ਦੇ ਆਖ਼ਰੀ ਪੜਾਅ ’ਤੇ ਪਹੁੰਚ ਚੁੱਕੇ ਬਾਲਗਾਂ ਨੂੰ ਡਾਕਟਰੀ ਸਹਾਇਤਾ ਰਾਹੀਂ ਜੀਵਨ ਸਮਾਪਤ ਕਰਨ ਦੀ ਇਜਾਜ਼ਤ ਦੇਣ ਸਬੰਧੀ ਲਿਆਂਦਾ ਗਿਆ ‘ਅਸਿਸਟਡ ਡਾਈਂਗ ਬਿੱਲ’ ਬਰਤਾਨਵੀ ਸੰਸਦ ਦੇ ਹਾਊਸ ਆਫ ਕਾਮਨਜ਼ ਵਿੱਚ ਰੱਦ ਹੋ ਗਿਆ ਹੈ। ਸ਼ੁੱਕਰਵਾਰ, 11 ਸਤੰਬਰ ਨੂੰ ਹੋਈ ਵੋਟਿੰਗ ਦੌਰਾਨ 286 ਸੰਸਦ ਮੈਂਬਰਾਂ ਨੇ ਬਿੱਲ ਦੇ ਵਿਰੋਧ ਵਿੱਚ, ਜਦਕਿ 270 ਮੈਂਬਰਾਂ ਨੇ ਇਸ ਦੇ ਹੱਕ ਵਿੱਚ ਵੋਟ ਪਾਈ। ਇਸ ਤਰ੍ਹਾਂ ਬਿੱਲ 16 ਵੋਟਾਂ ਦੇ ਫ਼ਰਕ ਨਾਲ ਡਿੱਗ ਗਿਆ।

ਇਹ ਬਿੱਲ ਇੰਗਲੈਂਡ ਅਤੇ ਵੇਲਜ਼ ਵਿੱਚ ਉਨ੍ਹਾਂ ਗੰਭੀਰ ਬਿਮਾਰ ਬਾਲਗਾਂ ਨੂੰ ਆਪਣੇ ਜੀਵਨ ਦੇ ਅੰਤ ਬਾਰੇ ਕਾਨੂੰਨੀ ਤੌਰ ’ਤੇ ਫ਼ੈਸਲਾ ਕਰਨ ਦਾ ਵਿਕਲਪ ਦੇਣ ਨਾਲ ਸਬੰਧਤ ਸੀ, ਜਿਨ੍ਹਾਂ ਦੀ ਬਿਮਾਰੀ ਲਾਇਲਾਜ ਹੋਵੇ ਅਤੇ ਜੋ ਜੀਵਨ ਦੇ ਆਖ਼ਰੀ ਪੜਾਅ ’ਤੇ ਪਹੁੰਚ ਚੁੱਕੇ ਹੋਣ। ਪ੍ਰਸਤਾਵਿਤ ਕਾਨੂੰਨ ਤਹਿਤ ਯੋਗਤਾ ਪੂਰੀ ਕਰਨ ਵਾਲੇ ਮਰੀਜ਼ਾਂ ਨੂੰ ਨਿਰਧਾਰਤ ਕਾਨੂੰਨੀ ਅਤੇ ਡਾਕਟਰੀ ਪ੍ਰਕਿਰਿਆਵਾਂ ਦੀ ਪਾਲਣਾ ਕਰਦਿਆਂ ਜੀਵਨ ਸਮਾਪਤ ਕਰਨ ਲਈ ਡਾਕਟਰੀ ਸਹਾਇਤਾ ਮੁਹੱਈਆ ਕਰਵਾਉਣ ਦੀ ਵਿਵਸਥਾ ਕੀਤੀ ਜਾਣੀ ਸੀ।

ਆਵਾਜ਼ਿ ਕੌਮ AWAZE QAUM International Newspaper & WEB TV

ਬਿੱਲ ਦੇ ਹੱਕ ਵਿੱਚ ਦਲੀਲ ਦੇਣ ਵਾਲੇ ਸੰਸਦ ਮੈਂਬਰਾਂ ਅਤੇ ਇਸ ਦੇ ਸਮਰਥਕਾਂ ਦਾ ਕਹਿਣਾ ਸੀ ਕਿ ਗੰਭੀਰ ਅਤੇ ਲਾਇਲਾਜ ਬਿਮਾਰੀ ਕਾਰਨ ਜੀਵਨ ਦੇ ਆਖ਼ਰੀ ਦਿਨ ਬੇਹੱਦ ਤਕਲੀਫ਼ ਵਿੱਚ ਗੁਜ਼ਾਰ ਰਹੇ ਲੋਕਾਂ ਨੂੰ ਆਪਣੀ ਜ਼ਿੰਦਗੀ ਦੇ ਅੰਤ ਬਾਰੇ ਖ਼ੁਦ ਫ਼ੈਸਲਾ ਕਰਨ ਦਾ ਅਧਿਕਾਰ ਮਿਲਣਾ ਚਾਹੀਦਾ ਹੈ। ਸਮਰਥਕਾਂ ਨੇ ਇਸ ਮਾਮਲੇ ਨੂੰ ਮਰੀਜ਼ਾਂ ਦੀ ਖ਼ੁਦਮੁਖ਼ਿਤਆਰੀ, ਮਰਿਆਦਾ ਅਤੇ ਆਪਣੀ ਇੱਛਾ ਅਨੁਸਾਰ ਜੀਵਨ ਦੇ ਆਖ਼ਰੀ ਪੜਾਅ ਬਾਰੇ ਫ਼ੈਸਲਾ ਕਰਨ ਦੇ ਅਧਿਕਾਰ ਨਾਲ ਜੋੜਿਆ।

ਦੂਜੇ ਪਾਸੇ, ਬਿੱਲ ਦਾ ਵਿਰੋਧ ਕਰਨ ਵਾਲੇ ਸੰਸਦ ਮੈਂਬਰਾਂ ਨੇ ਮਰੀਜ਼ਾਂ ਦੀ ਸੁਰੱਖਿਆ, ਕਮਜ਼ੋਰ ਅਤੇ ਬਜ਼ੁਰਗ ਲੋਕਾਂ ’ਤੇ ਪੈ ਸਕਣ ਵਾਲੇ ਸੰਭਾਵਿਤ ਦਬਾਅ, ਡਾਕਟਰੀ ਪੇਸ਼ੇ ਦੀ ਭੂਮਿਕਾ ਅਤੇ ਕਾਨੂੰਨ ਦੇ ਸੰਭਾਵਿਤ ਦੁਰਉਪਯੋਗ ਸਬੰਧੀ ਚਿੰਤਾਵਾਂ ਜ਼ਾਹਰ ਕੀਤੀਆਂ। ਵਿਰੋਧੀਆਂ ਦਾ ਤਰਕ ਸੀ ਕਿ ਜੀਵਨ ਦੇ ਅੰਤ ਨਾਲ ਸਬੰਧਤ ਕਿਸੇ ਵੀ ਕਾਨੂੰਨ ਵਿੱਚ ਇਹ ਯਕੀਨੀ ਬਣਾਉਣਾ ਬੇਹੱਦ ਜ਼ਰੂਰੀ ਹੈ ਕਿ ਕੋਈ ਵੀ ਮਰੀਜ਼ ਪਰਿਵਾਰਕ, ਆਰਥਿਕ ਜਾਂ ਕਿਸੇ ਹੋਰ ਕਿਸਮ ਦੇ ਦਬਾਅ ਹੇਠ ਆ ਕੇ ਫ਼ੈਸਲਾ ਨਾ ਕਰੇ।

ਇਸ ਬਿੱਲ ਨੂੰ ਲੈ ਕੇ ਬਰਤਾਨੀਆ ਵਿੱਚ ਲੰਮੇ ਸਮੇਂ ਤੋਂ ਜਨਤਕ, ਸਿਆਸੀ, ਧਾਰਮਿਕ ਅਤੇ ਡਾਕਟਰੀ ਪੱਧਰ ’ਤੇ ਚਰਚਾ ਚੱਲ ਰਹੀ ਹੈ। ਇਸ ਮੁੱਦੇ ’ਤੇ ਸਮਾਜ ਵਿੱਚ ਵੀ ਵੱਖ-ਵੱਖ ਰਾਇਆਂ ਹਨ। ਇੱਕ ਪਾਸੇ ਸਮਰਥਕ ਇਸ ਨੂੰ ਗੰਭੀਰ ਬਿਮਾਰੀ ਨਾਲ ਜੂਝ ਰਹੇ ਮਰੀਜ਼ਾਂ ਲਈ ਚੋਣ ਅਤੇ ਮਰਿਆਦਾ ਦਾ ਮਾਮਲਾ ਦੱਸਦੇ ਹਨ, ਜਦਕਿ ਵਿਰੋਧੀ ਜੀਵਨ ਦੀ ਸੁਰੱਖਿਆ ਅਤੇ ਕਮਜ਼ੋਰ ਵਰਗਾਂ ਦੀ ਰੱਖਿਆ ਨੂੰ ਸਭ ਤੋਂ ਵੱਧ ਮਹੱਤਵ ਦੇਣ ਦੀ ਗੱਲ ਕਰਦੇ ਹਨ। ਸ਼ੁੱਕਰਵਾਰ ਦੀ ਵੋਟਿੰਗ ਤੋਂ ਬਾਅਦ ਇਸ ਬਿੱਲ ਨਾਲ ਸਬੰਧਤ ਸੰਸਦੀ ਪ੍ਰਕਿਰਿਆ ਨੂੰ ਵੱਡਾ ਝਟਕਾ ਲੱਗਾ ਹੈ। 270 ਦੇ ਮੁਕਾਬਲੇ 286 ਵੋਟਾਂ ਨਾਲ ਬਿੱਲ ਦਾ ਰੱਦ ਹੋਣਾ ਦਰਸਾਉਂਦਾ ਹੈ ਕਿ ਹਾਊਸ ਆਫ ਕਾਮਨਜ਼ ਵਿੱਚ ਇਸ ਮੁੱਦੇ ’ਤੇ ਸੰਸਦ ਮੈਂਬਰਾਂ ਵਿਚਕਾਰ ਡੂੰਘੀ ਵੰਡ ਬਣੀ ਹੋਈ ਹੈ। ਇਸ ਫ਼ੈਸਲੇ ਨਾਲ ਇੰਗਲੈਂਡ ਅਤੇ ਵੇਲਜ਼ ਵਿੱਚ ਸਹਾਇਕ ਮੌਤ ਨੂੰ ਕਾਨੂੰਨੀ ਮਾਨਤਾ ਦੇਣ ਦੀਆਂ ਕੋਸ਼ਿਸ਼ਾਂ ਨੂੰ ਫ਼ਿਲਹਾਲ ਰੋਕ ਮਿਲ ਗਈ ਹੈ। ਹਾਲਾਂਕਿ, ਜੀਵਨ ਦੇ ਆਖ਼ਰੀ ਪੜਾਅ ’ਤੇ ਪਹੁੰਚੇ ਮਰੀਜ਼ਾਂ ਦੇ ਅਧਿਕਾਰਾਂ, ਉਨ੍ਹਾਂ ਦੀ ਮਰਿਆਦਾ ਅਤੇ ਡਾਕਟਰੀ ਸਹਾਇਤਾ ਰਾਹੀਂ ਜੀਵਨ ਸਮਾਪਤ ਕਰਨ ਦੇ ਮੁੱਦੇ ’ਤੇ ਬਹਿਸ ਜਾਰੀ ਰਹਿਣ ਦੀ ਸੰਭਾਵਨਾ ਹੈ।

ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਦੀ 83ਵੀਂ ਵਰ੍ਹੇਗੰਢ ਮੌਕੇ

# ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਨਮੁੱਖ ਅਰਦਾਸ ਸਮਾਗਮ ਹੋਇਆ

**• ਸਿੱਖ ਨੌਜਵਾਨੀ ਆਪਣੇ ਧਰਮ, ਵਿਰਸੇ ਅਤੇ ਪੰਜਾਬ ਦੀ ਹੋਂਦ ਦੀ ਰਾਖੀ ਲਈ ਇਕਜੁੱਟ ਹੋਵੇ" — ਭਾਈ ਮਨਜੀਤ ਸਿੰਘ • ਪੰਜਾਬ ਵਿੱਚ ਧਰਮ ਪਰਿਵਰਤਨ ਵਿਰੁੱਧ ਫੈਡਰੇਸ਼ਨ ਵੱਲੋਂ ਸੂਬਾ ਪੱਧਰੀ ਲਹਿਰ ਖੜ੍ਹੀ ਕੀਤੀ ਜਾਵੇਗੀ" — ਕਰਨੈਲ ਸਿੰਘ ਪੀਰ ਮੁਹੰਮਦ**











(ਹੋਰ ਤਸਵੀਰਾਂ ਅਗਲੇ ਪੰਨਿਆਂ 'ਤੇ)

**ਅੰਮ੍ਰਿਤਸਰ ਸਾਹਿਬ, 13 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਦੀ 83ਵੀਂ ਸਾਲਾਨਾ ਵਰ੍ਹੇਗੰਢ ਮੌਕੇ ਸ੍ਰੀ ਅਕਾਲ ਤਖ਼ਤ ਸਾਹਿਬ ਜੀ ਦੇ ਸਨਮੁੱਖ ਵਿਸ਼ੇਸ਼ ਸਮਾਗਮ ਕਰਵਾਇਆ ਗਿਆ। ਇਸ ਮੌਕੇ ਫੈਡਰੇਸ਼ਨ ਵੱਲੋਂ ਪੰਜਾਬ ਅੰਦਰ ਵਧ ਰਹੀਆਂ ਸਮਾਜਿਕ ਕੁਰੀਤੀਆਂ, ਨਸ਼ਿਆਂ ਦੀ ਮਾਰ ਅਤੇ ਧਰਮ ਪਰਿਵਰਤਨ ਦੀ ਚੁਣੌਤੀ ਵਿਰੁੱਧ ਨੌਜਵਾਨਾਂ ਨੂੰ ਜਾਗਰੂਕ ਅਤੇ ਲਾਮਬੰਦ ਕਰਨ ਲਈ ਪੁਰਅਮਨ ਮੁਹਿੰਮ ਚਲਾਉਣ ਦਾ ਅਹਿਦ ਲਿਆ ਗਿਆ।

ਫੈਡਰੇਸ਼ਨ ਦੇ ਸਰਪ੍ਰਸਤ ਅਤੇ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਦੇ ਸੀਨੀਅਰ ਮੀਤ ਪ੍ਰਧਾਨ ਕਰਨੈਲ ਸਿੰਘ ਪੀਰ ਮੁਹੰਮਦ ਅਤੇ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਦੇ ਪ੍ਰਧਾਨ ਭਾਈ ਕੰਵਰਚੜ੍ਹਤ ਸਿੰਘ ਨੇ ਕਿਹਾ ਕਿ ਪੰਜਾਬ ਦੀ ਨੌਜਵਾਨੀ ਨੂੰ ਦਰਪੇਸ਼ ਚੁਣੌਤੀਆਂ ਨੂੰ ਅਣਗੌਲਿਆ ਨਹੀਂ ਕੀਤਾ ਜਾ ਸਕਦਾ। ਉਨ੍ਹਾਂ ਕਿਹਾ ਕਿ ਫੈਡਰੇਸ਼ਨ ਵੱਲੋਂ ਪੰਜਾਬ ਦੇ ਪਿੰਡਾਂ ਅਤੇ ਸ਼ਹਿਰਾਂ ਵਿੱਚ ਜਾ ਕੇ ਨੌਜਵਾਨਾਂ ਨੂੰ ਸਿੱਖੀ, ਗੁਰੂ ਸਾਹਿਬਾਨ ਦੀਆਂ ਸਿੱਖਿਆਵਾਂ, ਸਿੱਖ ਇਤਿਹਾਸ ਅਤੇ ਆਪਣੇ ਸ਼ਾਨਾਮੱਤੇ ਵਿਰਸੇ ਨਾਲ ਜੋੜਨ ਲਈ ਜਾਗਰੂਕਤਾ ਮੁਹਿੰਮ ਚਲਾਈ ਜਾਵੇਗੀ।

"ਪੰਜਾਬ ਵਿੱਚ ਧਰਮ ਪਰਿਵਰਤਨ ਦੇ ਮਸਲੇ ਨੂੰ ਸਿਰਫ਼ ਸਿਆਸੀ ਮੁੱਦਾ ਬਣਾਉਣ ਦੀ ਬਜਾਏ ਇਸ ਦੇ ਸਮਾਜਿਕ ਕਾਰਨਾਂ ਨੂੰ ਸਮਝਣ ਦੀ ਲੋੜ ਹੈ। ਸਾਡਾ ਮਕਸਦ ਕਿਸੇ ਧਰਮ ਜਾਂ ਭਾਈਚਾਰੇ ਵਿਰੁੱਧ ਨਫ਼ਰਤ ਪੈਦਾ ਕਰਨਾ ਨਹੀਂ, ਸਗੋਂ ਸਿੱਖ ਨੌਜਵਾਨੀ ਨੂੰ ਆਪਣੇ ਧਰਮ, ਵਿਰਸੇ ਅਤੇ ਗੁਰੂ ਸਾਹਿਬਾਨ ਦੀਆਂ ਸਿੱਖਿਆਵਾਂ ਨਾਲ ਜੋੜ ਕੇ ਮਜ਼ਬੂਤ ਕਰਨਾ ਹੈ। ਫੈਡਰੇਸ਼ਨ ਇਸ ਮੁਹਿੰਮ ਨੂੰ ਪੂਰੀ ਤਰ੍ਹਾਂ ਪੁਰਅਮਨ, ਲੋਕਤੰਤਰਿਕ ਅਤੇ ਸੰਵਿਧਾਨਕ ਢੰਗ ਨਾਲ ਅੱਗੇ ਲੈ ਕੇ ਜਾਵੇਗੀ।"

ਆਵਾਜ਼ਿ ਕੌਮ AWAZE QAUM International Newspaper & WEB TV

ਸਾਬਕਾ ਫੈਡਰੇਸ਼ਨ ਪ੍ਰਧਾਨ ਭਾਈ ਮਨਜੀਤ ਸਿੰਘ ਨੇ ਕਿਹਾ ਕਿ ਪੰਜਾਬ ਦੀ ਨੌਜਵਾਨੀ ਅੱਜ ਨਸ਼ਿਆਂ, ਬੇਰੁਜ਼ਗਾਰੀ, ਵਿਦੇਸ਼ਾਂ ਵੱਲ ਹੋ ਰਹੇ ਵੱਡੇ ਪੱਧਰ ਦੇ ਪਰਵਾਸ ਅਤੇ ਸਮਾਜਿਕ ਨਿਰਾਸ਼ਾ ਵਰਗੀਆਂ ਚੁਣੌਤੀਆਂ ਨਾਲ ਜੂਝ ਰਹੀ ਹੈ। ਅਜਿਹੇ ਸਮੇਂ ਨੌਜਵਾਨਾਂ ਨੂੰ ਆਪਣੇ ਧਰਮ ਅਤੇ ਵਿਰਸੇ ਨਾਲ ਜੋੜਨਾ ਸਮੇਂ ਦੀ ਵੱਡੀ ਲੋੜ ਹੈ।

"ਸਿੱਖ ਨੌਜਵਾਨੀ ਨੂੰ ਆਪਣੀ ਪਛਾਣ, ਆਪਣੇ ਇਤਿਹਾਸ ਅਤੇ ਆਪਣੇ ਧਾਰਮਿਕ ਵਿਰਸੇ ਦੀ ਜਾਣਕਾਰੀ ਹੋਣੀ ਬਹੁਤ ਜ਼ਰੂਰੀ ਹੈ। ਜੇ ਨੌਜਵਾਨ ਆਪਣੇ ਗੁਰੂ ਸਾਹਿਬਾਨ ਦੀਆਂ ਸਿੱਖਿਆਵਾਂ ਨਾਲ ਜੁੜੇ ਰਹਿਣਗੇ ਤਾਂ ਉਹ ਨਸ਼ਿਆਂ ਅਤੇ ਹੋਰ ਸਮਾਜਿਕ ਬੁਰਾਈਆਂ ਤੋਂ ਵੀ ਬਚ ਸਕਣਗੇ। ਅਸੀਂ ਸਿੱਖ ਨੌਜਵਾਨੀ ਨੂੰ ਪੰਜਾਬ ਅਤੇ ਪੰਥ ਦੀ ਚੜ੍ਹਦੀ ਕਲਾ ਲਈ ਇਕਜੁੱਟ ਹੋਣ ਦਾ ਸੱਦਾ ਦਿੰਦੇ ਹਾਂ।"

ਇਸੇ ਤਰ੍ਹਾਂ ਭਾਈ ਕੰਵਰਚੜ੍ਹਤ ਸਿੰਘ ਨੇ ਕਿਹਾ ਕਿ ਫੈਡਰੇਸ਼ਨ ਵੱਲੋਂ ਨੌਜਵਾਨਾਂ ਨੂੰ ਨਾਲ ਲੈ ਕੇ ਪੰਜਾਬ ਦੇ ਹਰ ਪਿੰਡ ਅਤੇ ਸ਼ਹਿਰ ਤੱਕ ਪਹੁੰਚ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਨਸ਼ਿਆਂ, ਧਰਮ ਪਰਿਵਰਤਨ, ਬੇਰੁਜ਼ਗਾਰੀ ਅਤੇ ਹੋਰ ਸਮਾਜਿਕ ਚੁਣੌਤੀਆਂ ਦਾ ਮੁਕਾਬਲਾ ਜਾਗਰੂਕਤਾ ਅਤੇ ਸੰਗਠਿਤ ਸਮਾਜਿਕ ਯਤਨਾਂ ਰਾਹੀਂ ਕੀਤਾ ਜਾ ਸਕਦਾ ਹੈ।

"ਪੰਜਾਬ ਦੀ ਨੌਜਵਾਨੀ ਸਾਡੀ ਸਭ ਤੋਂ ਵੱਡੀ ਤਾਕਤ ਹੈ। ਨਸ਼ਿਆਂ ਅਤੇ ਧਰਮ ਪਰਿਵਰਤਨ ਵਰਗੀਆਂ ਚੁਣੌਤੀਆਂ ਦਾ ਟਾਕਰਾ ਕਰਨ ਲਈ ਫੈਡਰੇਸ਼ਨ ਨੌਜਵਾਨਾਂ ਨੂੰ ਲਾਮਬੰਦ ਕਰੇਗੀ ਅਤੇ ਉਨ੍ਹਾਂ ਨੂੰ ਆਪਣੇ ਧਰਮ, ਵਿਰਸੇ ਅਤੇ ਸਮਾਜ ਪ੍ਰਤੀ ਜ਼ਿੰਮੇਵਾਰੀ ਦਾ ਅਹਿਸਾਸ ਕਰਵਾਏਗੀ।" — ਭਾਈ ਕੰਵਰਚੜ੍ਹਤ ਸਿੰਘ

### ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਅਰਦਾਸ ਉਪਰੰਤ ਨੌਜਵਾਨਾਂ ਨੇ ਲਿਆ ਸਾਂਝਾ ਅਹਿਦ

ਫੈਡਰੇਸ਼ਨ ਦੀ 83ਵੀਂ ਸਾਲਾਨਾ ਵਰ੍ਹੇਗੰਢ ਮੌਕੇ ਸ੍ਰੀ ਅਕਾਲ ਤਖ਼ਤ ਸਾਹਿਬ ਜੀ ਦੇ ਸਨਮੁੱਖ ਵਿਸ਼ੇਸ਼ ਅਰਦਾਸ ਸਮਾਗਮ ਕਰਵਾਇਆ ਗਿਆ। ਇਸ ਮੌਕੇ ਭਾਈ ਤਜੇਸ਼ਵਰ ਪ੍ਰਤਾਪ ਸਿੰਘ ਗੋਬਿੰਦ ਵੱਲੋਂ ਸ੍ਰੀ ਅਕਾਲ ਤਖ਼ਤ ਸਾਹਿਬ ਜੀ ਦੇ ਸਨਮੁੱਖ ਅਰਦਾਸ ਕੀਤੀ ਗਈ। ਅਰਦਾਸ ਵਿੱਚ ਸਿੱਖ ਕੌਮ ਦੀ ਚੜ੍ਹਦੀ ਕਲਾ, ਪੰਥਕ ਏਕਤਾ, ਬੰਦੀ ਸਿੰਘਾਂ ਦੀ ਰਿਹਾਈ, ਪੰਜਾਬ ਵਿੱਚੋਂ ਨਸ਼ਿਆਂ ਦੀ ਮਾਰੂ ਅਲਾਮਤ ਦੇ ਖਾਤਮੇ, ਧਰਮ ਪਰਿਵਰਤਨ ਦੀ ਚੁਣੌਤੀ ਤੋਂ ਸਿੱਖ ਸਮਾਜ ਦੀ ਰਾਖੀ ਅਤੇ ਸਰਬੱਤ ਦੇ ਭਲੇ ਲਈ ਅਰਦਾਸ ਕੀਤੀ ਗਈ।

ਇਸ ਮੌਕੇ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਦੇ ਸਮੁੱਚੇ

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਦੀ 83ਵੀਂ ਵਰ੍ਹੇਗੰਢ ਮੌਕੇ

# ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਨਮੁੱਖ ਅਰਦਾਸ ਸਮਾਗਮ ਹੋਇਆ

**"ਨਸ਼ਿਆਂ ਅਤੇ ਸਿੱਖ ਵਿਰੋਧੀ ਪ੍ਰਚਾਰ ਵਰਗੀਆਂ ਚੁਣੌਤੀਆਂ ਦਾ ਟਾਕਰਾ ਕਰਨ ਲਈ ਅਤੇ ਨੌਜਵਾਨੀ ਨੂੰ ਆਪਣੇ ਇਤਿਹਾਸ ਅਤੇ ਧਰਮ ਪ੍ਰਤੀ ਸੁਚੇਤ ਕਰਨ ਲਈ ਫੈਡਰੇਸ਼ਨ ਯਤਨਸ਼ੀਲ ਰਹੇਗੀ" — ਭਾਈ ਕੰਵਰਚੜ੍ਹਤ ਸਿੰਘ**













ਨੌਜਵਾਨਾਂ, ਅਹੁਦੇਦਾਰਾਂ ਅਤੇ ਆਗੂਆਂ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਜੀ ਨੂੰ ਸਾਕਸ਼ੀ ਮੰਨਦਿਆਂ ਸਾਂਝਾ ਅਹਿਦ ਲਿਆ ਕਿ ਉਹ ਪੁਰਅਮਨ ਅਤੇ ਸੰਵਿਧਾਨਕ ਢੰਗ ਨਾਲ ਪੰਜਾਬ ਅੰਦਰ ਸਮਾਜਿਕ ਬੁਰਾਈਆਂ ਵਿਰੁੱਧ ਆਪਣੀ ਮੁਹਿੰਮ ਲਗਾਤਾਰ ਜਾਰੀ ਰੱਖਣਗੇ।

ਫੈਡਰੇਸ਼ਨ ਦੇ ਨੌਜਵਾਨਾਂ ਨੇ ਅਹਿਦ ਲਿਆ ਕਿ ਕੁਰੀਤੀਆਂ ਵਿਰੁੱਧ, ਧਰਮ ਪਰਿਵਰਤਨ ਵਿਰੁੱਧ ਅਤੇ ਨਸ਼ਿਆਂ ਵਿਰੁੱਧ ਜਾਗਰੂਕਤਾ ਦੀ ਮੁਹਿੰਮ ਨੂੰ ਪੂਰੀ ਦ੍ਰਿੜ੍ਹਤਾ ਨਾਲ ਅੱਗੇ ਵਧਾਇਆ ਜਾਵੇਗਾ। ਇਸ ਦੇ ਨਾਲ ਹੀ ਨੌਜਵਾਨਾਂ ਨੂੰ ਸਿੱਖੀ, ਗੁਰੂ ਸਾਹਿਬਾਨ ਦੀਆਂ ਸਿੱਖਿਆਵਾਂ, ਸਿੱਖ ਇਤਿਹਾਸ ਅਤੇ ਆਪਣੇ ਸ਼ਾਨਾਮੱਤੇ ਵਿਰਸੇ ਨਾਲ ਜੋੜਨ ਲਈ ਪਿੰਡ-ਪਿੰਡ ਅਤੇ ਸ਼ਹਿਰ-ਸ਼ਹਿਰ ਸੰਪਰਕ ਮੁਹਿੰਮ ਚਲਾਈ ਜਾਵੇਗੀ।

ਫੈਡਰੇਸ਼ਨ ਆਗੂਆਂ ਨੇ ਸਪੱਸ਼ਟ ਕੀਤਾ ਕਿ ਇਹ ਮੁਹਿੰਮ ਪੂਰੀ ਤਰ੍ਹਾਂ ਪੁਰਅਮਨ, ਲੋਕਤੰਤਰਿਕ ਅਤੇ ਸੰਵਿਧਾਨਕ ਢੰਗ ਨਾਲ ਚਲਾਈ ਜਾਵੇਗੀ ਅਤੇ ਇਸ ਦਾ ਮਕਸਦ ਕਿਸੇ ਧਰਮ ਜਾਂ ਭਾਈਚਾਰੇ ਵਿਰੁੱਧ ਨਫ਼ਰਤ ਪੈਦਾ ਕਰਨਾ ਨਹੀਂ, ਸਗੋਂ ਪੰਜਾਬ ਦੀ ਨੌਜਵਾਨੀ ਨੂੰ ਸਮਾਜਿਕ ਬੁਰਾਈਆਂ ਤੋਂ ਬਚਾਉਣਾ ਅਤੇ ਆਪਣੇ ਧਰਮ, ਵਿਰਸੇ ਅਤੇ ਪੰਜਾਬ ਦੀਆਂ ਕਦਰਾਂ-ਕੀਮਤਾਂ ਨਾਲ ਜੋੜਨਾ ਹੈ।

83 ਸਾਲਾਂ ਦੀ ਇਤਿਹਾਸਕ ਵਿਰਾਸਤ

ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਦੀ ਸਥਾਪਨਾ 13 ਸਤੰਬਰ 1943 ਨੂੰ ਮੋਂਟਗੋਮਰੀ ਕਾਲਜ, ਲਾਹੌਰ ਵਿਖੇ 13 ਸਿੱਖ ਨੌਜਵਾਨਾਂ ਵੱਲੋਂ ਕੀਤੀ ਗਈ ਸੀ। ਫੈਡਰੇਸ਼ਨ ਨੇ ਆਪਣੇ ਲੰਮੇ ਇਤਿਹਾਸ ਦੌਰਾਨ ਸਿੱਖ ਨੌਜਵਾਨੀ ਨੂੰ ਜਥੇਬੰਦ ਕਰਨ, ਆਜ਼ਾਦੀ ਦੀ ਲਹਿਰ ਵਿੱਚ ਯੋਗਦਾਨ ਪਾਉਣ ਅਤੇ ਪੰਜਾਬ ਤੇ ਸਿੱਖ ਪੰਥ ਨਾਲ ਸਬੰਧਤ ਵੱਖ-ਵੱਖ ਮੁੱਦਿਆਂ ਨੂੰ ਉਭਾਰਨ ਵਿੱਚ ਆਪਣੀ ਭੂਮਿਕਾ ਨਿਭਾਈ।

ਆਵਾਜ਼ਿ ਕੌਮ AWAZE QAUM International Newspaper & WEB TV

ਫੈਡਰੇਸ਼ਨ ਦੇ ਇਤਿਹਾਸ ਵਿੱਚ ਭਾਈ ਅਮਰੀਕ ਸਿੰਘ ਸਮੇਤ ਅਨੇਕਾਂ ਨੌਜਵਾਨਾਂ ਨੇ ਕੌਮ ਅਤੇ ਪੰਜਾਬ ਲਈ ਕੁਰਬਾਨੀਆਂ ਦਿੱਤੀਆਂ। ਨਵੰਬਰ 1984 ਦੇ ਸਿੱਖ ਕਤਲੇਆਮ ਦੇ ਪੀੜਤਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਨੂੰ ਇਨਸਾਫ਼ ਦਿਵਾਉਣ ਲਈ ਵੀ ਫੈਡਰੇਸ਼ਨ ਵੱਲੋਂ ਆਵਾਜ਼ ਬੁਲੰਦ ਕੀਤੀ ਜਾਂਦੀ ਰਹੀ ਹੈ।

ਫੈਡਰੇਸ਼ਨ ਨੇ ਸਮੇਂ-ਸਮੇਂ 'ਤੇ ਸਿੱਖ ਮਸਲਿਆਂ ਦੇ ਨਾਲ-ਨਾਲ ਮਨੁੱਖੀ ਹੱਕਾਂ, ਮਨੁੱਖੀ ਭਲਾਈ ਅਤੇ ਭਾਈਚਾਰਕ ਸਾਂਝ ਦੇ ਮੁੱਦਿਆਂ ਨੂੰ ਵੀ ਉਠਾਇਆ ਹੈ। ਆਗੂਆਂ ਨੇ ਕਿਹਾ ਕਿ ਅੱਜ ਵੀ ਫੈਡਰੇਸ਼ਨ ਦਾ ਮੁੱਖ ਉਦੇਸ਼ ਨੌਜਵਾਨੀ ਨੂੰ ਉਸਾਰੂ ਦਿਸ਼ਾ ਦੇਣਾ ਅਤੇ ਪੰਜਾਬ ਦੇ ਭਵਿੱਖ ਨੂੰ ਮਜ਼ਬੂਤ ਕਰਨਾ ਹੈ।

**ਪੰਥਕ ਮੁੱਦਿਆਂ ਦਾ ਹੱਲ ਗੱਲਬਾਤ ਰਾਹੀਂ ਹੋਵੇ-**ਫੈਡਰੇਸ਼ਨ ਆਗੂਆਂ ਨੇ ਕਿਹਾ ਕਿ ਪੰਜਾਬ ਅਤੇ ਸਿੱਖ ਪੰਥ ਨਾਲ ਸਬੰਧਤ ਗੰਭੀਰ ਮੁੱਦਿਆਂ ਦਾ ਹੱਲ ਟਕਰਾਅ ਦੀ ਬਜਾਏ ਗੱਲਬਾਤ, ਲੋਕਤੰਤਰਿਕ ਪ੍ਰਕਿਰਿਆ ਅਤੇ ਸੰਵਿਧਾਨਕ ਢੰਗ ਨਾਲ ਕੱਢਿਆ ਜਾਣਾ ਚਾਹੀਦਾ ਹੈ। ਕੇਂਦਰ ਸਰਕਾਰ ਅਤੇ ਪੰਜਾਬ ਨਾਲ ਸਬੰਧਤ ਧਿਰਾਂ ਨੂੰ ਵੀ ਪੰਥਕ ਮਸਲਿਆਂ ਦੇ ਹੱਲ ਲਈ ਮੇਜ਼ 'ਤੇ ਬੈਠ ਕੇ ਸੰਵਾਦ ਦਾ ਰਸਤਾ ਅਪਣਾਉਣਾ ਚਾਹੀਦਾ ਹੈ। ਫੈਡਰੇਸ਼ਨ ਨੇ ਕਿਹਾ ਕਿ ਨੌਜਵਾਨੀ ਨੂੰ ਨਸ਼ਿਆਂ ਤੋਂ ਬਚਾਉਣਾ, ਸਿੱਖੀ ਨਾਲ ਜੋੜਨਾ, ਸਮਾਜਿਕ ਕੁਰੀਤੀਆਂ ਵਿਰੁੱਧ ਜਾਗਰੂਕ ਕਰਨਾ ਅਤੇ ਪੰਜਾਬ ਦੇ ਹੱਕਾਂ ਤੇ ਹਿੱਤਾਂ ਲਈ ਸੰਵਿਧਾਨਕ ਢੰਗ ਨਾਲ ਆਵਾਜ਼ ਬੁਲੰਦ ਕਰਨਾ ਸਮੇਂ ਦੀ ਵੱਡੀ ਲੋੜ ਹੈ।

**ਸਮਾਗਮ ਵਿੱਚ ਵੱਡੀ ਗਿਣਤੀ ਵਿੱਚ ਆਗੂ ਤੇ ਵਰਕਰ ਹੋਏ ਸ਼ਾਮਲ-** ਇਸ ਮੌਕੇ ਡਾ. ਭਗਵਾਨ ਸਿੰਘ, ਸਰਦਾਰ ਮਨਜੀਤ ਸਿੰਘ ਮੋਹਾਲੀ, ਇਕਬਾਲ ਸਿੰਘ ਤੁੰਗ, ਡਾ. ਕਾਰਜ ਸਿੰਘ ਧਰਮਸਿੰਘਵਾਲਾ, ਸ ਜੈਮਲ ਸਿੰਘ ਕਲਸੀਆਂ, ਰਣਜੋਧ ਸਿੰਘ (ਪ੍ਰਧਾਨ ਖਾਲਸਾ ਕਾਲਜ ਯੂਨਿਟ), ਅਮਨਦੀਪ ਸਿੰਘ, ਹਰਪਾਲ ਸਿੰਘ, ਸੁਰਿੰਦਰ ਸਿੰਘ ਉਦੋਕੇ, ਮਨਿੰਦਰਪਾਲ ਸਿੰਘ ਘੁੰਮਣ ਬਲਜਿੰਦਰ ਸਿੰਘ ਗਿੱਲ ਗਗਨਦੀਪ ਸਿੰਘ ਰਿਆੜ ਸਰਦਾਰ ਗੁਰਮੁੱਖ ਸਿੰਘ ਸੰਧੂ, ਭਾਈ ਦਵਿੰਦਰ ਸਿੰਘ ਸੰਤ ਸਿਪਾਹੀ ਭਾਈ ਪਰਮਜੀਤ ਸਿੰਘ ਤਨੇਲ , ਅਮਨਜੋਤ ਸਿੰਘ, ਗੁਰਚਰਨ ਸਿੰਘ ਸੂਬੇਦਾਰ, ਦਵਿੰਦਰ ਸਿੰਘ ਸੰਤ ਸਿਪਾਹੀ, ਬਾਬਾ ਸੁਖਦੇਵ ਸਿੰਘ ਭੂਰਾ, ਹਰਪਾਲ ਸਿੰਘ ਮਾਹਨੇਕੇ, ਮਿਹਰ ਸਿੰਘ ਕਲੰਜਰ, ਸਰਦਾਰ ਹਰਦੀਪ ਸਿੰਘ ਬਾਠ ਖਰੜ,ਸਰਦਾਰ ਹਰਪਿੰਦਰ ਸਿੰਘ ਸੰਧੂ, ਜੱਸ ਸਿੰਘ ਭੂਰਾ, ਸਰਦਾਰ ਮਧੂਪਾਲ ਸਿੰਘ ਗੋਗਾ, ਸਰਦਾਰ ਪ੍ਰਭਜੋਤ ਸਿੰਘ ਫਰੀਦਕੋਟ, ਕੁਲਦੀਪ ਸਿੰਘ ਕੰਬੋਕੇ, ਅਮਰਤੇਸ਼ਵਰ ਸਿੰਘ (ਜੀ ਐੱਨ ਡੀ ਯੂ), ਤੇਜਿੰਦਰ ਸਿੰਘ, ਸਰਦਾਰ ਅਜੀਤ ਸਿੰਘ ਸਮੇਤ ਅਨੇਕਾਂ ਫੈਡਰੇਸ਼ਨ ਆਗੂ ਅਤੇ ਵਰਕਰ ਹਾਜ਼ਰ ਸਨ।

ਫੈਡਰੇਸ਼ਨ ਆਗੂਆਂ ਨੇ ਦੁਨੀਆ ਭਰ ਵਿੱਚ ਵੱਸਦੀ ਸਿੱਖ ਨੌਜਵਾਨੀ ਨੂੰ ਅਪੀਲ ਕੀਤੀ ਕਿ ਉਹ ਸਿੱਖੀ, ਪੰਜਾਬ, ਆਪਣੇ ਵਿਰਸੇ ਅਤੇ ਸਮਾਜ ਦੀ ਚੜ੍ਹਦੀ ਕਲਾ ਲਈ ਉਸਾਰੂ ਭੂਮਿਕਾ ਨਿਭਾਉਣ ਅਤੇ ਸਮਾਜਿਕ ਬੁਰਾਈਆਂ ਵਿਰੁੱਧ ਚਲਾਈ ਜਾਣ ਵਾਲੀ ਪੁਰਅਮਨ ਜਾਗਰੂਕਤਾ ਮੁਹਿੰਮ ਦਾ ਹਿੱਸਾ ਬਣਨ। ••

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਧੰਨੁ-ਧੰਨੁ ਰਾਮਦਾਸ ਗੁਰੁ ਜਿਨਿ ਸਿਰਿਆ ਤਿਨੈ ਸਵਾਰਿਆ ।।

## ਜੋਤੀ ਜੋਤ ਦਿਵਸ ’ਤੇ ਵਿਸ਼ੇਸ਼



**ਸਾਹਿਬ** ਸ੍ਰੀ ਗੁਰੂ ਰਾਮਦਾਸ ਪਾਤਸ਼ਾਹ ਜੀ ਨੇ 24 ਸਤੰਬਰ 1534 (25 ਅੱਸੂ 1591) ਨੂੰ ਪਿਤਾ ਸ੍ਰੀ ਹਰੀਦਾਸ ਜੀ ਤੇ ਮਾਤਾ ਦਯਾ ਕੌਰ( ਬੀਬੀ ਅਨੂਪੀ) ਜੀ ਦੇ ਗ੍ਰਹਿ ਚੂਨਾ ਮੰਡੀ, ਲਾਹੌਰ ਪਾਕਿਸਤਾਨ ਵਿੱਚ ਅਵਤਾਰ ਧਾਰਿਆ। ਆਪ ਦੇ ਦਾਦਾ ਬਾਬਾ ਠਾਕਰ ਦਾਸ ਜੀ ਸਨ।ਆਪ ਜੀ ਦੇ ਪਿਤਾ ਹਰੀਦਾਸ ਦੁਕਾਨਦਾਰੀ ਕਰਦੇ ਸਨ।ਆਪ ਦਾ ਨਾਂ ਰਾਮਦਾਸ ਰੱਖਿਆ ਗਿਆ।ਸਮਾਜ ਵਿੱਚ ਵੱਡੇ ਬੱਚੇ ਨੂੰ ਜੇਠਾ ਵੀ ਕਿਹਾ ਜਾਂਦਾ ਹੈ।

ਆਪ ਦਾ ਨਾਂ ਵੀ ਜੇਠਾ ਹੀ ਪੈ ਗਿਆ। ਆਪ ਦੀ ਮਾਤਾ ਦਯਾ ਕੌਰ( ਬੀਬੀ ਅਨੂਪੀ) ਜੀ ਬੜੀ ਨੇਕ ਦਿਲ ਇਸਤਰੀ ਸਨ। 1541 ਨੂੰ ਆਪਦੀ ਮਾਤਾ ਦਯਾ ਕੌਰ( ਬੀਬੀ ਅਨੂਪੀ) ਰੱਬ ਨੂੰ ਪਿਆਰੇ ਹੋ ਗਏ। ਕੁੱਝ ਕੁ ਮਹੀਨਿਆਂ ਬਾਅਦ ਹੀ ਆਪ ਦੇ ਪਿਤਾ ਹਰੀਦਾਸ ਵੀ ਅਕਾਲ ਪੁਰਖ ਦੇ ਚਰਨਾਂ ਵਿੱਚ ਜਾ ਬਿਰਾਜੇ। ਉਸ ਸਮੇਂ ਆਪ ਦੀ ਉਮਰ ਸੱਤ ਸਾਲ ਦੀ ਸੀ। ਆਪ ਬਾਲਕ ਅਵਸਥਾ ਵਿੱਚ ਹੀ ਯਤੀਮ ਹੋ ਗਏ। ਆਪ ਤੋਂ ਦੋ ਸਾਲ ਛੋਟੇ ਭਰਾ ਦਾ ਨਾਂ ਹਰਿਦਿਆਲ ਸੀ। ਆਪ ਦੀ ਸਭ ਤੋਂ ਛੋਟੀ ਭੈਣ, ਜਿਸ ਦਾ ਨਾਂ ਰਾਮਦਾਸੀ ਸੀ। ਹੋਰ ਕੋਈ ਘਰ ਵਿੱਚ ਸਿਆਣਾ ਨਹੀ ਸੀ, ਜੋ ਆਪ ਦਾ ਪਾਲਣ -ਪੋਸ਼ਣ ਕਰਦਾ। ਸੋ ਆਂਢ-ਗੁਆਂਢ ਨੇ ਆਪ ਦੀ ਨਾਨੀ ਨੂੰ ਸੁਨੇਹਾ ਭੇਜ ਦਿੱਤਾ ਤੇ ਆਪ ਦੀ ਨਾਨੀ ਆਪ ਨੂੰ ਲਾਹੌਰ ਤੋਂ ਪਿੰਡ ਬਾਸਰਕੇ ਗਿੱਲਾਂ ਲੈ ਆਈ।ਆਪ ਦੀ ਨਾਨੀ ਬਹੁਤ ਬਿਰਧ ਸੀ। ਸਾਰਾ ਆਂਢ-ਗੁਆਂਢ ਆਪ ਦੀ ਨਾਨੀ ਨਾਲ ਹਿਰਖ ਕਰਨ ਆਇਆ ਤਾਂ ਭਾਈ ਅਮਰਦਾਸ ਜੀ ਵੀ ਪਿੰਡ ਬਾਸਰਕੇ ਦੇ ਵਸਨੀਕ ਸਨ।

ਉਸ ਸਮੇਂ ਭਾਈ ਅਮਰਦਾਸ ਜੀ ਦੀ ਉਮਰ 62 ਸਾਲ ਸੀ ਤੇ ਆਪ ਗੁਰੂ ਅੰਗਦ ਦੇਵ ਜੀ ਦੇ ਸਿੱਖ ਸ਼ਰਧਾਲੂ ਸਨ, ਸੋ ਭਾਈ ਅਮਰਦਾਸ ਵੀ ਆਪ ਦੀ ਨਾਨੀ ਕੋਲ ਹਿਰਖ ਕਰਨ ਲਈ ਪਹੁੰਚੇ। ਆਪ ਨੂੰ ਆਪਣੇ ਪਰਿਵਾਰ ਦਾ ਪਾਲਣ-ਪੋਸ਼ਣ ਕਰਨ ਲਈ ਘੁੰਗਣੀਆਂ ਵੇਚਣ ਦਾ ਕੰਮ ਵੀ ਕਰਨਾ ਪਿਆ। 1546 ਵਿੱਚ ਭਾਈ ਜੇਠਾ ਗੋਇੰਦਵਾਲ ਸਾਹਬ ਆ ਗਏ। ਇੱਥੇ ਆਪ ਲੰਗਰ ਦੀ ਸੇਵਾ ਕਰਦੇ ਸਨ, ਪਰ ਆਪਣਾ ਨਿਰਬਾਹ ਘੁੰਗਣੀਆ ਵੇਚ ਕੇ ਹੀ ਕਰਦੇ ਸਨ। ਗੁਰੂ ਘਰ ਵਿੱਚ ਆਪ ਨੇ ਧਾਰਮਿਕ ਵਿਚਾਰ ਸੁਣੇ। ਆਪ 12 ਸਾਲ ਤੱਕ ਗੁਰੂ ਘਰ ਦੀ ਸੇਵਾ ਕਰਦੇ ਰਹੇ। ਗੁਰੂ ਜੀ ਨੇ ਆਪ ਦੀ ਨੇਕ ਨੀਤੀ, ਸੇਵਾ-ਭਾਵ, ਨਿਰਮਾਣਤਾ ਅਤੇ ਸੁਭਾਉ ਨੂੰ ਬਹੁਤ ਨੇੜਿਉ ਤੱਕਿਆ ਤੇ ਗੁਰੂ ਜੀ ਆਪ ਤੋਂ ਬਹੁਤ ਖੁਸ਼ ਹੋਏ। 1552 ਨੂੰ ਗੁਰੂ ਅੰਗਦ ਦੇਵ ਜੀ ਨੇ ਗੁਰਤਾਗੱਦੀ ਭਾਈ ਅਮਰਦਾਸ ਜੀ ਨੂੰ ਸੌਂਪ ਕੇ ਗੁਰੂ ਅਮਰਦਾਸ ਬਣਾ ਦਿੱਤਾ।

ਗੁਰੂ ਅਮਰਦਾਸ ਜੀ ਦੀ ਛੋਟੀ ਸਪੁੱਤਰੀ ਬੀਬੀ ਭਾਨੀ ਜੀ ਲਈ, ਵਰ ਲੱਭਣ ਦੀ ਗੱਲ ਚੱਲੀ। ਗੁਰੂ ਅਮਰਦਾਸ ਜੀ ਨੇ ਆਪਣੀ ਸੁਪਤਨੀ ਬੀਬੀ ਮਨਸਾ ਦੇਵੀ ਜੀ ਨੂੰ ਪੁੱਛਿਆਂ ਕਿ ਕਿਹੋ ਜਿਹਾ ਵਰ ਹੋਣਾ ਚਾਹੀਦਾ ਹੈ, ਤਾਂ ਉਸ ਸਮੇਂ ਭਾਈ ਜੇਠਾ ਜੀ ਪਰਾਤ ਵਿੱਚ ਪਾ ਕੇ ਘੁੰਗਣੀਆਂ ਵੇਚ ਰਹੇ ਸਨ ਤਾਂ ਬੀਬੀ ਜੀ ਨੇ ਭਾਈ ਜੇਠਾ ਜੀ ਵੱਲ ਵੇਖ ਕੇ ਕਿਹਾ ਕਿ ਐਸਾ ਵਰ ਹੋਣਾ ਚਾਹੀਦਾ ਹੈ ਤਾਂ ਗੁਰੂ ਅਮਰਦਾਸ ਜੀ ਸਹਿਜ ਸੁਭਾਉ ਹੀ ਬੋਲੇ ਕਿ ਐਸਾ ਵਰ ਤਾਂ ਫਿਰ ਇਹੋ ਹੀ ਹੋ ਸਕਦਾ ਹੈ। ਭਾਈ ਜੇਠਾ ਜੀ ਦੀ ਮੰਗਣੀ ਬੀਬੀ ਭਾਨੀ ਜੀ ਨਾਲ ਕਰ ਦਿੱਤੀ। ਦਸੰਬਰ 1552 ਵਿੱਚ ਆਪਦਾ ਵਿਆਹ ਬੀਬੀ ਭਾਨੀ ਜੀ ਨਾਲ ਹੋ ਗਿਆ ।ਉਸ ਸਮੇਂ ਬੀਬੀ ਭਾਨੀ ਜੀ ਦੀ ਉਮਰ 12 ਸਾਲ ਦੀ ਸੀ ਤੇ ਭਾਈ ਜੇਠਾ ਦੀ ਉਮਰ 19 ਸਾਲ ਸੀ। ਬੀਬੀ ਭਾਨੀ ਚਾਰ ਭੈਣ ਭਰਾਵਾਂ ਵਿੱਚੋਂ ਸਭ ਤੋਂ ਛੋਟੀ ਸੀ। ਆਪ ਤੋਂ ਵੱਡੀ ਬੀਬੀ ਦਾਨੀ ਦੀ ਸ਼ਾਦੀ ਬੇਦੀ ਵੰਸ ਦੇ ਭਾਈ ਰਾਮਾ ਨਾਲ ਹੋਈ। ਭਾਈ ਜੇਠਾ ਗੁਰੂ ਘਰ ਦੇ ਜਵਾਈ ਸਨ, ਪਰ ਫਿਰ ਵੀ ਆਪ ਦੀ ਸਹਿਣਸ਼ੀਲਤਾ, ਨਿਮਾਣਤਾ ਅਤੇ ਸੇਵਾ-ਭਾਵਨਾ ਵਿੱਚ ਕੋਈ ਫਰਕ ਨਹੀ ਸੀ ਪਿਆ।

ਆਪ ਸਿਰ ਤੇ ਮੜਾਸਾ ਕਰਕੇ ਦਿਨ ਰਾਤ ਬਾਉਲੀ ਦੀ ਸੇਵਾ ਵਿੱਚ ਜੁਟੇ ਰਹਿੰਦੇ ਸਨ। ਆਪ ਗੁਰੂ ਘਰ ਦੇ ਲੰਗਰ ਦੀ ਸੇਵਾ, ਆਈਆਂ ਸੰਗਤਾਂ ਦਾ ਆਦਰ ਮਾਣ ਤੇ ਰਿਹਾਇਸ਼ ਦਾ ਪ੍ਰਬੰਧ ਕਰਦੇ ਸਨ। ਆਪ ਕਦੇ ਅੱਕੇ ਜਾਂ ਥੱਕੇ ਨਹੀ ਸਨ। ਇੱਕ ਵਾਰੀ ਲਾਹੌਰ ਤੋਂ ਤੀਰਥ ਯਾਤਰਾ ਤੇ ਇੱਕ ਜਥਾ ਆਇਆ, ਜੋ ਗੋਇੰਦਵਾਲ ਆ ਠਹਿਰਿਆ। ਉਸ ਵਿੱਚ ਭਾਈ ਜੇਠਾ ਜੀ ਦੀ ਬਰਾਦਰੀ ਦੇ ਲੋਕ ਵੀ ਸਨ ਜੋ ਇੰਨ੍ਹਾਂ ਨੂੰ ਮਿਲਣ ਆਏ। ਜਦੋ ਉਹ ਲੋਕ ਆਪ ਜੀ ਨੂੰ ਮਿਲੇ ਤਾਂ ਆਪ ਜੀ ਨੇ ਸਿਰ ਤੇ ਮੜਾਸਾ ਕਰਕੇ ਟੋਕਰੀ ਚੁੱਕੀ ਹੋਈ ਸੀ ਤਾਂ ਉਨ੍ਹਾਂ ਲੋਕਾਂ ਨੇ ਵੇਖ ਕੇ ਬਹੁਤ ਬੁਰਾ ਮਨਾਇਆ ਤਾਂ ਗੁਰੂ ਅਮਰਦਾਸ ਜੀ ਨੇ ਕਿਹਾ ਕਿ

**“ਸੁਨਿ ਕਰ ਸਤਿਗੁਰ ਭਏ ਪ੍ਰਸੰਨ।।ਰਾਮਦਾਸ ਜੀ ਤੁਝ ਕੋ ਧੰਨ ਧੰਨ।।**
**ਕਰਿ ਸੇਵਾ ਮੁਝ ਕ ਬਸਿ ਕੀਨਾ।।ਮੈਂ ਜਾਨੋਂ ਤੁਝ, ਤੈ ਮੁਝ ਕੋ ਚੀਨਾ।।**

ਇਹ ਮਿੱਟੀ ਗਾਰਾ ਨਹੀ ਇਹ ਤਾਂ ਵਡਿੱਤਣ ਦਾ ਕੇਸਰ ਹੈ, ਸਿਰ ਉੱਤੇ ਮੜਾਸਾ ਨਹੀ ਸਗੋਂ ਚਾਰ ਚੱਕ ਦੀ ਪਾਤਸ਼ਾਹੀ ਦਾ ਛਤਰ ਝੁੱਲਣਾ ਹੈ।ਇੱਕ ਵਾਰ ਗੁਰੂ ਅਮਰਦਾਸ ਜੀ ਨੇ ਬੀਬੀ ਭਾਨੀ ਜੀ ਨੂੰ ਕਿਹਾ ਕਿ ਜੇ ਰਾਮਦਾਸ ਗੁਜਰ ਜਾਣ ਤਾਂ ਤੂੰ ਕੀ ਕਰੇਗੀ ਤਾਂ ਬੀਬੀ ਭਾਨੀ ਜੀ ਨੇ ਨਿਮਰਤਾ ਸਹਿਤ ਆਪਣਾ ਸਿਰ ਝੁਕਾ ਦਿੱਤਾ, ਜਿਸ ਦਾ ਭਾਵ ਸੀ ਕਿ ਜੋ ਰੱਬ ਦੀ ਰਜ਼ਾ ਹੋਏਗੀ ਮਨਜੂਰ ਹੋਏਗੀ। ਇਹ ਦੇਖ ਕੇ ਪਿਤਾ ਗੁਰਦੇਵ ਜੀ ਨੇ ਬੀਬੀ ਭਾਨੀ ਜੀ ਨੂੰ ਅਸ਼ੀਰਵਾਦ ਦਿੱਤਾ ਤੇ ਕਿਹਾ ਕਿ ਸਾਡੀ ਬਾਕੀ ਦੀ ਉਮਰ ਵੀ ਰਾਮਦਾਸ ਦੇ ਲੇਖੇ ਹੈ, ਇੰਨ੍ਹਾਂ ਕਹਿ ਕੇ ਆਪ ਬਾਉਲੀ ਵੱਲ ਚੱਲ ਪਏ। ਉਸ ਸਮੇਂ ਭਾਈ ਰਾਮਦਾਸ ਜੀ ਸਿਰ ਤੇ ਟੋਕਰੀ ਚੁੱਕੀ ਜਾ ਰਹੇ ਸਨ ਤਾਂ ਗੁਰੂ ਅਮਰਦਾਸ ਜੀ ਨੇ ਟੋਕਰੀ ਉਤਰਵਾ ਕੇ ਕਿਹਾ ਕਿ ਆਪ ਜੀ ਨੂੰ ਗੁਰਤਾਗੱਦੀ ਸੌਂਪਣ ਦਾ ਵਕਤ ਆ ਗਿਆ ਹੈ ਤਾਂ ਆਪ ਜੀ ਨੇ ਕਿਹਾ ਕਿ ਹੇ ਮੇਰੇ ਮਾਲਿਕ ਗੁਰਗੱਦੀ ਨਹੀ, ਮੈਨੂੰ ਸੇਵਾ ਦਾ ਦਾਨ ਦਿਉ, ਗੱਦੀ ਮੋਹਰੀ ਜੀ ਨੂੰ ਦੇ ਦਿਉ। ਉਸ ਸਮੇਂ ਗੁਰੂ ਅਮਰਦਾਸ ਜੀ ਬਹੁਤ ਬਿਰਧ ਹੋ ਚੁੱਕੇ ਸਨ। 1574 ਵਿੱਚ 95 ਸਾਲ ਦੇ ਹੋ ਗਏ ਸਨ।

ਆਖਰੀ ਪ੍ਰੀਖਿਆ ਗੁਰੂ ਘਰ ਦੇ ਦੋਨਾਂ ਜਵਾਈਆਂ ਵੱਡੇ ਭਾਈ ਰਾਮਾ ਜੀ ਅਤੇ ਭਾਈ ਰਾਮਦਾਸ ਜੀ ਵਿੱਚ ਹੋਈ। ਗੁਰੂ ਅਮਰਦਾਸ ਜੀ ਨੇ ਭਾਈ ਰਾਮਾ ਜੀ ਅਤੇ ਭਾਈ ਰਾਮਦਾਸ ਜੀ ਨੂੰ ਥੜ੍ਹਾ ਬਣਾਉਣ ਲਈ ਕਿਹਾ। ਥੜ੍ਹਾ ਬਣ ਜਾਣ ਤੇ ਥੜ੍ਹਾ ਢਾਉਣ ਲਈ ਕਹਿ ਦਿੱਤਾ।ਥੜ੍ਹਾ ਬਣ ਜਾਣ ਤੇ ਥੜ੍ਹਾ ਢਾਉਣ ਨੂੰ ਕਹਿ ਦਿੰਦੇ। ਚੌਥੀ ਵਾਰ ਥੜ੍ਹਾ ਬਣਾਉਣ ਤੇ ਭਾਈ ਰਾਮਾ ਜੀ ਖਿੱਝ ਗਏ। ਭਾਈ ਰਾਮਦਾਸ ਜੀ ਸਤਿ ਬਚਨ ਕਹਿ ਕੇ ਥੜ੍ਹਾ ਬਣਾ ਵੀ ਦਿੰਦੇ ਤੇ ਥੜ੍ਹਾ ਢਾਹ ਵੀ ਦਿੰਦੇ। ਲਗਾਤਾਰ ਸੱਤਵੀਂ ਵਾਰ ਥੜ੍ਹਾ ਬਣਾਉਣ ਤੇ ਗੁਰੂ ਅਮਰਦਾਸ ਜੀ ਨੇ ਆਪ ਜੀ ਨੂੰ ਜੱਫੀ ਵਿੱਚ ਲੈ ਲਿਆ ਤੇ ਅਸੀਸਾ ਦੀ ਝੜੀ ਲਾ ਦਿੱਤੀ। ਆਪ ਜੀ ਦੀ ਸੇਵਾ-ਭਾਵ ਤੇ ਨਿਮਰਤਾ ਨੂੰ ਦੇਖਦਿਆ 1 ਸਤੰਬਰ1574 ਨੂੰ ਗੋਇੰਦਵਾਲ ਸਾਹਬ ਵਿਖੇ ਗੁਰਿਆਈ ਸੌਂਪ ਦਿੱਤੀ।

ਆਪ ਜੀ ਦੇ ਤਿੰਨ ਸਪੁੱਤਰ ਸ੍ਰੀ ਪ੍ਰਿਥੀ ਚੰਦ, ਸ੍ਰੀ ਮਹਾਂਦੇਵ ਅਤੇ (ਸ੍ਰੀ ਗੁਰੂ) ਅਰਜਨ ਦੇਵ ਜੀ ਹੋਏ। ਆਪ ਨੇ ਸੰਤੋਖਸਰ, ਗੁਰੂ ਕੇ ਚੱਕ ਤੇ ਅੰਮ੍ਰਿਤਸਰ ਨਗਰ ਦੀ ਤਿਆਰੀ ਆਰੰਭੀ। ਗੁਰੂ ਰਾਮਦਾਸ ਜੀ ਦਾ ਜੀਵਨ ਗੁਰੂ ਨਾਨਕ ਦੇਵ ਜੀ (5 ਸਾਲ), ਗੁਰੂ ਅੰਗਦ ਦੇਵ ਜੀ (18 ਸਾਲ), ਗੁਰੂ ਅਮਰਦਾਸ ਜੀ (40 ਸਾਲ), ਭਾਈ ਗੁਰਦਾਸ ਜੀ (30 ਸਾਲ) ਨਾਲ ਸਾਂਝਾ ਰਿਹਾ ਹੈ।ਆਪ ਦੇ ਸਮਕਾਲੀਆਂ ਵਿੱਚ ਦਮੋਦਰ, ਪੀਲੂ, ਸ਼ਾਹ ਹੁਸੈਨ, ਸੂਫੀ ਫਕੀਰ ਮੀਆਂਮੀਰ, ਰਾਜਪੂਤ ਮਹਾਰਾਣਾ ਪ੍ਰਤਾਪ ਗਿਣੇ ਜਾ ਸਕਦੇ ਹਨ।

ਧੰਨ-ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਵਿੱਚ ਆਪ ਜੀ ਦੀ ਮਹਾਨ ਬਾਣੀ 30 ਰਾਗਾਂ ਵਿੱਚ ਇਸ ਪ੍ਰਕਾਰ ਦਰਜ ਹੈ। 246 ਪਦੇ, 31 ਅਸ਼ਟਪਦੀਆਂ, 32 ਛੰਦ, 138 ਸ਼ਲੋਕ, 8 ਵਾਰਾਂ(183 ਪਉੜੀਆਂ), ਪਹਰੇ 1, ਵਣਜਾਰਾ 1 , ਕਰਹਲੇ 2 ,ਘੋੜੀਆਂ 2 ਦੀ ਰਚਨਾ ਕੀਤੀ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਵਿੱਚ ਦਰਜ ਕੁੱਲ 22 ਵਾਰਾਂ ਵਿੱਚੋਂ 8 ਵਾਰਾਂ ਸ੍ਰੀ ਗੁਰੂ ਰਾਮਦਾਸ ਜੀ ਦੀਆਂ ਰਚੀਆਂ ਹੋਈਆਂ ਹਨ।(ਵੱਖ-ਵੱਖ ਵਿਦਵਾਨਾਂ ਅਨੁਸਾਰ ਗਿਣਤੀ ਵੱਖ-ਵੱਖ ਹੈ) 1581 ਨੂੰ ਗੁਰਗੱਦੀ ਸਾਹਿਬ ਸ੍ਰੀ ਗੁਰੂ ਅਰਜਨ ਦੇਵ ਜੀ ਨੂੰ ਸੌਂਪ ਕੇ ਆਪ ਅਕਾਲ ਪੁਰਖ ਵਿੱਚ ਅਭੇਦ ਹੋ ਗਏ।

**-ਧਰਮਿੰਦਰ ਸਿੰਘ (ਚੱਬਾ)**
**ਪਿੰਡ ਤੇ ਡਾਕ ਚੱਬਾ, ਤਰਨ ਤਾਰਨ ਰੋਡ, ਅੰਮ੍ਰਿਤਸਰ**

ਖ਼ਾਲਸਾ ਅਕੈਡਮੀ, ਜੱਬੋਵਾਲ (ਅੰਮ੍ਰਿਤਸਰ) ਵਿਖੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਹਿਲੇ ਪ੍ਰਕਾਸ਼ ਦਿਹਾੜੇ ਮਨਾਉਂਦੇ ਹੋਏ

# ਸਾਰੇ ਸਟਾਫ਼ ਨੂੰ ਗੁਰਬਾਣੀ ਪਲੇਅਰ ਭੇਂਟ ਕੀਤੇ



**ਚੌਕ ਮਹਿਤਾ, 13 ਸਤੰਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ**)-ਸੰਤ ਬਾਬਾ ਗੁਰਬਖਸ਼ ਸਿੰਘ ਜੀ ਖ਼ਾਲਸਾ ਅਕੈਡਮੀ ਦੇ ਮੁਖੀ ਸ੍ਰੀ ਮਾਨ ਸੰਤ ਬਾਬਾ ਮਲਕੀਤ ਸਿੰਘ ਜੀ ਦੀ ਸਰਪ੍ਰਸਤੀ ਹੇਠ ਯੂਅਰ ਸੇਵਾ ਸੰਸਥਾ ਯੂ ਕੇ ਯੂਅਰ ਸੇਵਾ ਸੁਸਾਇਟੀ ਯੂ ਕੇ ਵੱਲੋਂ ਚਲਾਏ ਜਾ ਰਹੇ ਵਿੱਦਿਅਕ ਅਦਾਰੇ ਸੰਤ ਬਾਬਾ ਗੁਰਬਖ਼ਸ਼ ਸਿੰਘ ਜੀ ਖਾਲਸਾ ਅਕੈਡਮੀ ਦੇ ਵਿਦਿਆਰਥੀਆਂ, ਅਧਿਆਪਕ ਸਾਹਿਬਾਨ ਅਤੇ ਮੈਨੇਜਮੈਂਟ ਕਮੇਟੀ ਵੱਲੋਂ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਹਿਲੇ ਪ੍ਰਕਾਸ਼ ਦਿਹਾੜੇ ਮਨਾਏ ਗਏ। ਜਿਸ ਵਿੱਚ ਉਸਤਾਦ ਭਾਈ ਬੂਟਾ ਸਿੰਘ, ਉਹਨਾਂ ਦੇ ਸਾਥੀ ਨਿਸ਼ਾਨ ਸਿੰਘ ਅਤੇ ਵਿਦਿਆਰਥੀ ਸਾਥੀਆਂ ਨੇ ਕੀਰਤਨ ਕਰਕੇ ਸਰਬੱਤ ਸੰਗਤਾਂ ਨੂੰ ਨਿਹਾਲ ਕੀਤਾ। ਭਾਈ ਤੇਜਬੀਰ ਸਿੰਘ ਭਲਾਈਪੁਰ (ਕਨੇਡਾ) ਵਾਲਿਆਂ ਨੇ ਸੰਗਤਾਂ ਨੂੰ ਗੁਰੂ ਸਾਹਿਬ ਜੀ ਦੀ ਸੰਪਾਦਨਾ ਤੋਂ ਪ੍ਰਕਾਸ਼ ਤੱਕ ਦੇ ਇਤਿਹਾਸ ਬਾਰੇ ਚਾਨਣਾ ਪਾਇਆ। ਇਸ ਮੌਕੇ ਅਕੈਡਮੀ ਦੇ ਮੁੱਖ ਸੰਚਾਲਕ ਸ੍ਰੀ ਮਾਨ ਸੰਤ ਬਾਬਾ ਮਲਕੀਤ ਸਿੰਘ ਖਾਲਸਾ ਜੱਬੋਵਾਲ ਨੇ ਸਰਬੱਤ ਸੰਗਤਾਂ ਨੂੰ ਗੁਰਬਾਣੀ ਨਾਲ ਪਿਆਰ ਤੇ ਸਤਿਕਾਰ ਬਾਰੇ ਦੱਸਿਆ। ਪ੍ਰਿੰਸੀਪਲ ਸੁਰਿੰਦਰਜੀਤ ਸਿੰਘ ਅਤੇ ਸੁਪਰਡੈਂਟ ਗੁਰਪਿੰਦਰ ਸਿੰਘ ਨੇ ਅਕੈਡਮੀ ਦੇ ਸਾਰੇ ਪਰਿਵਾਰ ਨੂੰ ਵਧਾਈਆਂ ਦਿੱਤੀਆਂ ਅਤੇ ਸਾਰੇ ਸਟਾਫ਼ ਨੂੰ ਗੁਰਬਾਣੀ ਪਲੇਅਰ ਭੇਂਟ ਕੀਤੇ। ਇਹਨਾਂ ਪ੍ਰਕਾਸ਼ ਦਿਹਾੜੇ ਦੇ ਸਮਾਗਮਾਂ ਸਮੇਂ ਭਾਈ ਸਤਵੰਤ ਸਿੰਘ, ਡਾਕਟਰ ਭਾਈ ਹਰਜੀਤ ਸਿੰਘ, ਭਾਈ ਸੁਖਚੈਨ ਸਿੰਘ, ਭਾਈ ਸੁਖਦੇਵ ਸਿੰਘ, ਭਾਈ ਅਮਰੀਕ ਸਿੰਘ, ਭਾਈ ਹੁਸਨਪ੍ਰੀਤ ਸਿੰਘ, ਭਾਈ ਅਰਜਨ ਸਿੰਘ ਅਤੇ ਭਾਈ ਅਮਨਦੀਪ ਸਿੰਘ ਵੀ ਹਾਜ਼ਰ ਸਨ।

# ਸੰਤ ਬਾਬਾ ਪ੍ਰੀਤਮ ਸਿੰਘ ਤਰਸਿੱਕਾ ਦੀ ਸਾਲਾਨਾ ਬਰਸੀ 20 ਨੂੰ-ਸੰਤ ਬਾਬਾ ਗੁਰਦੇਵ ਸਿੰਘ ਜੀ ਤਰਸਿੱਕਾ





**ਚੌਕ ਮਹਿਤਾ,13 ਸਤੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਸੱਚਖੰਡ ਵਾਸੀ ਸੰਤ ਬਾਬਾ ਪ੍ਰੀਤਮ ਸਿੰਘ ਦੀ ਛੇਵੀਂ ਸਾਲਾਨਾ ਬਰਸੀ ਗੁਰਦੁਆਰਾ ਭਗਤਾਂ ਦਾ ਡੇਰਾ ਤਰਸਿੱਕਾ (ਅੰਮ੍ਰਿਤਸਰ) ਵਿਖੇ 20 ਸਤੰਬਰ ਦਿਨ ਐਤਵਾਰ ਨੂੰ ਪੂਰੀ ਸ਼ਰਧਾ ਤੇ ਉਤਸ਼ਾਹ ਨਾਲ ਮਨਾਈ ਜਾ ਰਹੀ ਹੈ । ਸ੍ਰੀ ਮਾਨ ਸੰਤ ਬਾਬਾ ਗੁਰਦੇਵ ਸਿੰਘ ਮੁੱਖ ਸੇਵਾਦਾਰ ਗੁਰਦੁਆਰਾ ਭਗਤਾਂ ਦਾ ਡੇਰਾ ਤਰਸਿੱਕਾ ਅਨੁਸਾਰ 18 ਸਤੰਬਰ ਨੂੰ ਭਾਈ ਗੁਰਨਾਮ ਸਿੰਘ ਮਾਲੋਵਾਲ ਤੇ ਗਿਆਨੀ ਹਰਪ੍ਰੀਤ ਸਿੰਘ ਪ੍ਰਚਾਰਕ, 19 ਸਤੰਬਰ ਨੂੰ ਹਰਭਾਲ ਸਿੰਘ ਖੁਜਾਲੇ ਵਾਲੇ ਤੇ ਗਿਆਨੀ ਗੁਰਮੁਖ ਸਿੰਘ ਖਜਾਲੇ ਵਾਲੇ ਤੇ 20 ਸਤੰਬਰ ਨੂੰ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਉਪਰੰਤ ਸਾਰਾ ਦਿਨ ਕੀਰਤਨ ਤੇ ਕਥਾ ਦਾ ਪ੍ਰਵਾਹ ਚੱਲੇਗਾ । ਜਿਸ ’ਚ ਭਾਈ ਗੁਰਦੇਵ ਸਿੰਘ ਜੋਧਪੁਰੀ, ਭਾਈ ਰਣਜੀਤ ਸਿੰਘ ਮਾਂਗਾ ਸਰਾਏ, ਭਾਈ ਤਰਲੋਚਨ ਸਿੰਘ ਜਬੋਵਾਲ, ਭਾਈ ਕਰਨ ਸਿੰਘ ਤੰਤੀ ਸਾਜ਼ਾਂ ਵਾਲੇ, ਗਿਆਨੀ ਗੁਰਮੁਖ ਸਿੰਘ ਐੱਮ. ਏ. ਕਵੀਸ਼ਰ ਤੇ ਭਾਈ ਸਿਮਰਨਜੀਤ ਸਿੰਘ ਦੇਵੀਦਾਸਪੁਰਾ ਦੇ ਜਥੇ ਸੰਗਤਾਂ ਨੂੰ ਕੀਰਤਨ, ਕਥਾ ਤੇ ਕਵੀਸ਼ਰੀ ਰਾਹੀਂ ਗੁਰੂ ਚਰਨਾਂ ਨਾਲ ਜੋੜਨਗੇ । ਇਸ ਮੌਕੇ ਤੇ ਸੰਗਤਾਂ ਦੇਸ਼ਾਂ ਵਿਦੇਸ਼ਾਂ ਦੀਆਂ ਹਾਜ਼ਰੀਆਂ ਭਰਗੀਆ ਇਸ ਮੌਕੇ ਤੇ ਸੰਤ ਬਾਬਾ ਗੁਰਦੇਵ ਸਿੰਘ ਜੀ ਵੱਲੋਂ ਇਲਾਕਾ ਨਿਵਾਸੀਆਂ ਅਤੇ ਦੇਸ਼ਾਂ ਵਿਦੇਸ਼ਾਂ ਦੀਆਂ ਸੰਗਤਾਂ ਨੂੰ ਬੇਨਤੀ ਹੈ ਕਿ ਵੱਧ ਤੋਂ ਵੱਧ ਹਾਜ਼ਰੀਆਂ ਭਰਕੇ ਗੁਰੂ ਸਾਹਿਬ ਜੀ ਦੀ ਬਖਸ਼ਿਸ਼ ਪ੍ਰਾਪਤ ਕਰਨ।

### ਮੋਲਦੋਵਾ ਤੋਂ ਜੱਗੂ ਭਗਵਾਨਪੁਰੀਆ ਗੈਂਗ ਦੇ

# ਅਹਿਮ ਗੁਰਗੇ ਅੰਮ੍ਰਿਤ ਦਾਲਮ ਦੀ ਹਵਾਲਗੀ

**ਚੰਡੀਗੜ੍ਹ, 13 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਪੁਲਿਸ ਦੀ ਐਂਟੀ-ਗੈਂਗਸਟਰ ਟਾਸਕ ਫੋਰਸ (ਏ.ਜੀ.ਟੀ.ਐਫ.) ਅਤੇ ਓਵਰਸੀਜ਼ ਫਿਊਜਿਟਿਵ ਟਰੈਕਿੰਗ ਐਂਡ ਐਕਸਟਰਾਡੀਸ਼ਨ ਸੈੱਲ (ਓ.ਐੱਫ.ਟੀ.ਈ.ਸੀ.) ਨੇ ਕੇਂਦਰੀ ਏਜੰਸੀਆਂ ਦੇ ਸਹਿਯੋਗ ਨਾਲ ਜੱਗੂ ਭਗਵਾਨਪੁਰੀਆ ਗੈਂਗ ਦੇ ਅਹਿਮ ਗੁਰਗੇ ਅਤੇ ਭਗੌੜੇ ਅਪਰਾਧੀ ਅੰਮ੍ਰਿਤਪਾਲ ਸਿੰਘ ਉਰਫ਼ ਅੰਮ੍ਰਿਤ ਦਾਲਮ ਨੂੰ ਮੋਲਦੋਵਾ ਗਣਰਾਜ ਤੋਂ ਭਾਰਤ ਲਿਆਉਣ ਵਿੱਚ ਸਫਲਤਾ ਹਾਸਲ ਕੀਤੀ ਹੈ।



ਪੰਜਾਬ ਪੁਲਿਸ ਅਨੁਸਾਰ ਅੰਮ੍ਰਿਤ ਦਾਲਮ ਕਤਲ, ਇਰਾਦਾ ਕਤਲ, ਗੈਰਕਾਨੂੰਨੀ ਗਤੀਵਿਧੀਆਂ ਰੋਕੂ ਐਕਟ (ਯੂ.ਏ.ਪੀ.ਏ.), ਅਸਲਾ ਐਕਟ ਅਤੇ ਨਸ਼ੀਲੇ ਪਦਾਰਥਾਂ ਨਾਲ ਸਬੰਧਤ ਕਈ ਗੰਭੀਰ ਮਾਮਲਿਆਂ ਵਿੱਚ ਲੋੜੀਂਦਾ ਸੀ। ਪੁਲਿਸ ਵੱਲੋਂ ਉਸ ਦੀ ਲੰਮੇ ਸਮੇਂ ਤੋਂ ਭਾਲ ਕੀਤੀ ਜਾ ਰਹੀ ਸੀ।

**ਯੂਕਰੇਨ ਭੱਜਣ ਦੀ ਕੋਸ਼ਿਸ਼ ਦੌਰਾਨ ਮੋਲਦੋਵਾ ਵਿੱਚ ਹੋਇਆ ਕਾਬੂ**

ਪੁਲਿਸ ਵੱਲੋਂ ਦਿੱਤੀ ਜਾਣਕਾਰੀ ਮੁਤਾਬਕ ਅੰਮ੍ਰਿਤ ਦਾਲਮ ਨੂੰ 24 ਫਰਵਰੀ 2026 ਨੂੰ ਮੋਲਦੋਵਾ ਦੇ ਅਧਿਕਾਰੀਆਂ ਨੇ ਉਸ ਸਮੇਂ ਹਿਰਾਸਤ ਵਿੱਚ ਲਿਆ, ਜਦੋਂ ਉਹ ਓਟਾਸੀ ਖੇਤਰ ਦੀ ਸਰਹੱਦ ਪਾਰ ਕਰਕੇ ਯੂਕਰੇਨ ਵੱਲ ਜਾਣ ਦੀ ਕੋਸ਼ਿਸ਼ ਕਰ ਰਿਹਾ ਸੀ। ਉਸ ਦੀ ਗ੍ਰਿਫ਼ਤਾਰੀ ਤੋਂ ਬਾਅਦ ਪੰਜਾਬ ਪੁਲਿਸ ਦੇ ਓ.ਐੱਫ.ਟੀ.ਈ.ਸੀ. ਵਿੰਗ ਰਾਹੀਂ ਮੋਲਦੋਵਾ ਤੋਂ ਹਵਾਲਗੀ ਦੀ ਕਾਨੂੰਨੀ ਪ੍ਰਕਿਰਿਆ ਸ਼ੁਰੂ ਕੀਤੀ ਗਈ। ਮਾਮਲੇ ਦੀ ਸੁਣਵਾਈ ਦੌਰਾਨ 'ਕੋਰਟ ਆਫ਼ ਚਿਸੀਨਾਉ' ਨੇ 26 ਮਈ 2026 ਨੂੰ ਅੰਮ੍ਰਿਤਪਾਲ ਸਿੰਘ ਨੂੰ ਭਾਰਤ ਹਵਾਲੇ ਕਰਨ ਦੀ ਮਨਜ਼ੂਰੀ ਦੇ ਦਿੱਤੀ। ਹਵਾਲਗੀ ਦੇ ਹੁਕਮਾਂ ਖ਼ਿਲਾਫ਼ ਮੁਲਜ਼ਮ ਵੱਲੋਂ ਦਾਇਰ ਕੀਤੀ ਅਪੀਲ ਨੂੰ 'ਕੋਰਟ ਆਫ਼ ਅਪੀਲ ਸੈਂਟਰੂ' ਨੇ 16 ਜੁਲਾਈ 2026 ਨੂੰ ਰੱਦ ਕਰ ਦਿੱਤਾ, ਜਿਸ ਤੋਂ ਬਾਅਦ ਹਵਾਲਗੀ ਦਾ ਹੁਕਮ ਅੰਤਿਮ ਹੋ ਗਿਆ।

**ਚਾਰ ਮੈਂਬਰੀ ਪੰਜਾਬ ਪੁਲਿਸ ਟੀਮ ਮੋਲਦੋਵਾ ਪਹੁੰਚੀ**

ਅੰਮ੍ਰਿਤ ਦਾਲਮ ਨੂੰ ਭਾਰਤ ਲਿਆਉਣ ਲਈ ਪੰਜਾਬ ਪੁਲਿਸ ਵੱਲੋਂ ਚਾਰ ਮੈਂਬਰੀ ਟੀਮ ਮੋਲਦੋਵਾ ਭੇਜੀ ਗਈ। ਐਸ.ਪੀ. ਏ.ਜੀ.ਟੀ.ਐਫ. ਬਿਕਰਮਜੀਤ ਸਿੰਘ ਬਰਾੜ ਦੀ ਅਗਵਾਈ ਵਾਲੀ ਇਸ ਟੀਮ ਵਿੱਚ ਇੰਸਪੈਕਟਰ ਪੁਸ਼ਿਵੰਦਰ ਸਿੰਘ, ਐਸ.ਆਈ. ਜਸਪ੍ਰੀਤ ਸਿੰਘ ਅਤੇ ਏ.ਐਸ.ਆਈ. ਵਰਿੰਦਰ ਕੁਮਾਰ ਸ਼ਾਮਲ ਸਨ।

ਪੰਜਾਬ ਪੁਲਿਸ ਦੀ ਟੀਮ ਨੇ ਸ਼ੁੱਕਰਵਾਰ ਨੂੰ ਚਿਸੀਨਾਉ ਏਅਰਪੋਰਟ ਤੋਂ ਅੰਮ੍ਰਿਤ ਦਾਲਮ ਨੂੰ ਹਿਰਾਸਤ ਵਿੱਚ ਲਿਆ ਅਤੇ ਉਸ ਨੂੰ ਭਾਰਤ ਲਿਆਂਦਾ ਗਿਆ। ਪੁਲਿਸ ਟੀਮ ਸ਼ਨੀਵਾਰ ਸਵੇਰੇ ਨਵੀਂ ਦਿੱਲੀ ਦੇ ਆਈ.ਜੀ.ਆਈ. ਏਅਰਪੋਰਟ ਪਹੁੰਚੀ।

ਪੰਜਾਬ ਪੁਲਿਸ ਮੁਤਾਬਕ ਇਹ ਕਿਸੇ ਯੂਰਪੀ ਦੇਸ਼ ਤੋਂ ਪੰਜਾਬ ਪੁਲਿਸ ਵੱਲੋਂ ਹਾਸਲ ਕੀਤੀ ਗਈ ਪਹਿਲੀ ਹਵਾਲਗੀ ਹੈ, ਜਿਸ ਨੂੰ ਗੈਂਗਸਟਰਾਂ ਅਤੇ ਭਗੌੜੇ ਅਪਰਾਧੀਆਂ ਖ਼ਿਲਾਫ਼ ਚੱਲ ਰਹੀ ਕਾਰਵਾਈ ਵਿੱਚ ਇੱਕ ਮਹੱਤਵਪੂਰਨ ਕਾਮਯਾਬੀ ਮੰਨਿਆ ਜਾ ਰਿਹਾ ਹੈ।

**ਘੱਟੋ-ਘੱਟ ਸੱਤ ਕਤਲ ਕੇਸਾਂ ਵਿੱਚ ਸੀ ਲੋੜੀਂਦਾ**

ਏ.ਜੀ.ਟੀ.ਐਫ. ਦੇ ਐਡੀਸ਼ਨਲ ਡਾਇਰੈਕਟਰ ਜਨਰਲ ਆਫ਼ ਪੁਲਿਸ (ਏ.ਡੀ.ਜੀ.ਪੀ.) ਪ੍ਰਮੋਦ ਬਾਨ ਨੇ ਦੱਸਿਆ ਕਿ ਅੰਮ੍ਰਿਤ ਦਾਲਮ ਘੱਟੋ-ਘੱਟ ਸੱਤ ਕਤਲ ਦੇ ਮਾਮਲਿਆਂ ਵਿੱਚ ਲੋੜੀਂਦਾ ਹੈ।

ਇਨ੍ਹਾਂ ਮਾਮਲਿਆਂ ਵਿੱਚ 2019 ਵਿੱਚ ਬਟਾਲਾ ਵਿਖੇ ਦਲਬੀਰ ਸਿੰਘ ਦਾ ਕਤਲ, 2024 ਵਿੱਚ ਹੁਸ਼ਿਆਰਪੁਰ ਵਿੱਚ ਅਮਰਜੀਤ ਲਾਲ ਅਤੇ ਕਸ਼ਮੀਰੀ ਲਾਲ ਦਾ ਦੋਹਰਾ ਕਤਲ, 2025 ਵਿੱਚ ਧਰਮਜੀਤ ਸਿੰਘ ਉਰਫ਼ ਧਰਮਾ ਦਾ ਕਤਲ, 2025 ਵਿੱਚ ਕਨਵ ਮਹਾਜਨ ਅਤੇ ਸਰਬਜੀਤ ਸਿੰਘ ਉਰਫ਼ ਕਾਕਾ ਦਾ ਦੋਹਰਾ ਕਤਲ ਅਤੇ 2025 ਵਿੱਚ ਜਸਦੀਪ ਸਿੰਘ ਉਰਫ਼ ਦੀਪ ਚੀਮਾ ਦੇ ਕਤਲ ਦਾ ਮਾਮਲਾ ਸ਼ਾਮਲ ਹੈ।

**ਪੰਜਾਬ ਪੁਲਿਸ ਨੂੰ ਯੂਰਪੀ ਦੇਸ਼ ਤੋਂ ਪਹਿਲੀ ਵਾਰ ਮਿਲੀ ਹਵਾਲਗੀ—ਸੱਤ ਕਤਲਾਂ ਸਮੇਤ ਕਈ ਗੰਭੀਰ ਮਾਮਲਿਆਂ ਵਿੱਚ ਸੀ ਲੋੜੀਂਦਾ**

**ਜਾਅਲੀ ਪਾਸਪੋਰਟ ਰਾਹੀਂ ਹੋਇਆ ਸੀ ਵਿਦੇਸ਼ ਫਰਾਰ**-ਏ.ਡੀ.ਜੀ.ਪੀ. ਪ੍ਰਮੋਦ ਬਾਨ ਅਨੁਸਾਰ ਅੰਮ੍ਰਿਤ ਦਾਲਮ ਅਕਤੂਬਰ 2024 ਵਿੱਚ ਭਾਰਤ ਤੋਂ ਵਿਦੇਸ਼ ਫਰਾਰ ਹੋ ਗਿਆ ਸੀ। ਦੱਸਿਆ ਗਿਆ ਹੈ ਕਿ ਉਸ ਨੇ ਕੁਰੂਕਸ਼ੇਤਰ, ਹਰਿਆਣਾ ਦੇ ਵਸਨੀਕ ਹੀਰਾ ਸਿੰਘ ਪੁੱਤਰ ਗੁਰਪਾਲ ਦੇ ਵੇਰਵਿਆਂ 'ਤੇ ਤਿਆਰ ਕੀਤੇ ਗਏ ਜਾਅਲੀ ਪਾਸਪੋਰਟ ਦੀ ਵਰਤੋਂ ਕਰਕੇ ਦੇਸ਼ ਛੱਡਿਆ ਸੀ।

ਵਿਦੇਸ਼ ਫਰਾਰ ਹੋਣ ਤੋਂ ਬਾਅਦ ਪੰਜਾਬ ਪੁਲਿਸ ਵੱਲੋਂ ਵੱਖ-ਵੱਖ ਦੇਸ਼ਾਂ ਵਿੱਚ ਉਸ ਦੀਆਂ ਗਤੀਵਿਧੀਆਂ ਅਤੇ ਸੰਭਾਵਿਤ ਟਿਕਾਣਿਆਂ 'ਤੇ ਨਜ਼ਰ ਰੱਖੀ ਜਾ ਰਹੀ ਸੀ। ਉਸ ਦੀ ਗ੍ਰਿਫ਼ਤਾਰੀ ਅਤੇ ਭਾਰਤ ਵਾਪਸੀ ਲਈ ਪੰਜਾਬ ਪੁਲਿਸ ਨੇ ਕੇਂਦਰੀ ਏਜੰਸੀਆਂ ਨਾਲ ਲਗਾਤਾਰ ਤਾਲਮੇਲ ਬਣਾਈ ਰੱਖਿਆ।

ਪੰਜਾਬ ਪੁਲਿਸ ਵੱਲੋਂ ਅੰਮ੍ਰਿਤ ਦਾਲਮ ਖ਼ਿਲਾਫ਼ ਰੈੱਡ ਨੋਟਿਸ ਵੀ ਜਾਰੀ ਕਰਵਾਇਆ ਗਿਆ ਸੀ ਅਤੇ ਉਸ ਦੇ ਜਾਅਲੀ ਪਾਸਪੋਰਟ ਤੇ ਵਿਦੇਸ਼ੀ ਟਿਕਾਣਿਆਂ ਨਾਲ ਸਬੰਧਤ ਜਾਣਕਾਰੀ ਸਮੇਂ-ਸਮੇਂ 'ਤੇ ਕੇਂਦਰੀ ਏਜੰਸੀਆਂ ਨਾਲ ਸਾਂਝੀ ਕੀਤੀ ਜਾਂਦੀ ਰਹੀ। ਇਨ੍ਹਾਂ ਸਾਂਝੀਆਂ ਕੋਸ਼ਿਸ਼ਾਂ ਦੇ ਨਤੀਜੇ ਵਜੋਂ ਮੋਲਦੋਵਾ ਵਿੱਚ ਉਸ ਦੀ ਪਛਾਣ ਅਤੇ ਗ੍ਰਿਫ਼ਤਾਰੀ ਤੋਂ ਬਾਅਦ ਹਵਾਲਗੀ ਦੀ ਪ੍ਰਕਿਰਿਆ ਨੂੰ ਅੰਜਾਮ ਤੱਕ ਪਹੁੰਚਾਇਆ ਗਿਆ।

ਪੰਜਾਬ ਪੁਲਿਸ ਵੱਲੋਂ ਇਸ ਹਵਾਲਗੀ ਨੂੰ ਵਿਦੇਸ਼ਾਂ ਵਿੱਚ ਲੁਕੇ ਗੈਂਗਸਟਰਾਂ ਅਤੇ ਭਗੌੜੇ ਅਪਰਾਧੀਆਂ ਨੂੰ ਕਾਨੂੰਨ ਦੇ ਕਟਹਿਰੇ ਵਿੱਚ ਲਿਆਉਣ ਦੀ ਦਿਸ਼ਾ ਵਿੱਚ ਇੱਕ ਅਹਿਮ ਕਦਮ ਦੱਸਿਆ ਗਿਆ ਹੈ।

### ਗੁਰਪ੍ਰੀਤ ਸਿੰਘ ਨੂੰ ਕਾਂਗਰਸ ਸੇਵਾ ਦਲ ਬਠਿੰਡਾ ਦਿਹਾਤੀ ਦਾ ਪ੍ਰਧਾਨ ਬਣਾਏ ਜਾਣ 'ਤੇ

# ਕ੍ਰਿਸ਼ਨ ਸਿੰਘ ਭਾਗੀਵਾਂਦਰ ਵੱਲੋਂ ਵਧਾਈ



**ਤਲਵੰਡੀ ਸਾਬੋ, 13 ਸਤੰਬਰ (ਗੁਰਜੰਟ ਸਿੰਘ ਨਥੇਹਾ)**- ਹਲਕਾ ਤਲਵੰਡੀ ਸਾਬੋ ਦੇ ਪਿੰਡ ਜੀਵਨ ਸਿੰਘ ਵਾਲਾ ਦੇ ਵਸਨੀਕ ਗੁਰਪ੍ਰੀਤ ਸਿੰਘ ਨੂੰ ਕਾਂਗਰਸ ਹਾਈਕਮਾਂਡ ਵੱਲੋਂ ਕਾਂਗਰਸ ਸੇਵਾ ਦਲ ਬਠਿੰਡਾ ਦਿਹਾਤੀ ਦਾ ਪ੍ਰਧਾਨ ਨਿਯੁਕਤ ਕੀਤੇ ਜਾਣ 'ਤੇ ਕਾਂਗਰਸ ਦੇ ਤਲਵੰਡੀ ਸਾਬੋ ਬਲਾਕ ਪ੍ਰਧਾਨ ਕ੍ਰਿਸ਼ਨ ਸਿੰਘ ਭਾਗੀਵਾਂਦਰ ਵੱਲੋਂ ਵਧਾਈਆਂ ਅਤੇ ਸ਼ੁਭਕਾਮਨਾਵਾਂ ਦਿੱਤੀਆਂ ਗਈਆਂ। ਇਸ ਮੌਕੇ ਕ੍ਰਿਸ਼ਨ ਸਿੰਘ ਭਾਗੀਵਾਂਦਰ ਨੇ ਕਿਹਾ ਕਿ ਗੁਰਪ੍ਰੀਤ ਸਿੰਘ ਨੂੰ ਕਾਂਗਰਸ ਸੇਵਾ ਦਲ ਬਠਿੰਡਾ ਦਿਹਾਤੀ ਦੀ ਮਾਣਯੋਗ ਜ਼ਿੰਮੇਵਾਰੀ ਮਿਲਣਾ ਪਿੰਡ ਜੀਵਨ ਸਿੰਘ ਵਾਲਾ, ਹਲਕਾ ਤਲਵੰਡੀ ਸਾਬੋ ਅਤੇ ਸਮੂਹ ਕਾਂਗਰਸੀ ਵਰਕਰਾਂ ਲਈ ਮਾਣ ਵਾਲੀ ਗੱਲ ਹੈ। ਉਨ੍ਹਾਂ ਕਿਹਾ ਕਿ ਗੁਰਪ੍ਰੀਤ ਸਿੰਘ ਇੱਕ ਮਿਹਨਤੀ ਅਤੇ ਸਮਰਪਿਤ ਵਰਕਰ ਹਨ, ਜਿਨ੍ਹਾਂ ਨੂੰ ਪਾਰਟੀ ਵੱਲੋਂ ਦਿੱਤੀ ਗਈ ਇਸ ਜ਼ਿੰਮੇਵਾਰੀ ਨੂੰ ਉਹ ਪੂਰੀ ਮਿਹਨਤ, ਲਗਨ ਅਤੇ ਇਮਾਨਦਾਰੀ ਨਾਲ ਨਿਭਾਉਣਗੇ। ਉਨ੍ਹਾਂ ਆਸ ਪ੍ਰਗਟਾਈ ਕਿ ਗੁਰਪ੍ਰੀਤ ਸਿੰਘ ਆਪਣੀ ਨਵੀਂ ਜ਼ਿੰਮੇਵਾਰੀ ਨੂੰ ਤਨਦੇਹੀ ਨਾਲ ਨਿਭਾਉਂਦਿਆਂ ਕਾਂਗਰਸ ਸੇਵਾ ਦਲ ਨੂੰ ਹੋਰ ਮਜ਼ਬੂਤ ਕਰਨਗੇ ਅਤੇ ਪਾਰਟੀ ਦੀਆਂ ਨੀਤੀਆਂ ਨੂੰ ਘਰ-ਘਰ ਪਹੁੰਚਾਉਣ ਵਿੱਚ ਅਹਿਮ ਭੂਮਿਕਾ ਨਿਭਾਉਣਗੇ। ਉਨ੍ਹਾਂ ਗੁਰਪ੍ਰੀਤ ਸਿੰਘ ਦੀ ਚੜ੍ਹਦੀ ਕਲਾ ਅਤੇ ਭਵਿੱਖ ਵਿੱਚ ਹੋਰ ਤਰੱਕੀ ਲਈ ਵਾਹਿਗੁਰੂ ਜੀ ਅੱਗੇ ਅਰਦਾਸ ਵੀ ਕੀਤੀ। ਇਸ ਮੌਕੇ ਹਰਨਾਂ ਤੋਂ ਇਲਾਵਾ ਰਣਬੀਰ ਸਿੰਘ ਸੇਖਪੁਰਾ ਜਿਲਾ ਵਾਈਸ ਪ੍ਰਧਾਨ ਬਠਿੰਡਾ ਦਿਹਾਤੀ, ਰਾਮ ਸਿੰਘ ਲੇਲੇਵਾਲਾ, ਜਗਤਾਰ ਸਿੰਘ ਮੈਨੂੰਆਣਾ, ਮੇਜਰ ਸਿੰਘ ਜਗਾ ਰਾਮ ਤੀਰਥ, ਵਿਕਾਸ ਸ਼ਰਮਾ ਤਲਵੰਡੀ, ਬਲਜੀਤ ਸਿੰਘ ਭਾਗੀਵਾਂਦਰ ਯੂਥ ਆਗੂ ਸ਼ਾਮਿਲ ਸਨ।



## ਤੇਰੀ ਓਟ ਆਸ਼ਿਆਨਾ ਗਦਲੀ ਦੇ ਮੁਖੀ ਸ੍ਰੀ ਮਾਨ ਗਿਆਨੀ ਭੁਪਿੰਦਰ ਸਿੰਘ ਨੇ ਨਾਇਬ ਤਹਿਸੀਲਦਾਰ ਮੈਡਮ ਅਕਵਿੰਦਰ ਕੌਰ ਨੂੰ ਕੀਤਾ ਸਨਮਾਨਤ



**ਚੌਕ ਮਹਿਤਾ, 13 ਸਤੰਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ)**-ਘਰ "ਤੇਰੀ ਓਟ ਆਸ਼ਿਆਨਾ", ਪਿੰਡ ਗਦਲੀ, ਜ਼ਿਲ੍ਹਾ ਅੰਮ੍ਰਿਤਸਰ ਸਾਹਿਬ ਦੇ ਮੁਖੀ ਪੰਥ ਪ੍ਰਸਿੱਧ ਕਥਾਵਾਚਕ ਗਿਆਨੀ ਭੁਪਿੰਦਰ ਸਿੰਘ ਗਦਲੀ ਵੱਲੋਂ ਜੰਡਿਆਲਾ ਗੁਰੂ ਦੀ ਸਬ-ਤਹਿਸੀਲ ਵਿਖੇ ਨਾਇਬ ਤਹਿਸੀਲਦਾਰ ਮੈਡਮ ਅਕਵਿੰਦਰ ਕੌਰ ਜੀ, ਪਤਨੀ ਸ਼ਹੀਦ ਨਾਇਕ ਮਨਿੰਦਰ ਸਿੰਘ ਜੀ, ਦਾ ਸੰਸਥਾ ਵੱਲੋਂ ਸਿਰੋਪਾਓ ਅਤੇ ਸਨਮਾਨ-ਚਿੰਨ੍ਹ (ਸ਼ੀਲਡ) ਭੇਟ ਕਰਕੇ ਸਨਮਾਨ ਕੀਤਾ ਗਿਆ। ਗਿਆਨੀ ਜੀ ਨੇ ਕਿਹਾ ਮੈਡਮ ਦੇ ਪਤੀ ਨਾਇਕ ਮਨਿੰਦਰ ਸਿੰਘ 3-ਪੰਜਾਬ ਰੈਜੀਮੈਂਟ ਵਿੱਚ ਦੇਸ਼ ਦੀ ਸੇਵਾ ਕਰਦੇ ਹੋਏ ਸਿਆਚੀਨ ਗਲੇਸ਼ੀਅਰ ਤੇ ਮਿਤੀ 18/11/2019 ਨੂੰ ਸ਼ਹੀਦ ਹੋ ਗਏ ਸਨ ਇਸ ਕਰਕੇ ਨਾਇਬ ਤਹਿਸੀਲਦਾਰ ਦੇ ਨਾਲ ਦੇਸ਼ ਦੇ ਸ਼ਹੀਦ ਦੀ ਸਪਤਨੀ ਹੋਣ ਦਾ ਵੀ ਮਾਣ ਹੈ ਸਮਾਜ ਅਤੇ ਦੇਸ਼ ਪ੍ਰਤੀ ਨਿਭਾਈਆਂ ਜਾ ਰਹੀਆਂ ਸੇਵਾਵਾਂ ਲਈ ਸੰਸਥਾ ਵੱਲੋਂ ਮੈਡਮ ਅਕਵਿੰਦਰ ਕੌਰ ਜੀ ਦਾ ਦਿਲੋਂ ਸਤਿਕਾਰ ਅਤੇ ਧੰਨਵਾਦ ਕੀਤਾ ਗਿਆ। ਜਿਗਰ ਯੋਗ ਹੈ ਤੇਰੀ ਓਟ ਆਸ਼ਿਆਨਾ ਗਦਲੀ ਦੇ ਮੁੱਖੀ ਸਤਿਕਾਰ ਯੋਗ ਗਿਆਨੀ ਭੁਪਿੰਦਰ ਸਿੰਘ ਗਦਲੀ ਸ੍ਰੀ ਅੰਮ੍ਰਿਤਸਰ ਸਾਹਿਬ ਵਾਲੇ ਸਮਾਜ ਭਲਾਈ ਕਾਰਜ ਬਹੁਤ ਅੱਗੇ ਹੋਕੇ ਦਿਨ ਰਾਤ ਇੱਕ ਕਰਕੇ ਮਨੁਖਤਾ ਦੀ ਸੇਵਾ ਕਰ ਰਹੇ ਹਨ।

# ਅਕਾਲ ਯੂਨੀਵਰਸਿਟੀ ਵਿਖੇ ਤੀਜਾ ਵੋਟਰ ਰਜਿਸਟ੍ਰੇਸ਼ਨ ਕੈਂਪ ਆਯੋਜਿਤ





**ਤਲਵੰਡੀ ਸਾਬੋ, 13 ਸਤੰਬਰ (ਗੁਰਜੰਟ ਸਿੰਘ ਨਥੇਹਾ)**- ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਬਠਿੰਡਾ ਸ੍ਰੀ ਰਾਜੇਸ਼ ਧੀਮਾਨ ਦੇ ਦਿਸ਼ਾ-ਨਿਰਦੇਸ਼ਾਂ, ਐਸ.ਡੀ.ਐਮ. ਤਲਵੰਡੀ ਸਾਬੋ ਸ੍ਰੀਮਤੀ ਵੀਰਪਾਲ ਕੌਰ ਦੀ ਅਗਵਾਈ ਅਤੇ ਸਵੀਪ ਨੋਡਲ ਇੰਚਾਰਜ ਸ੍ਰੀ ਮਦਨ ਲਾਲ ਛਾਬੜਾ ਦੀ ਦੇਖ-ਰੇਖ ਹੇਠ ਸਵੀਪ ਟੀਮ ਵੱਲੋਂ ਅਕਾਲ ਯੂਨੀਵਰਸਿਟੀ, ਤਲਵੰਡੀ ਸਾਬੋ ਵਿਖੇ ਤੀਜਾ ਵੋਟਰ ਰਜਿਸਟ੍ਰੇਸ਼ਨ ਕੈਂਪ ਲਗਾਇਆ ਗਿਆ। ਕੈਂਪ ਦੌਰਾਨ ਯੋਗ ਵਿਦਿਆਰਥੀਆਂ ਨੂੰ ਵੋਟਰ ਵਜੋਂ ਰਜਿਸਟਰ ਕਰਨ ਲਈ ਸਵੀਪ ਟੀਮ ਵੱਲੋਂ ਮੌਕੇ 'ਤੇ ਹੀ ECINET ਐਪ ਰਾਹੀਂ ਆਨਲਾਈਨ ਅਰਜ਼ੀਆਂ ਭਰਵਾਈਆਂ ਗਈਆਂ। ਟੀਮ ਮੈਂਬਰਾਂ ਨੇ ਵਿਦਿਆਰਥੀਆਂ ਨੂੰ ਵੋਟਰ ਰਜਿਸਟ੍ਰੇਸ਼ਨ ਦੀ ਪ੍ਰਕਿਰਿਆ ਸਬੰਧੀ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਅਤੇ ਆਨਲਾਈਨ ਅਰਜ਼ੀਆਂ ਦਾਖ਼ਲ ਕਰਨ ਵਿੱਚ ਲੋੜੀਂਦੀ ਸਹਾਇਤਾ ਪ੍ਰਦਾਨ ਕੀਤੀ। ਇਸ ਮੌਕੇ ਪਹਿਲਾਂ ਕਰਵਾਏ ਗਏ ਭਾਸ਼ਣ ਮੁਕਾਬਲੇ ਵਿੱਚ ਭਾਗ ਲੈਣ ਵਾਲੇ ਵਿਦਿਆਰਥੀਆਂ ਨੂੰ ਵੀ ਸਵੀਪ ਟੀਮ ਵੱਲੋਂ ਇਨਾਮ ਪ੍ਰਦਾਨ ਕਰਕੇ ਉਨ੍ਹਾਂ ਦੀ ਹੌਸਲਾ-ਅਫ਼ਜ਼ਾਈ ਕੀਤੀ ਗਈ। ਇਸ ਉਪਰਾਲੇ ਦਾ ਉਦੇਸ਼ ਨੌਜਵਾਨਾਂ ਵਿੱਚ ਵੋਟ ਦੀ ਮਹੱਤਤਾ, ਲੋਕਤੰਤਰਿਕ ਪ੍ਰਕਿਰਿਆ ਵਿੱਚ ਉਨ੍ਹਾਂ ਦੀ ਭੂਮਿਕਾ ਅਤੇ ਜ਼ਿੰਮੇਵਾਰ ਨਾਗਰਿਕ ਵਜੋਂ ਆਪਣੇ ਵੋਟ ਦੇ ਅਧਿਕਾਰ ਦੀ ਵਰਤੋਂ ਪ੍ਰਤੀ ਜਾਗਰੂਕਤਾ ਪੈਦਾ ਕਰਨਾ ਸੀ। ਕੈਂਪ ਦੌਰਾਨ ਵਿਦਿਆਰਥੀਆਂ ਨੂੰ ਆਪਣੇ ਵੋਟ ਦੇ ਅਧਿਕਾਰ ਦੀ ਮਹੱਤਤਾ ਬਾਰੇ ਜਾਣਕਾਰੀ ਦਿੰਦਿਆਂ ਵੱਧ ਤੋਂ ਵੱਧ ਯੋਗ ਨੌਜਵਾਨਾਂ ਨੂੰ ਵੋਟਰ ਵਜੋਂ ਰਜਿਸਟਰ ਹੋਣ ਅਤੇ ਲੋਕਤੰਤਰ ਨੂੰ ਮਜ਼ਬੂਤ ਕਰਨ ਵਿੱਚ ਆਪਣੀ ਸਰਗਰਮ ਭੂਮਿਕਾ ਨਿਭਾਉਣ ਲਈ ਪ੍ਰੇਰਿਤ ਕੀਤਾ ਗਿਆ। ਅਕਾਲ ਯੂਨੀਵਰਸਿਟੀ ਪ੍ਰਸ਼ਾਸਨ ਅਤੇ ਡੀਨ ਸਟੂਡੈਂਟਸ ਵੈਲਫੇਅਰ ਡਾ. ਜਨਪ੍ਰੀਤ ਸਿੰਘ ਦੇ ਸਹਿਯੋਗ ਨਾਲ ਇਹ ਕੈਂਪ ਸਫਲਤਾਪੂਰਵਕ ਸੰਪੰਨ ਹੋਇਆ। ਯੂਨੀਵਰਸਿਟੀ ਵੱਲੋਂ ਨੌਜਵਾਨਾਂ ਵਿੱਚ ਵੋਟਰ ਜਾਗਰੂਕਤਾ ਅਤੇ ਲੋਕਤੰਤਰਿਕ ਕਦਰਾਂ-ਕੀਮਤਾਂ ਨੂੰ ਉਤਸ਼ਾਹਿਤ ਕਰਨ ਲਈ ਅਜਿਹੇ ਉਪਰਾਲਿਆਂ ਨੂੰ ਭਵਿੱਖ ਵਿੱਚ ਵੀ ਜਾਰੀ ਰੱਖਣ ਦੀ ਵਚਨਬੱਧਤਾ ਪ੍ਰਗਟਾਈ ਗਈ। ਇਸ ਮੌਕੇ ਸਵੀਪ ਟੀਮ ਦੇ ਮੈਂਬਰ ਪੂਜਾ ਗਰੋਵਰ, ਜਗਦੀਪ ਸਿੰਘ, ਮਧੂ ਮੈਡਮ ਅਤੇ ਸਿੰਪੀ ਮੈਡਮ ਹਾਜ਼ਰ ਸਨ।

ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼ ਪਾਤਸ਼ਾਹੀ ਦਸਵੀਂ ਭਾਈ ਫੱਤੂ ਸੱਮੋ ਦੀਆਂ ਟਾਹਲੀਆਂ ਬਰਾਂਚ ਦਮਦਮੀ ਟਕਸਾਲ ਜੱਥਾ ਭਿੰਡਰਾ ਮਹਿਤਾ ਸਮਸਦੀਨ ਚਿਸਤੀ ਜਲਾਲਾਬਾਦ ਵਿਖੇ

# ਦਮਦਮੀ ਟਕਸਾਲ ਸੇਵਕ ਜਥੇ ਦਾ ਵਿਸਥਾਰ



ਫ਼ਿਰੋਜ਼ਪੁਰ, 13 ਸਤੰਬਰ (ਮਨੋਹਰ ਲਾਲ) :— ਮਹਾਂਪੁਰਖ ਸ਼੍ਰੀਮਾਨ ਸੰਤ ਗਿਆਨੀ ਹਰਨਾਮ ਸਿੰਘ ਖ਼ਾਲਸਾ ਭਿੰਡਰਾਂਵਾਲਾ ਵੱਲੋਂ ਆਰੰਭੇ ਕਾਰਜਾਂ ਨੂੰ ਅੱਗੇ ਵਧਾਉਂਦਿਆਂ ਦਮਦਮੀ ਟਕਸਾਲ ਸੇਵਕ ਜਥੇ ਵੱਲੋਂ ਅੱਜ ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼ ਪਾਤਸ਼ਾਹੀ ਦਸਵੀਂ ਭਾਈ ਫੱਤੂ ਸੱਮੂ ਦੀਆਂ ਟਾਹਲੀਆਂ ਬਰਾਂਚ ਦਮਦਮੀ ਟਕਸਾਲ ਜੱਥਾ ਭਿੰਡਰਾ ਮਹਿਤਾ ਸਮਸਦੀਨ ਚਿਸਤੀ ਜਲਾਲਾਬਾਦ ਵਿਖੇ ਇੱਕ ਵਿਸ਼ੇਸ਼ ਸਮਾਗਮ ਦੌਰਾਨ ਜਥੇਬੰਦੀ ਦਾ ਵਿਸਥਾਰ ਕੀਤਾ ਗਿਆ।

ਇਸ ਸ਼ੁਭ ਕਾਰਜ ਮੌਕੇ ਦਮਦਮੀ ਟਕਸਾਲ ਤੋਂ ਉਚੇਚੇ ਤੌਰ ਤੇ ਪਹੁੰਚੇ ਮੁੱਖ ਬੁਲਾਰੇ ਜਥੇਦਾਰ ਗਿਆਨੀ ਸੁਖਦੇਵ ਸਿੰਘ ਖ਼ਾਲਸਾ ਨੇ ਨਵੇਂ ਚੁਣੇ ਗਏ ਦਮਦਮੀ ਟਕਸਾਲ ਸੇਵਕ ਜਥੇ ਦੇ ਸਮੂਹ ਅਹੁਦੇਦਾਰਾਂ ਅਤੇ ਮੈਂਬਰਾਂ ਨੂੰ ਗੁਰੂ ਘਰ ਦੀ ਬਖ਼ਸ਼ਿਸ਼ ਸਿਰੋਪਾਓ ਭੇਂਟ ਕਰਕੇ ਸਨਮਾਨਿਤ ਕੀਤਾ।

## ਨਵੇਂ ਅਹੁਦੇਦਾਰਾਂ ਦਾ ਸਿਰੋਪਾਓ ਨਾਲ ਸਨਮਾਨ

ਇਸ ਮੌਕੇ ਤੇ ਵਿਸ਼ੇਸ਼ ਤੌਰ ਤੇ ਬਾਬਾ ਜੱਜ ਸਿੰਘ ਤੇ ਪੂਰਨ ਸਿੰਘ ਪ੍ਰਧਾਨ ਫਾਜ਼ਿਲਕਾ ਨੂੰ ਸਨਮਾਨਿਤ ਕੀਤਾ। ਇਸ ਮੌਕੇ ਨਵ—ਨਿਯੁਕਤ ਅਹੁਦੇਦਾਰਾਂ ਅਤੇ ਮੈਂਬਰਾਂ ਨੇ ਜਥੇਬੰਦੀ ਦਾ ਧੰਨਵਾਦ ਕਰਦਿਆਂ ਪੂਰਨ ਵਿਸ਼ਵਾਸ ਦਿਵਾਇਆ ਕਿ ਉਹ ਦਮਦਮੀ ਟਕਸਾਲ ਸੇਵਕ ਜਥੇ ਦੇ ਪ੍ਰਚਾਰ ਅਤੇ ਪ੍ਰਸਾਰ ਲਈ ਦਿਨ—ਰਾਤ ਪੂਰੀ ਲਗਨ ਨਾਲ ਸੇਵਾ ਨਿਭਾਉਣਗੇ ਅਤੇ ਇਸ ਵਿੱਚ ਕੋਈ ਕਸਰ ਬਾਕੀ ਨਹੀਂ ਛੱਡਣਗੇ।

ਨਮਕ ਮੰਡੀ ਫਿਰੋਜ਼ਪੁਰ ਸਹਿਰ ਵਿਖੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਸਰਕਾਰ ਵੱਲੋਂ

# ਮੁਫ਼ਤ ਰਾਸ਼ਨ ਕਿੱਟਾਂ ਅਤੇ ਕਣਕ ਦੀ ਹੋਈ ਵੰਡ : ਪੂਜਾ ਧਵਨ



**ਫ਼ਿਰੋਜ਼ਪੁਰ, 13 ਸਤੰਬਰ (ਮਨੋਹਰ ਲਾਲ) :—** ਆਮ ਆਦਮੀ ਪਾਰਟੀ ਦੀ ਪੰਜਾਬ ਸਰਕਾਰ ਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਲੋਕਾਂ ਦੀ ਭਲਾਈ ਲਈ ਚਲਾਈਆਂ ਜਾ ਰਹੀਆਂ ਯੋਜਨਾਵਾਂ ਤਹਿਤ ਅੱਜ ਨਮਕ ਮੰਡੀ ਫਿਰੋਜ਼ਪੁਰ ਸ਼ਹਿਰ ਵਿਖੇ ਸਥਿਤ ਪੂਜਾ ਧਵਨ ਦੇ ਡੀਪੂ ਹੋਲਡਰ ਵਿਖੇ ਰਾਸ਼ਨ ਕਿੱਟਾਂ ਅਤੇ ਕਣਕ ਦੀ ਵੰਡ ਬਹੁਤ ਹੀ ਸੁਚਾਰੂ ਢੰਗ ਨਾਲ ਕੀਤੀ ਗਈ।

ਡੀਪੂ ਹੋਲਡਰ ਪੂਜਾ ਧਵਨ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸਰਕਾਰ ਵੱਲੋਂ ਭੇਜੀਆਂ ਗਈਆਂ ਰਾਸ਼ਨ ਕਿੱਟਾਂ ਵਿੱਚ ਹਰ ਪਰਿਵਾਰ ਨੂੰ 2 ਕਿੱਲੋ ਛੋਲਿਆਂ ਦੀ ਦਾਲ, 200 ਗ੍ਰਾਮ ਹਲਦੀ, 1 ਕਿੱਲੋ ਨਮਕ, 1 ਕਿੱਲੋ ਸਰ੍ਹੋਂ ਦਾ ਤੇਲ, 2 ਕਿਲੋ ਖੰਡ ਦਿੱਤੀ ਗਈ। ਉਨ੍ਹਾਂ ਕਿਹਾ ਕਿ ਰਾਸ਼ਨ ਵੰਡ ਪ੍ਰਕਿਰਿਆ ਨੂੰ ਸੁਚਾਰੂ ਬਣਾਉਣ ਲਈ ਹਰ ਪਰਿਵਾਰ ਨੂੰ ਟੈਲੀਫ਼ੋਨ ਕਰਕੇ ਪਹਿਲਾਂ ਹੀ ਸੂਚਿਤ ਕੀਤਾ ਗਿਆ ਸੀ ਤਾਂ ਜੋ ਲੋਕਾਂ ਨੂੰ ਡੀਪੂ ਤੇ ਆ ਕੇ ਪ੍ਰੇਸ਼ਾਨ ਨਾ ਹੋਣਾ ਪਵੇ ਅਤੇ ਉਹ ਆਸਾਨੀ ਨਾਲ ਆਪਣੀਆਂ ਕਿੱਟਾਂ ਪ੍ਰਾਪਤ ਕਰ ਸਕਣ।ਕਣਕ ਦੀ ਵੰਡ ਬਾਰੇ ਜਾਣਕਾਰੀ ਦਿੰਦਿਆਂ ਪੂਜਾ ਧਵਨ ਨੇ ਦੱਸਿਆ ਕਿ ਇਸ ਵਾਰ ਜੁਲਾਈ, ਅਗਸਤ, ਸਤੰਬਰ ਅਤੇ ਅਕਤੂਬਰ (ਕੁੱਲ ਚਾਰ ਮਹੀਨਿਆਂ) ਦੀ ਇਕੱਠੀ ਕਣਕ ਆਈ ਹੈ, ਜਿਸ ਤਹਿਤ ਪਰਿਵਾਰ ਦੇ ਹਰੇਕ ਜੀਅ (ਮੈਂਬਰ) ਨੂੰ 20 ਕਿੱਲੋ ਕਣਕ ਵੰਡੀ ਗਈ ਹੈ। ਉਨ੍ਹਾਂ ਦੱਸਿਆ ਕਿ ਇਸ ਤੋਂ ਪਹਿਲਾਂ ਪਿਛਲੀ ਵਾਰ ਤਿੰਨ ਮਹੀਨਿਆਂ ਦੀ 15 ਕਿੱਲੋ ਪ੍ਰਤੀ ਜੀਅ ਦੇ ਹਿਸਾਬ ਨਾਲ ਕਣਕ ਦੀ ਵੰਡ ਕੀਤੀ ਗਈ ਸੀ। ਇਸ ਮੌਕੇ ਡੀਪੂ ਤੇ ਰਾਸ਼ਨ ਅਤੇ ਕਣਕ ਲੈਣ ਆਏ ਆਮ ਲੋਕਾਂ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਧੰਨਵਾਦ ਕੀਤਾ। ਲੋਕਾਂ ਨੇ ਕਿਹਾ ਕਿ ਪੰਜਾਬ ਸਰਕਾਰ ਦਾ ਇਹ ਬਹੁਤ ਹੀ ਚੰਗਾ ਉਪਰਾਲਾ ਹੈ, ਜਿਸ ਨਾਲ ਗਰੀਬ ਅਤੇ ਲੋੜਵੰਦ ਪਰਿਵਾਰਾਂ ਨੂੰ ਸਮੇਂ ਸਿਰ ਰਾਸ਼ਨ ਅਤੇ ਖਾਣ—ਪੀਣ ਦੀਆਂ ਜ਼ਰੂਰੀ ਵਸਤੂਆਂ ਮਿਲ ਰਹੀਆਂ ਹਨ।ਇਸ ਮੌਕੇ ਵੱਡੀ ਗਿਣਤੀ ਵਿੱਚ ਇਲਾਕਾ ਨਿਵਾਸੀ ਹਾਜ਼ਰ ਸਨ।

# ਵਣ ਸ਼ਹੀਦੀ ਦਿਵਸ ਤੇ ਕਰਵਾਇਆ ਵਿਸ਼ੇਸ਼ ਸਮਾਗਮ



ਫ਼ਿਰੋਜ਼ਪੁਰ, 13 ਸਤੰਬਰ (ਮਨੋਹਰ ਲਾਲ) :— ਅੱਜ ਪੰਜਾਬ ਫੋਰੈਸਟ ਪੈਨਸ਼ਨਰਜ ਐਸੋਸੀਏਸ਼, ਅਖਿਲ ਭਾਰਤੀ ਜੀਵ ਰੱਖਿਆ ਸਭਾ, ਵਣ ਵਿਭਾਗ ਅਤੇ ਜੰਗਲੀ ਜੀਵ ਸੁਰੱਖਿਆ ਵਿਭਾਗ ਦੇ ਸਹਿਯੋਗ ਨਾਲ ਵਣ ਸ਼ਹੀਦੀ ਦਿਵਸ ਮਨਾਇਆ ਗਿਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਮੁਹਿੰਦਰ ਸਿੰਘ ਧਾਲੀਵਾਲ ਜਨਰਲ ਸਕੱਤਰ ਪੰਜਾਬ ਫੋਰੈਸਟ ਪੈਨਸ਼ਨਰਜ ਐਸੋਸੀਏਸ਼ਨ ਕਿ ਵਣ ਸ਼ਹੀਦੀ ਦਿਵਸ ਸ਼ਹੀਦ ਮਾਤਾ ਸ੍ਰੀਮਤੀ ਅੰਮ੍ਰਿਤਾ ਦੇਵੀ ਪਾਰਕ ਮਹਿਰਾਜਪੁਰ ਤਹਿਸੀਲ ਅਬੋਹਰ ਜਿਲ੍ਹਾ ਫਾਜ਼ਿਲਕਾ ਜ਼ਿਲ੍ਹੇ ਵਿਖੇ ਮਨਾਇਆ ਗਿਆ, ਜਿਸ ਦੀ ਅਗਵਾਈ ਵਣ ਮੰਡਲ ਅਫ਼ਸਰ ਸ਼੍ਰੀ ਮੁਕਤਸਰ ਸਾਹਿਬ ਨੇ ਕੀਤੀ। ਇਸ ਸਮਾਗਮ ਦੌਰਾਨ ਵੱਖ—ਵੱਖ ਬੁਲਾਰਿਆਂ ਨੇ ਵਾਤਾਵਰਨ ਬਚਾਉਣ ਜੰਗਲੀ ਜੀਵਾਂ ਦੀ ਰਾਖ਼ੀ ਕਰਦੇ ਹੋਏ ਸ਼ਿਕਾਰੀਆਂ ਹੱਥੋਂ, ਲੈਂਡ ਮਾਫ਼ੀਆ ਆਏ ਰੁੱਖਾਂ ਦੀ ਰਾਖ਼ੀ ਕਰਦੇ ਸ਼ਹੀਦ ਹੋਏ ਵਣ ਵਿਭਾਗ ਦੇ ਅਧਿਕਾਰੀਆਂ, ਕਰਮਚਾਰੀਆਂ ਅਤੇ ਮਜਦੂਰਾਂ ਤੋਂ ਇਲਾਵਾ ਰਾਜਸਥਾਨ ਦੇ ਜ਼ਿਲ੍ਹਾ ਜੋਧਪੁਰ ਦੇ ਪਿੰਡ ਖੇਹਰੀ ਵਿਖੇ ਰੁੱਖਾਂ ਦੀ ਰਾਖ਼ੀ ਕਰਦੇ ਸ਼ਹੀਦ ਹੋਏ 363 ਨੂੰ ਯਾਦ ਕਰਦਿਆਂ ਸ਼ਰਧਾਂਜਲੀਆਂ ਅਰਪਿਤ ਕੀਤੀਆਂ।ਸ਼ਹੀਦਾਂ ਦੀ ਯਾਦ ਵਿੱਚ ਕਰਵਾਏ ਗਏ ਪ੍ਰਭਾਵਸ਼ਾਲੀ ਸਮਾਗਮ ਵਿੱਚ ਵੱਖ—ਵੱਖ ਬੁਲਾਰਿਆਂ ਨੇ ਵਾਤਾਵਰਨ ਬਚਾਉਣ ਅਤੇ ਹਰਿਆਵਲ ਲਹਿਰ ਨੂੰ ਬਚਾਉਣ ਤੇ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਰੁੱਖ ਜੀਵਨ ਦਾ ਆਧਾਰ ਹਨ ਅਤੇ ਰੁੱਖਾਂ ਦੀ ਕਟਾਈ ਕਰਨ ਨਾਲ਼ ਭਿਆਨਕ ਬਿਮਾਰੀਆਂ ਵੱਧ ਰਹੀਆਂ ਹਨ। ਇਸ ਮੌਕੇ ਵਣ ਵਿਭਾਗ ਦੇ ਸ਼ਹੀਦ ਹੋਏ ਸ਼੍ਰੀ ਓਮ ਪ੍ਰਕਾਸ਼ ਵਣ ਦੇ ਬੇਟੇ ਸ਼੍ਰੀ ਅਜੈ ਕੁਮਾਰ ਫੋਰੈਸਟ ਨੂੰ ਸਨਮਾਨਿਤ ਕੀਤਾ ਗਿਆ। ਇਸ ਮੌਕੇ ਕੌਸ਼ਲ ਕਿਸ਼ੋਰ ਵਣ ਮੰਡਲ ਅਫ਼ਸਰ ਸ੍ਰੀ ਮੁਕਤਸਰ ਸਾਹਿਬ, ਜਗਦੀਪ ਸਿੰਘ ਢਿੱਲੋਂ ਸਰਪਰਸਤ , ਬਲਵਿੰਦਰ ਸਿੰਘ ਸੰਧੂ ਸੂਬਾ ਪ੍ਰਧਾਨ, ਮੋਹਿੰਦਰ ਸਿੰਘ ਧਾਲੀਵਾਲ ਜਨਰਲ ਸਕੱਤਰ, ਰਸ਼ਪਾਲ ਸਿੰਘ ਬਠਿੰਡਾ, ਮੇਜਰ ਸਿੰਘ ਮੂੰਗਰਾ, ਹੇਮੰਤ ਕੁਮਾਰ ਰੇਂਜ ਅਫ਼ਸਰ ਅਬੋਹਰ, ਮੋਹਿੰਦਰ ਸਿੰਘ ਮੀਤ, ਆਰ.ਡੀ ਬਿਸ਼ਨੋਈ, ਰਵੀ ਕੁਮਾਰ ਬਰਗਾੜੀ ਸਰਕਲ ਪ੍ਰਧਾਨ, ਜੱਗਾ ਸਿੰਘ, ਅਸ਼ੋਕ ਕੁਮਾਰ ਮੀਤ ਪ੍ਰਧਾਨ, ਨੰਦ ਕਿਸ਼ੋਰ ਜਿਲ੍ਹਾ ਪ੍ਰਧਾਨ, ਰਮਨਦੀਪ ਕੌਰ, ਸਾਰਜ ਸਿੰਘ, ਗੀਟਾ ਰਾਣੀ, ਰੂਪਾਸ਼ ਬਲਾਕ ਅਫ਼ਸਰ ਆਦਿ ਨੇ ਸੰਬੋਧਨ ਕੀਤਾ।

# ਲੋਕ ਅਦਾਲਤ ਰਾਹੀਂ ਨਿਆਂ ਦੀ ਰਾਹ ਆਸਾਨ ਬਣਾਉਣ ਵਿੱਚ ਯੋਗਦਾਨ ਦੇ ਰਹੀ ਹੈ ਨਵਿਤਾ ਸਿੰਘਲ



ਫ਼ਿਰੋਜ਼ਪੁਰ, 13 ਸਤੰਬਰ (ਮਨੋਹਰ ਲਾਲ) :— ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਫਿਰੋਜ਼ਪੁਰ ਵੱਲੋਂ ਲਗਾਈ ਗਈ ਕੌਮੀ ਲੋਕ ਅਦਾਲਤ ਵਿੱਚ ਸਮਾਜ ਸੇਵਿਕਾ ਅਤੇ ਲੋਕ ਅਦਾਲਤ ਦੀ ਮੈਂਬਰ ਨਵਿਤਾ ਸਿੰਘਲ ਪਤਨੀ ਸੀ.ਏ. ਗਗਨਦੀਪ ਸਿੰਘਲ ਨੇ ਆਪਣੀ ਜ਼ਿੰਮੇਵਾਰੀ ਨਿਭਾਈ। ਇਸ ਦੌਰਾਨ ਉਨ੍ਹਾਂ ਦੀ ਡਿਊਟੀ ਸਿਵਲ ਜੱਜ (ਜੂਨੀਅਰ ਡਿਵੀਜ਼ਨ) ਸੁਸ਼ਰੀ ਰਾਧਿਕਾ ਲਿਖੀ ਨਾਲ ਲਗਾਈ ਗਈ।ਲੋਕ ਅਦਾਲਤ ਦੀ ਮੈਂਬਰ ਨਵਿਤਾ ਸਿੰਘਲ ਪਿਛਲੇ ਕਰੀਬ ਢਾਈ ਸਾਲਾਂ ਤੋਂ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਰਾਹੀਂ ਆਪਣੀਆਂ ਸੇਵਾਵਾਂ ਨਿਭਾ ਰਹੀ ਹੈ।ਸ਼ਨੀਵਾਰ ਨੂੰ ਲਗਾਈ ਗਈ ਕੌਮੀ ਲੋਕ ਅਦਾਲਤ ਦੌਰਾਨ ਉਨ੍ਹਾਂ ਨੇ ਜੱਜ ਰਾਧਿਕਾ ਲਿਖੀ ਦੇ ਨਾਲ ਮਾਮਲਿਆਂ ਦੇ ਨਿਪਟਾਰੇ ਦੀ ਪ੍ਰਕਿਰਿਆ ਵਿੱਚ ਮੈਂਬਰ ਵਜੋਂ ਆਪਣੀ ਜ਼ਿੰਮੇਵਾਰੀ ਨਿਭਾਈ।ਨਵਿਤਾ ਸਿੰਘਲ ਸਮਾਜ ਸੇਵਾ ਦੇ ਖੇਤਰ ਵਿੱਚ ਵੀ ਸਰਗਰਮ ਭੂਮਿਕਾ ਨਿਭਾਉਂਦੀ ਰਹੀ ਹੈ ਅਤੇ ਵੱਖ—ਵੱਖ ਸਮਾਜਿਕ ਗਤੀਵਿਧੀਆਂ ਨਾਲ ਜੁੜੀ ਹੋਈ ਹੈ। ਲੋਕ ਅਦਾਲਤ ਰਾਹੀਂ ਆਮ ਲੋਕਾਂ ਨੂੰ ਤੁਰੰਤ, ਸੌਖਾ ਅਤੇ ਸੁਲਭ ਨਿਆਂ ਮੁਹੱਈਆ ਕਰਵਾਉਣ ਦੀ ਦਿਸ਼ਾ ਵਿੱਚ ਵੀ ਉਹ ਲਗਾਤਾਰ ਆਪਣੀਆਂ ਸੇਵਾਵਾਂ ਦੇ ਰਹੀ ਹੈ।

# ਗਿਆਨੀ ਸੋਹਨ ਸਿੰਘ ਸੀਤਲ ਅਨੁਸਾਰ ਸ਼ੇਰ-ਏ-ਪੰਜਾਬ ਤੋਂ ਬਾਅਦ ਰਾਜ ਦੀ ਵਾਗਡੋਰ ਪਹਿਲਾਂ ਕੰਵਰ ਨੌ ਨਿਹਾਲ ਸਿੰਘ ਨੂੰ ਮਿਲਣੀ ਚਾਹੀਦੀ ਸੀ

## ਤਖ਼ਤ ’ਤੇ ਪਹਿਲਾਂ ਬਿਰਾਜਮਾਨ ਹੋਣ ਦਾ ਹੱਕਦਾਰ ਦਲੇਰ ਸਰਤਾਜ ਅਤੇ ਨੀਤੀਵਾਨ ਜਰਨੈਲ ਕੰਵਰ ਨੌ ਨਿਹਾਲ ਸਿੰਘ ਸੀ

ਗਿਆਨੀ ਸੋਹਨ ਸਿੰਘ ਸੀਤਲ ਅਨੁਸਾਰ ਮਹਾਰਾਜਾ ਰਣਜੀਤ ਸਿੰਘ ਦੇ ਅਕਾਲ ਚਲਾਣੇ ਤੋਂ ਤੁਰੰਤ ਬਾਅਦ ਲਾਹੌਰ ਦਰਬਾਰ ਅੰਦਰੂਨੀ ਸਾਜ਼ਿਸ਼ਾਂ ਅਤੇ ਬਾਹਰੀ ਖ਼ਤਰਿਆਂ ਦੇ ਇੱਕ ਬਹੁਤ ਹੀ ਨਾਜ਼ੁਕ ਮੋੜ ’ਤੇ ਖੜ੍ਹਾ ਸੀ। ਅਜਿਹੇ ਸਮੇਂ ਵਿੱਚ ਰਾਜ-ਪ੍ਰਬੰਧ ਨੂੰ ਸੰਭਾਲਣ ਲਈ ਇੱਕ ਬੇਹੱਦ ਚੁਸਤ, ਦੂਰਅੰਦੇਸ਼ ਅਤੇ ਰੋਹਬਦਾਰ ਅਗਵਾਈ ਦੀ ਲੋੜ ਸੀ। ਗਿਆਨੀ ਸੋਹਨ ਸਿੰਘ ਸ਼ੀਤਲ ਦਾ ਮੰਨਣਾ ਸੀ ਕਿ ਇਹ ਸਾਰੇ ਗੁਣ ਕੰਵਰ ਨੌ ਨਿਹਾਲ ਸਿੰਘ ਵਿੱਚ ਮੌਜੂਦ ਸਨ, ਇਸ ਲਈ ਰਾਜ ਦੀ ਵਾਗਡੋਰ ਸ਼ੁਰੂ ਤੋਂ ਹੀ ਉਹਨਾਂ ਦੇ ਹੱਥਾਂ ਵਿੱਚ ਆਉਣੀ ਚਾਹੀਦੀ ਸੀ। ਕੰਵਰ ਨੌ ਨਿਹਾਲ ਸਿੰਘ ਵਿੱਚ ਆਪਣੇ ਦਾਦੇ ਮਹਾਰਾਜਾ ਰਣਜੀਤ ਸਿੰਘ ਵਰਗੀ ਜਰਨੈਲੀ ਗਰਜ, ਫੌਜੀ ਸਮਰੱਥਾ ਅਤੇ ਸਿਆਸੀ ਸਮਝ ਸੀ। ਉਹਨਾਂ ਨੇ ਛੋਟੀ ਉਮਰ ਵਿੱਚ ਹੀ ਪਿਸ਼ਾਵਰ ਅਤੇ ਸਰਹੱਦੀ ਖੇਤਰਾਂ ਦੀਆਂ ਕਠਿਨ ਮੁਹਿੰਮਾਂ ਵਿੱਚ ਅਗਵਾਈ ਕਰਕੇ ਆਪਣੀ ਬਹਾਦਰੀ ਦਾ ਲੋਹਾ ਮੰਨਵਾ ਲਿਆ ਸੀ। ਇਸ ਤੋਂ ਇਲਾਵਾ, ਉਹ ਅੰਗਰੇਜ਼ਾਂ ਦੀ ‘ਪਾੜੋ ਅਤੇ ਰਾਜ ਕਰੋ’ ਦੀ ਨੀਤੀ ਅਤੇ ਲਾਹੌਰ ਦਰਬਾਰ ਵਿੱਚ ਉਹਨਾਂ ਦੇ ਵਧਦੇ ਦਖਲ ਤੋਂ ਪੂਰੀ ਤਰ੍ਹਾਂ ਸੁਚੇਤ ਸਨ ਅਤੇ ਰਾਜ ਦੀਆਂ ਸਰਹੱਦਾਂ ਨੂੰ ਮਜ਼ਬੂਤ ਰੱਖਣ ਦੇ ਪੱਖ ਵਿੱਚ ਸਨ। ਦਰਬਾਰੀ ਸਾਜ਼ਿਸ਼ੀਆਂ ਅਤੇ ਅੰਦਰੂਨੀ ਧੜੇਬੰਦੀ ਨੂੰ ਕਾਬੂ ਵਿੱਚ ਰੱਖਣ ਲਈ ਜਿਸ ਦ੍ਰਿੜ੍ਹਤਾ ਦੀ ਲੋੜ ਸੀ, ਉਹ ਕੰਵਰ ਨੌ ਨਿਹਾਲ ਸਿੰਘ ਦੀ ਸ਼ਖਸੀਅਤ ਦਾ ਅਹਿਮ ਹਿੱਸਾ ਸੀ। ਫੌਜ ਅਤੇ ਜਰਨੈਲਾਂ ਵਿੱਚ ਉਹਨਾਂ ਦਾ ਰੋਹਬ ਦਬਦਬਾ ਅਤੇ ਸਤਿਕਾਰ ਬਹੁਤ ਉੱਚਾ ਸੀ। ਗਿਆਨੀ ਸੋਹਨ ਸਿੰਘ ਸੀਤਲ ਦੇ ਅਨੁਸਾਰ ਜੇਕਰ ਰਾਜ-ਭਾਗ ਪਹਿਲਾਂ ਹੀ ਕੰਵਰ ਨੌ ਨਿਹਾਲ ਸਿੰਘ ਦੇ ਮਜ਼ਬੂਤ ਹੱਥਾਂ ਵਿੱਚ ਆ ਜਾਂਦਾ, ਤਾਂ ਲਾਹੌਰ ਦਰਬਾਰ ਵਿੱਚ ਅਰਾਜਕਤਾ ਨਾ ਫੈਲਦੀ ਅਤੇ ਸਿੱਖ ਰਾਜ ਨੂੰ ਇੱਕ ਅਟੁੱਟ ਸ਼ਕਤੀ ਵਜੋਂ ਕਾਇਮ ਰੱਖਿਆ ਜਾ ਸਕਦਾ ਸੀ।

**-ਪਰਗਟ ਸਿੰਘ ਬਲਬੇੜਾ, 9022000070**

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਅੱਜ 14 ਸਤੰਬਰ ਨੂੰ ਜਨਮ ਦਿਨ 'ਤੇ ਵਿਸ਼ੇਸ਼

# .ਗ਼ਦਰੀ ਬਾਬਾ ਬਲਵੰਤ ਸਿੰਘ ਕੈਨੇਡੀਅਨ

**ਦੂਜੇ ਲਾਹੌਰ** ਸਾਜਿਸ਼ ਕੇਸ ਵਿੱਚ ਲਾਹੌਰ ਜੇਲ੍ਹ ਵਿੱਚ ਫਾਂਸੀ ਦਾ ਰੱਸਾ ਚੁੰਮਣ ਵਾਲਾ ਮਹਾਨ ਸ਼ਹੀਦ ਗ਼ਦਰੀ ਬਾਬਾ ਬਲਵੰਤ ਸਿੰਘ ਕੈਨੇਡੀਅਨ ਅਜਿਹਾ ਸੂਰਬੀਰ ਯੋਧਾ ਸੀ, ਜਿਸ ਨੇ ਭਰ ਜਵਾਨੀ ਵਿੱਚ ਸ਼ਹਾਦਤ ਦਾ ਜਾਮ ਪੀਤਾ । ਭਾਈ ਬਲਵੰਤ ਸਿੰਘ ਦਾ ਜਨਮ ਜਲੰਧਰ ਜ਼ਿਲ੍ਹੇ ਦੇ ਉੱਘੇ ਪਿੰਡ ਖੁਰਦਪੁਰ (ਨੇੜੇ ਆਦਮਪੁਰ) ਵਿਖੇ ਸ। ਬੁੱਧ ਸਿੰਘ ਦੇ ਗ੍ਰਿਹਿ ਵਿਖੇ 14 ਸਤੰਬਰ, 1882 ਈ: ਨੂੰ ਹੋਇਆ । ਭਾਈ ਬਲਵੰਤ

ਆਵਾਜ਼ਿ ਕੌਮ AWAZE QAUM
International Newspaper & WEB TV



ਸਿੰਘ ਨੇ ਆਦਮਪੁਰ ਦੇ ਮਿਡਲ ਸਕੂਲ ਤੋਂ ਪੜ੍ਹਾਈ ਸ਼ੁਰੂ ਕੀਤੀ । ਪਰ ਉਸ ਸਮੇਂ ਬਾਲ ਵਿਆਹ ਦੀ ਰਸਮ ਪ੍ਰਚੱਲਤ ਸੀ, ਵਿਆਹ ਤੋਂ ਉਪਰੰਤ ਪੜ੍ਹਾਈ ਵਿੱਚ-ਵਿਚਾਲੇ ਹੀ ਛੱਡ ਦਿੱਤੀ । ਭਰ ਜਵਾਨੀ ਵਿੱਚ ਪੈਰ ਧਰਦਿਆਂ ਫੌਜ ਵਿੱਚ ਭਰਤੀ ਹੋ ਗਿਆ । ਜਦੋਂ ਭਾਈ ਬਲਵੰਤ ਸਿੰਘ ਦੀ ਪਲਟਨ ਗਰਦਾਨ (ਪਾਕਿਸਤਾਨ) ਵਿੱਚ ਸੀ ਤਾਂ ਇਨ੍ਹਾਂ ਦੀ ਸ਼ਖ਼ਸੀਅਤ ਉੱਤੇ ਪੰਜਾਬ ਦੀ ਪ੍ਰਸਿੱਧ ਧਾਰਮਿਕ ਹਸਤੀ ਬਾਬਾ ਕਰਮ ਸਿੰਘ ਹੋਤੀ ਮਰਦਾਨ ਦੀ ਸੰਗਤ ਦਾ ਅਜਿਹਾ ਅਸਰ ਹੋਇਆ, ਜਿਸ ਸਦਕਾ ਆਪ ਜੀ ਦਾ ਨਿਸ਼ਚਾ ਤੇ ਵਿਸ਼ਵਾਸ ਸਿੱਖ ਧਰਮ ਵਿੱਚ ਪਰਪੱਕ ਹੋ ਗਿਆ । 23 ਸਾਲ ਦੀ ਉਮਰ ਵਿੱਚ ਫੌਜ ਦੀ ਨੌਕਰੀ ਛੱਡ ਕੇ ਛੇਤੀ ਹੀ 1906 ਈ: ਵਿੱਚ ਕੈਨੇਡਾ ਚਲਾ ਗਿਆ । ਉਥੇ ਜਾ ਕੇ ਵੈਨਕੂਵਰ ਵਿੱਚ ਪਹਿਲਾ ਗੁਰੂ ਘਰ ਬਨਾਉਣ ਵਿੱਚ ਭਰਪੂਰ ਯੋਗਦਾਨ ਪਾਇਆ । ਸਿੱਖ ਸੰਗਤ ਨੇ ਇਨ੍ਹਾਂ ਨੂੰ ਸਿੱਖੀ ਵਿੱਚ ਪਰਪੱਕ ਵੇਖਦਿਆਂ ਗੁਰਦੁਆਰਾ ਸਾਹਿਬ ਦਾ ਗ੍ਰੰਥੀ ਨਿਯੁਕਤ ਕਰ ਦਿੱਤਾ । ਇਸੇ ਕਰਕੇ ਭਾਈ ਸ਼ਬਦ ਆਪ ਜੀ ਦੇ ਨਾਂਅ ਨਾਲ ਪੱਕੇ ਤੌਰ 'ਤੇ ਜੁੜ ਗਿਆ । ਕੈਨੇਡਾ ਸਰਕਾਰ ਨੇ 1908 ਈ: ਵਿੱਚ ਫੈਸਲਾ ਕੀਤਾ ਕਿ ਬ੍ਰਿਟਿਸ਼ ਕੋਲੰਬੀਆ (ਬੀ।ਸੀ।) ਵਿੱਚ ਰਹਿਣ ਵਾਲੇ ਹਿੰਦੁਸਤਾਨੀਆਂ ਨੂੰ ਅਮਰੀਕਾ ਦੀ ਹੌਂਡਰਸ ਕਾਲੋਨੀ ਵਿੱਚ ਅਬਾਦ ਕੀਤਾ ਜਾਵੇ । ਪਰ ਭਾਈ ਬਲਵੰਤ ਸਿੰਘ ਨੇ ਆਪਣੇ ਸਾਥੀਆਂ ਸਮੇਤ ਇਸ ਸਰਕਾਰੀ ਨੀਤੀ ਦੀ ਵਿਰੋਧਤਾ ਕੀਤੀ । 1909 ਈ: ਵਿੱਚ ਹਿੰਦੁਸਤਾਨ ਐਸੋਸੀਏਸ਼ਨ ਦੀ ਸਥਾਪਨਾ ਕੀਤੀ । ਇਸ ਸੰਸਥਾ ਦੇ ਖਜ਼ਾਨਚੀ ਭਾਈ ਬਲਵੰਤ ਸਿੰਘ ਨੂੰ ਨਿਯੁਕਤ ਕੀਤਾ ਗਿਆ।

ਇਸ ਐਸੋਸੀਏਸ਼ਨ ਦੇ ਸਾਰੇ ਹਿੰਦੁਸਤਾਨੀ ਪ੍ਰਵਾਸੀ ਮੈਂਬਰਾਂ ਨੇ ਕੈਨੇਡਾ ਸਰਕਾਰ ਵੱਲੋਂ ਭਾਰਤੀਆਂ ਦੇ ਪਰਿਵਾਰਾਂ ਨੂੰ ਕੈਨੇਡਾ ਨਾ ਆਉਣ ਦੇ ਯਤਨਾਂ ਵਿਰੁੱਧ ਅਵਾਜ਼ ਉਠਾਈ । 1911 ਈ: ਵਿੱਚ ਭਾਈ ਭਾਗ ਸਿੰਘ ਭਿੱਖੀਵਿੰਡ ਨਾਲ ਵਾਪਸ ਹਿੰਦੁਸਤਾਨ ਆ ਕੇ ਅਨੇਕਾਂ ਔਕੜਾਂ ਅਤੇ ਕਠਿਨਾਈਆਂ ਦੇ ਬਾਵਜੂਦ ਆਪਣੇ ਪਰਿਵਾਰ ਸਮੇਤ ਜਨਵਰੀ, 1912 ਈ: ਵਿੱਚ ਵੈਨਕੂਵਰ ਪਹੁੰਚੇ । 22 ਫਰਵਰੀ, 1913 ਈ: ਨੂੰ ਖ਼ਾਲਸਾ ਦੀਵਾਨ ਸੁਸਾਇਟੀ ਅਤੇ ਯੂਨਾਈਟਿਡ ਇੰਡੀਆ ਲੀਗ ਦੀ ਸਾਂਝੀ ਇਕੱਤਰਤਾ ਵਿੱਚ ਇਹ ਫੈਸਲਾ ਸਰਬਸੰਮਤੀ ਨਾਲ ਕੀਤਾ ਗਿਆ ਕਿ ਇੰਗਲੈਂਡ ਅਤੇ ਹਿੰਦੁਸਤਾਨ ਦੋਨਾਂ ਦੇਸ਼ਾਂ ਵਿੱਚ ਜਾ ਕੇ ਬ੍ਰਿਟਿਸ਼ ਸਰਕਾਰ ਨੂੰ ਆਪਣੀਆਂ ਮੁਸ਼ਿਕਲਾਂ ਦੂਰ ਕਰਨ ਲਈ ਮੰਗ ਪੱਤਰ ਦਿੱਤਾ ਜਾਵੇ । ਇਸ ਕਾਰਜ ਲਈ ਭਾਈ ਬਲਵੰਤ ਸਿੰਘ, ਭਾਈ ਨੰਦ ਸਿੰਘ, ਭਾਈ ਨਾਰਾਇਣ ਸਿੰਘ 'ਤੇ ਆਧਾਰਿਤ ਇਕ ਪ੍ਰਤੀਨਿੱਧੀ ਮੰਡਲ ਦੋਨਾਂ ਦੇਸ਼ਾਂ ਵਿੱਚ ਭੇਜਣ ਲਈ ਸਮਾਂ ਨਿਸ਼ਿਚਤ ਕੀਤਾ ਗਿਆ । ਪਰ ਦੋਵਾਂ ਦੇਸ਼ਾਂ ਵਿੱਚ ਅੰਗ੍ਰੇਜ਼ ਸਰਕਾਰ ਨੇ ਕੋਈ ਸਹਿਯੋਗ ਨਾ ਦਿੱਤਾ । ਕੈਨੇਡਾ ਪਰਤਣ ਸਮੇਂ ਭਾਈ ਬਲਵੰਤ ਸਿੰਘ ਦਾ ਮਿਲਾਪ ਕਾਮਾਗਾਟਾਮਾਰੂ ਜਹਾਜ਼ ਵਾਲੇ ਬਾਬਾ ਗੁਰਦਿੱਤ ਸਿੰਘ ਨਾਲ ਹੋਇਆ । ਬਾਬਾ ਗੁਰਦਿੱਤ ਸਿੰਘ ਨੂੰ ਹਰ ਔਕੜ ਸਮੇਂ ਪੂਰਾ ਸਹਿਯੋਗ ਦੇਣ ਦਾ ਵਾਅਦਾ ਕੀਤਾ । ਕਾਮਾਗਾਟਾਮਾਰੂ ਜਹਾਜ਼ ਦੇ ਮੁਸਾਫਰਾਂ ਨੂੰ ਕੈਨੇਡਾ ਵਿੱਚ ਦਾਖਲ ਨਾ ਹੋਣ ਦੇਣ ਦੇ ਵਿਰੋਧ ਵਿੱਚ ਸਾਰੇ ਪ੍ਰਵਾਸੀ ਹਿੰਦੁਸਤਾਨੀਆਂ ਵਿੱਚ ਅੰਤ ਦਾ ਗੁੱਸਾ ਸੀ । ਇਨ੍ਹਾਂ ਸਾਰੇ ਪ੍ਰਵਾਸੀਆਂ ਨੇ ਗ਼ਦਰ ਪਾਰਟੀ ਨਾਲ ਸੰਪਰਕ ਬਣਾਇਆ । ਪਰ ਅੰਗ੍ਰੇਜ਼ ਸਰਕਾਰ ਦਾ ਵਤੀਰਾ ਹੋਰ ਵੀ ਸਖ਼ਤ ਹੋ ਗਿਆ।

ਸਰਕਾਰ ਦੇ ਇੰਮੀਗ੍ਰੇਸ਼ਨ ਇੰਸਪੈਕਟਰ ਵਿਲੀਅਮ ਹਾਪਨਿਕਸ ਨੇ 5 ਸਤੰਬਰ, 1914 ਈ: ਨੂੰ ਵੈਨਕੂਵਰ ਦੇ ਗੁਰਦੁਆਰਾ ਕੰਪਲੈਕਸ ਵਿੱਚ ਦੋ ਬੰਦੇ ਗੋਲੀਆਂ ਮਾਰ ਕੇ ਮਾਰ ਦਿੱਤੇ । ਇਨ੍ਹਾਂ ਸ਼ਹਾਦਤਾਂ ਦੇ ਰੋਸ ਵਜੋਂ 21 ਅਕਤੂਬਰ 1914 ਈ: ਨੂੰ ਪ੍ਰਵਾਸੀ ਭਾਰਤੀ ਭਾਈ ਸੇਵਾ ਸਿੰਘ ਨੇ ਸ਼ਹਿਰ ਦੀ ਕਚਹਿਰੀ ਵਿੱਚ ਹੀ ਵਿਲੀਅਮ ਹਾਪਨਿਕਸ ਨੂੰ ਗੋਲੀਆਂ ਨਾਲ ਉਡਾ ਦਿੱਤਾ । ਇਸ ਕਤਲ ਦੀ ਸਾਜਿਸ਼ ਅਤੇ ਸ਼ੱਕ ਵਿੱਚ ਭਾਈ ਬਲਵੰਤ ਸਿੰਘ ਨੂੰ ਵੀ ਗ੍ਰਿਫਤਾਰ ਕਰ ਲਿਆ ਗਿਆ । ਇਸ ਪਿੱਛੋਂ ਭਾਈ ਬਲਵੰਤ ਸਿੰਘ ਨੂੰ ਕੈਨੇਡਾ ਵਿੱਚੋਂ ਕੱਢ ਦਿੱਤਾ ਗਿਆ । ਇਥੋਂ ਆਪ ਸਿੰਘਾਈ ਪੁੱਜੇ ਅਤੇ ਪੂਰੇ ਹਿੰਦੁਸਤਾਨ ਦੇ ਲੋਕਾਂ ਦੀਆਂ ਔਕੜਾਂ ਨੂੰ ਦੇਖਦਿਆਂ ਗ਼ਦਰ ਲਹਿਰ ਦੇ ਹੱਕ ਵਿੱਚ ਪ੍ਰਚਾਰ ਸ਼ੁਰੂ ਕਰ ਦਿੱਤਾ । ਭਾਈ ਬਲਵੰਤ ਸਿੰਘ 1915 ਈ: ਵਿੱਚ ਥਾਈਲੈਂਡ ਗਏ ਅਤੇ ਅਮਰੀਕਾ ਤੋਂ ਆ ਕੇ ਸਾਰੇ ਗ਼ਦਰੀ ਬਾਬਿਆਂ ਨੂੰ ਮਿਲੇ, ਜੋ ਬਰਮਾ ਵਿੱਚ ਅੰਗ੍ਰੇਜ਼ ਦੇ ਵਿਰੋਧ ਵਿੱਚ ਬਗ਼ਾਵਤ ਖੜ੍ਹੀ ਕਰਨਾ ਚਾਹੁੰਦੇ ਸਨ । ਭਾਈ ਬਲਵੰਤ ਸਿੰਘ ਇਥੇ ਆ ਕੇ ਸਖ਼ਤ ਬਿਮਾਰ ਹੋ ਗਏ, ਜਦੋਂ ਹਸਪਤਾਲ ਪੁੱਜੇ ਤਾਂ ਇਥੋਂ ਉਨ੍ਹਾਂ ਨੂੰ ਬਿਮਾਰੀ ਦੀ ਹਾਲਤ ਵਿੱਚ ਗ੍ਰਿਫਤਾਰ ਕਰਕੇ ਹਿੰਦੁਸਤਾਨ ਲਿਆਂਦਾ ਗਿਆ । ਇਥੇ ਆਕੇ ਭਾਈ ਬਲਵੰਤ ਸਿੰਘ ਵਰਗੇ ਅਣਖੀ ਯੋਧੇ 'ਤੇ ਦੂਜੇ ਲਾਹੌਰ ਸਾਜਿਸ਼ ਕੇਸ ਅਧੀਨ ਮੁਕੱਦਮਾ ਚਲਾਇਆ ਗਿਆ । ਅੰਤ 30 ਮਾਰਚ, 1917 ਈ: ਵਿੱਚ ਇਸ ਸੂਰਬੀਰ ਨੂੰ ਲਾਹੌਰ ਜੇਲ੍ਹ ਵਿੱਚ ਫਾਂਸੀ ਦੇ ਫੰਦੇ 'ਤੇ ਲਟਕਾਇਆ ਗਿਆ । ਇਸ ਤਰ੍ਹਾਂ ਇਹ ਬਹਾਦਰ ਸੂਰਬੀਰ 35 ਕੁ ਸਾਲ ਦੀ ਜਵਾਨੀ ਦੀ ਉਮਰ ਵਿੱਚ ਹਿੰਦੁਸਤਾਨ ਦੇ ਗਲੋਂ ਗੁਲਾਮੀ ਦਾ ਤੌਕ ਲਾਹੁਣ ਲਈ ਸ਼ਹਾਦਤ ਦਾ ਜਾਮ ਪੀ ਗਿਆ । ਅੱਜ ਕੇਵਲ ਉਨ੍ਹਾਂ ਦੀ ਯਾਦ ਹੀ ਬਾਕੀ ਹੈ। ••

-ਭਗਵਾਨ ਸਿੰਘ ਜੌਹਲ
bhagwansinghjohal@gmail.com
ਮੋਬਾਈਲ :
98143-24040



'ਚੜ੍ਹਦੀਕਲਾ' ਫਿਲਮ ਨੂੰ ਸਰਟੀਫਿਕੇਟ ਦੇਣ ਤੋਂ ਇਨਕਾਰ ਵਾਲੇ ਦੋਵੇਂ ਹੁਕਮ ਵਾਪਸ

# ਹਾਈ ਕੋਰਟ ਨੇ ਕਿਹਾ, ਹੁਕਮ ਜਾਰੀ ਕਰਨ ਵਾਲਾ ਅਧਿਕਾਰੀ ਅਧਿਕਾਰਹੀਣ ਸੀ



**ਨਵੀਂ ਦਿੱਲੀ 13 ਸੰਤਬਰ (ਮਨਪ੍ਰੀਤ ਸਿੰਘ ਖਾਲਸਾ):-** ਪੰਜਾਬੀ ਫ਼ਿਲਮ 'ਚੜ੍ਹਦੀਕਲਾ' ਨੂੰ ਸਰਟੀਫਿਕੇਟ ਦੇਣ ਤੋਂ ਇਨਕਾਰ ਸਬੰਧੀ 26 ਮਈ ਨੂੰ ਜਾਂਚ ਕਮੇਟੀ ਅਤੇ 14 ਜੁਲਾਈ ਨੂੰ ਪੁਨਰਵਿਚਾਰ ਕਮੇਟੀ ਵੱਲੋਂ ਜਾਰੀ ਕੀਤੇ ਦੋਵੇਂ ਹੁਕਮ ਵਾਪਸ ਲੈ ਲਏ ਗਏ ਹਨ। ਇਹ ਜਾਣਕਾਰੀ ਕੇਂਦਰੀ ਫ਼ਿਲਮ ਪ੍ਰਮਾਣਨ ਬੋਰਡ ਦੇ ਖੇਤਰੀ ਅਧਿਕਾਰੀ ਵੱਲੋਂ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵਿੱਚ ਦਿੱਤੀ ਗਈ। ਫ਼ਿਲਮ ਦੇ ਨਿਰਮਾਤਾ ਮੈਡ4 ਫ਼ਿਲਮਜ਼ ਦੇ ਮਾਲਕ ਵੱਲੋਂ ਦਾਇਰ ਅਪੀਲ 'ਤੇ ਸੁਣਵਾਈ ਕਰਦਿਆਂ ਹਾਈ ਕੋਰਟ ਨੇ ਕਿਹਾ ਕਿ ਇਹ ਹੁਕਮ ਅਜਿਹੇ ਅਧਿਕਾਰੀ ਵੱਲੋਂ ਪਾਸ ਕੀਤੇ ਗਏ ਸਨ, ਜਿਸ ਕੋਲ ਉਸ ਸਮੇਂ ਇਹ ਫ਼ੈਸਲਾ ਕਰਨ ਦੀ ਕਾਨੂੰਨੀ ਸਮਰੱਥਾ ਹੀ ਨਹੀਂ ਸੀ। ਅਦਾਲਤ ਨੇ ਕਿਹਾ ਕਿ 29 ਅਗਸਤ 2026 ਤੋਂ ਹੀ ਕੇਂਦਰ ਸਰਕਾਰ ਨੇ ਕਾਨੂੰਨ ਦੀ ਧਾਰਾ 7-ਬੀ ਤਹਿਤ ਕੇਂਦਰੀ ਫ਼ਿਲਮ ਪ੍ਰਮਾਣਨ ਬੋਰਡ ਦੇ ਚੇਅਰਮੈਨ ਨੂੰ ਫ਼ਿਲਮ ਪ੍ਰਮਾਣਨ ਸਬੰਧੀ ਬੋਰਡ ਦੀਆਂ ਸ਼ਕਤੀਆਂ ਵਰਤਣ ਦਾ ਅਧਿਕਾਰ ਦਿੱਤਾ ਹੈ। ਇਸ ਲਈ 26 ਮਈ ਅਤੇ 14 ਜੁਲਾਈ ਦੇ ਹੁਕਮ "ਅਧਿਕਾਰਹੀਣ ਅਥਾਰਟੀ" ਵੱਲੋਂ ਪਾਸ ਕੀਤੇ ਗਏ ਸਨ। ਹਾਈ ਕੋਰਟ ਨੇ ਮਾਮਲਾ ਹੁਣ ਸਮਰੱਥ ਅਧਿਕਾਰੀ ਵੱਲੋਂ ਅਪੀਲਕਰਤਾ ਨੂੰ ਪੂਰਾ ਸੁਣਵਾਈ ਦਾ ਮੌਕਾ ਦੇ ਕੇ ਨਵੇਂ ਸਿਰੇ ਤੋਂ ਵਿਚਾਰਨ ਦੇ ਨਿਰਦੇਸ਼ ਦਿੱਤੇ ਹਨ। ਅਮਰਜੀਤ ਸਰੋਂ ਦੇ ਨਿਰਦੇਸ਼ਨ ਹੇਠ ਬਣੀ 'ਚੜ੍ਹਦੀਕਲਾ' ਸਿੱਖ ਕਾਰਕੁਨ ਬੀਬੀ ਬਿਮਲ ਕੌਰ ਖ਼ਾਲਸਾ (ਧਰਮਪਤਨੀ ਸ਼ਹੀਦ ਭਾਈ ਬੇਅੰਤ ਸਿੰਘ ਇੰਦਰਾ ਕਤਲ ਕੇਸ) ਦੀ ਅਸਲ ਜ਼ਿੰਦਗੀ ਦੀ ਕਹਾਣੀ ਤੋਂ ਪ੍ਰੇਰਿਤ ਹੈ ਅਤੇ ਇਸ ਸਾਲ ਕਾਨ ਫ਼ਿਲਮ ਮੇਲੇ ਵਿੱਚ ਪ੍ਰਦਰਸ਼ਿਤ ਹੋਣ ਤੋਂ ਬਾਅਦ ਕਾਫ਼ੀ ਚਰਚਾ ਵਿੱਚ ਰਹੀ। ਫ਼ਿਲਮ ਨੂੰ 29 ਮਈ ਨੂੰ ਭਾਰਤ ਵਿੱਚ ਰਿਲੀਜ਼ ਕੀਤਾ ਜਾਣਾ ਸੀ, ਪਰ ਪ੍ਰਮਾਣਨ ਪ੍ਰਕਿਰਿਆ ਵਿੱਚ ਰੁਕਾਵਟਾਂ ਆ ਗਈਆਂ। ਬੋਰਡ ਵੱਲੋਂ ਫ਼ਿਲਮ ਦੇ ਸੰਵੇਦਨਸ਼ੀਲ ਸਮਾਜਿਕ ਤੇ ਸਿਆਸੀ ਵਿਸ਼ੇ, ਕਾਨੂੰਨ-ਵਿਵਸਥਾ 'ਤੇ ਸੰਭਾਵਿਤ ਪ੍ਰਭਾਵ ਅਤੇ ਕਥਿਤ ਤੌਰ 'ਤੇ ਹੱਤਿਆਰਿਆਂ ਦੀ ਮਹਿਮਾ-ਮੰਡਨ ਸਬੰਧੀ ਇਤਰਾਜ਼ ਉਠਾਏ ਗਏ ਸਨ। ਹਾਈ ਕੋਰਟ ਨੇ 12 ਮਈ ਨੂੰ ਤਰਜੀਹੀ ਯੋਜਨਾ ਤਹਿਤ ਦਿੱਤੀ ਅਰਜ਼ੀ ਤੋਂ ਲਗਭਗ ਚਾਰ ਮਹੀਨੇ ਦੀ ਦੇਰੀ ਨੂੰ ਵੀ ਨਿੰਦਣਯੋਗ ਕਰਾਰ ਦਿੱਤਾ। ਕੇਂਦਰ ਸਰਕਾਰ ਵੱਲੋਂ ਭਾਰਤ ਦੇ ਵਧੀਕ ਸਾਲਿਸਿਟਰ ਜਨਰਲ ਸਤਿਆ ਪਾਲ ਜੈਨ ਨੇ ਭਰੋਸਾ ਦਿੱਤਾ ਕਿ ਫ਼ਿਲਮ ਦੀ ਜਾਂਚ ਲਈ ਨਵੀਂ ਜਾਂਚ ਕਮੇਟੀ ਬਣਾਈ ਜਾਵੇਗੀ ਅਤੇ ਨਿਯਮ 37 ਸਮੇਤ ਸਬੰਧਤ ਨਿਯਮਾਂ ਅਨੁਸਾਰ ਅਗਲੀ ਕਾਰਵਾਈ ਪੂਰੀ ਕੀਤੀ ਜਾਵੇਗੀ। ਦੋਵੇਂ ਵਿਵਾਦਿਤ ਹੁਕਮ ਵਾਪਸ ਲਏ ਜਾਣ ਮਗਰੋਂ ਹਾਈ ਕੋਰਟ ਨੇ ਅਪੀਲ ਦਾ ਨਿਪਟਾਰਾ ਕਰ ਦਿੱਤਾ।

ਆਵਾਜ਼ਿ ਕੌਮ AWAZE QAUM
International Newspaper & WEB TV

# ਭਾਈ ਕੁਲਵੰਤ ਸਿੰਘ ਰਾਉਕੇ ਦੀ ਸਿਹਤ ਖ਼ਰਾਬ, AIMS ਬਠਿੰਡਾ ਵਿਖੇ ਕਰਵਾਇਆ ਗਿਆ ਦਾਖ਼ਲ



**ਬਠਿੰਡਾ, 13 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਅਕਾਲੀ ਦਲ ਵਾਰਿਸ ਪੰਜਾਬ ਦੇ ਆਗੂ ਭਾਈ ਕੁਲਵੰਤ ਸਿੰਘ ਰਾਉਕੇ, ਜੋ ਇਸ ਸਮੇਂ ਕੇਂਦਰੀ ਜੇਲ੍ਹ ਬਠਿੰਡਾ ਵਿੱਚ ਨਜ਼ਰਬੰਦ ਹਨ, ਪਿਛਲੇ ਕੁਝ ਦਿਨਾਂ ਤੋਂ ਸਿਹਤ ਸਬੰਧੀ ਸਮੱਸਿਆਵਾਂ ਨਾਲ ਜੂਝ ਰਹੇ ਹਨ। ਸਿਹਤ ਵਿਗੜਨ ਕਾਰਨ ਉਨ੍ਹਾਂ ਨੂੰ ਇਲਾਜ ਲਈ AIMS ਹਸਪਤਾਲ ਬਠਿੰਡਾ ਵਿਖੇ ਦਾਖ਼ਲ ਕਰਵਾਇਆ ਗਿਆ ਹੈ। ਭਾਈ ਕੁਲਵੰਤ ਸਿੰਘ ਰਾਉਕੇ ਦੀ ਸਿਹਤ ਨੂੰ ਲੈ ਕੇ ਉਨ੍ਹਾਂ ਦੇ ਪਰਿਵਾਰਕ ਮੈਂਬਰਾਂ, ਸਾਥੀਆਂ ਅਤੇ ਸਮਰਥਕਾਂ ਵਿੱਚ ਚਿੰਤਾ ਪਾਈ ਜਾ ਰਹੀ ਹੈ। ਉਨ੍ਹਾਂ ਦੀ ਸਿਹਤਯਾਬੀ ਲਈ ਪੰਜਾਬ ਭਰ ਵਿੱਚ ਉਨ੍ਹਾਂ ਨਾਲ ਹਮਦਰਦੀ ਰੱਖਣ ਵਾਲੇ ਲੋਕਾਂ ਵੱਲੋਂ ਅਰਦਾਸਾਂ ਕੀਤੀਆਂ ਜਾ ਰਹੀਆਂ ਹਨ। ਭਾਈ ਰਾਉਕੇ ਲੰਮੇ ਸਮੇਂ ਤੋਂ ਪੰਜਾਬ ਨਾਲ ਜੁੜੇ ਮੁੱਦਿਆਂ ਅਤੇ ਪੰਜਾਬ ਦੀ ਸੇਵਾ ਲਈ ਸਰਗਰਮ ਰਹੇ ਹਨ। ਇਸ ਸਮੇਂ ਉਹ ਜੇਲ੍ਹ ਵਿੱਚ ਨਜ਼ਰਬੰਦ ਹਨ ਅਤੇ ਹਸਪਤਾਲ ਵਿੱਚ ਉਨ੍ਹਾਂ ਦਾ ਇਲਾਜ ਚੱਲ ਰਿਹਾ ਹੈ। ਸਮੂਹ ਸੰਗਤਾਂ ਅਤੇ ਪੰਜਾਬ ਨਾਲ ਪਿਆਰ ਕਰਨ ਵਾਲੇ ਲੋਕਾਂ ਨੂੰ ਅਪੀਲ ਹੈ ਕਿ ਭਾਈ ਕੁਲਵੰਤ ਸਿੰਘ ਰਾਉਕੇ ਦੀ ਜਲਦ ਸਿਹਤਯਾਬੀ ਲਈ ਵਾਹਿਗੁਰੂ ਦੇ ਚਰਨਾਂ ਵਿੱਚ ਅਰਦਾਸ ਕਰਨ ਕਿ ਸਤਿਗੁਰੂ ਉਨ੍ਹਾਂ ਨੂੰ ਤੰਦਰੁਸਤੀ, ਚੜ੍ਹਦੀ ਕਲਾ ਅਤੇ ਬਲ ਬਖ਼ਸ਼ਣ ਅਤੇ ਉਹ ਜਲਦ ਸਿਹਤਯਾਬ ਹੋ ਕੇ ਮੁੜ ਪੰਜਾਬ ਦੀ ਸੇਵਾ ਵਿੱਚ ਆਪਣਾ ਯੋਗਦਾਨ ਪਾ ਸਕਣ।

ਆਵਾਜ਼ਿ ਕੌਮ AWAZE QAUM
International Newspaper & WEB TV

## ਸ਼੍ਰੀ ਦਸਮ ਗ੍ਰੰਥ ਸਾਹਿਬ ਦੀ ਵਿਆਖਿਆ ਦਾ ਮੁਕਾਬਲਾ: ਵਿਦਵਾਨਾਂ ਵੱਲੋਂ ਗਿਆਨੀ ਸ਼ੇਰ ਸਿੰਘ ਨੂੰ ਗੁਰਮਤਿ ਸੰਵਾਦ ਦੀ ਖੁੱਲ੍ਹੀ ਚੁਣੌਤੀ, ਆਪਹੁਦਰੇ ਪ੍ਰਚਾਰ 'ਤੇ ਮੁੜ-ਵੀਚਾਰ ਕਰਨ ਦੀ ਮੰਗ



ਨਵੀਂ ਦਿੱਲੀ 13 ਸੰਤਬਰ (ਮਨਪ੍ਰੀਤ ਸਿੰਘ ਖਾਲਸਾ):- ਸ਼੍ਰੀ ਦਸਮ ਗ੍ਰੰਥ ਸਾਹਿਬ ਦੀ ਪਾਵਨ ਬਾਣੀ ਵਿਰੁੱਧ ਲੰਮੇ ਸਮੇਂ ਤੋਂ ਚੱਲ ਰਹੇ ਕਾਲੇ ਅਫ਼ਗਾਨੀਆਂ, ਸਪੋਕਸਮੈਨੀਆਂ, ਦਰਸ਼ਨ ਮਲੀਆਂ ਅਤੇ ਅਖੌਤੀ ਮਿਸ਼ਨਰੀ ਲਾਣੇ ਦੇ ਕੌਮ-ਧ੍ਰੋਹੀ ਪ੍ਰਚਾਰ 'ਤੇ ਠੱਲ੍ਹ ਪੈਣ ਤੋਂ ਬਾਅਦ, ਹੁਣ ਇਸ ਖ਼ਤਰਨਾਕ ਸਿੱਕੇ ਦਾ ਦੂਜਾ ਪਹਿਲੂ ਸਾਹਮਣੇ ਆ ਰਿਹਾ ਹੈ। ਪੰਥ ਵਿੱਚੋਂ ਛੇਕੇ ਗਏ ਤੱਤਾਂ ਤੋਂ ਬਾਅਦ ਜਿੱਥੇ ਦਸਮ ਬਾਣੀ ਦੇ ਪ੍ਰਚਾਰ ਦਾ ਰਾਜਮਾਰਗ ਖੁੱਲ੍ਹਿਆ ਸੀ, ਉੱਥੇ ਹੀ ਹੁਣ ਸਨਾਤਨੀ ਵਿਚਾਰਧਾਰਾ ਨੂੰ ਸਿੱਖੀ 'ਤੇ ਠੋਸਣ ਦੀਆਂ ਸਾਜ਼ਿਸ਼ਾਂ ਤੇਜ਼ ਹੋ ਗਈਆਂ ਹਨ। ਪੂਰੇ ਵਿਸ਼ਵ ਭਰ ਦੀਆਂ ਸੰਗਤਾਂ ਵੱਲੋਂ ਇਹ ਗੰਭੀਰ ਸ਼ਿਕਾਇਤਾਂ ਮਿਲ ਰਹੀਆਂ ਹਨ ਕਿ ਬੁੱਢਾ ਦਲ ਦੇ ਕਦੇ ਸਤਿਕਾਰਯੋਗ ਰਹੇ ਕਥਾਵਾਚਕ ਗਿਆਨੀ ਸ਼ੇਰ ਸਿੰਘ ਅਤੇ ਉਨ੍ਹਾਂ ਦੇ ਸੰਗੀ-ਸਾਥੀ ਸ਼੍ਰੀ ਦਸਮ ਗ੍ਰੰਥ ਸਾਹਿਬ ਦੀ ਅਸਲ ਗੁਰਮਤਿ ਵਿਆਖਿਆ ਨੂੰ ਪਿੱਛੇ ਛੱਡ ਕੇ ਇਸ ਨੂੰ ਪੂਰੀ ਤਰ੍ਹਾਂ ਸਨਾਤਨੀ, ਵੈਸ਼ਨਵੀ, ਸ਼ੈਵਮਤੀ, ਦੇਵੀ-ਪੂਜਾ ਅਤੇ ਹਵਨ-ਜੱਗਾਂ ਵਾਲੀ ਪੰਥ-ਵਿਰੋਧੀ ਸੋਚ ਵਿੱਚ ਢਾਲਣ ਦੀ ਕੋਸ਼ਿਸ਼ ਕਰ ਰਹੇ ਹਨ। ਸਿੱਖ ਕੌਮ ਨੂੰ ਦੇਵੀ-ਪੂਜਕ, ਕ੍ਰਿਸ਼ਨ-ਪੂਜਕ, ਲਿੰਗ-ਪੂਜਕ ਅਤੇ ਨਸ਼ਿਆਂ ਦੇ ਦਲਦਲ ਵਿੱਚ ਧੱਕਣ ਦੀਆਂ ਇਹਨਾਂ ਹਰਕਤਾਂ 'ਤੇ ਪੰਥਕ ਵਿਦਵਾਨਾਂ ਨੇ ਡੂੰਘੀ ਚਿੰਤਾ ਪ੍ਰਗਟਾਈ ਹੈ। ਪੰਥਕ ਧਿਰਾਂ ਅਤੇ ਸੁਰਮੌਰ ਵਿਦਵਾਨਾਂ ਨੇ ਗਿਆਨੀ ਸ਼ੇਰ ਸਿੰਘ ਨੂੰ ਆੜੇ ਹੱਥੀਂ ਲੈਂਦਿਆਂ ਅਪੀਲ ਕੀਤੀ ਹੈ ਕਿ ਉਹ ਆਪਣੀ ਗ਼ਲਤ ਵਿਆਖਿਆ 'ਤੇ ਤੁਰੰਤ ਠੱਲ੍ਹ ਪਾਉਣ। ਜੇਕਰ ਉਨ੍ਹਾਂ ਦੇ ਮਨ ਵਿੱਚ ਕੋਈ ਵੀ ਸ਼ੰਕਾ-ਸ਼ੁਭਾ ਹੈ, ਤਾਂ ਪੰਥਕ ਵਿਦਵਾਨ ਉਨ੍ਹਾਂ ਨਾਲ ਗੁਰਮਤਿ ਸੰਵਾਦ ਰਚਾਉਣ ਲਈ ਹਰ ਮੈਦਾਨ ਵਿੱਚ ਤਿਆਰ ਹਨ। ਅੰਮ੍ਰਿਤਸਰ ਵਿਖੇ ਪ੍ਰਿੰਸੀਪਲ ਅਮਰਜੀਤ ਸਿੰਘ, ਡਾ. ਇੰਦਰਜੀਤ ਸਿੰਘ ਗੋਗੋਆਣੀ, ਪ੍ਰੋ. ਜਗਦੀਸ਼ ਸਿੰਘ ਨਾਥਪ੍ਰਕਾਸ਼ ਤੇ ਪ੍ਰਮੁੱਖ ਯੂਨੀਵਰਸਿਟੀਆਂ ਦੇ ਵਿਦਵਾਨ ਉਨ੍ਹਾਂ ਨਾਲ ਵਿਚਾਰ-ਵਟਾਂਦਰਾ ਕਰਨ ਲਈ ਤਿਆਰ ਹਨ। ਪਟਿਆਲਾ ਵਿੱਚ ਡਾ. ਹਰਭਜਨ ਸਿੰਘ ਤੇ ਡਾ. ਹਰਪਾਲ ਸਿੰਘ ਪੰਨੂ, ਲੁਧਿਆਣਾ ਵਿੱਚ ਡਾ. ਅਨੁਰਾਗ ਸਿੰਘ, ਦਿੱਲੀ ਵਿੱਚ 'ਪਾਤਸ਼ਾਹੀ ਦਾਵਾ ਪੰਥ ਅੱਵਲ' ਦੇ ਨੌਜਵਾਨ ਆਗੂ ਅਮਨਦੀਪ ਸਿੰਘ ਤੇ ਸੁਖਪ੍ਰੀਤ ਸਿੰਘ, ਕੈਨੇਡਾ ਵਿੱਚ ਬੱਬਰ ਅਕਾਲੀ ਲਹਿਰ ਦੇ ਅਮਨਪ੍ਰੀਤ ਸਿੰਘ, ਹਿਮਾਂਸ਼ੂ ਤੇ ਭਵਦੀਪ ਸਿੰਘ ਅਤੇ ਅਮਰੀਕਾ ਵਿੱਚ ਦਸਮ ਬਾਣੀ ਦੇ ਸਤਿਕਾਰਯੋਗ ਵਿਦਵਾਨ ਗਿਆਨੀ ਸ਼ੇਰ ਸਿੰਘ ਨਾਲ ਚਰਚਾ ਕਰਨ ਲਈ ਪੂਰੀ ਤਰ੍ਹਾਂ ਤਿਆਰ ਹਨ। ਵਿਦਵਾਨਾਂ ਨੇ ਸਖ਼ਤ ਸ਼ਬਦਾਂ ਵਿੱਚ ਆਖਿਆ ਹੈ ਕਿ ਕਦੇ ਪ੍ਰੇਮਾਨੰਦ ਦੀਆਂ ਪਰਕਰਮਾਂ ਕਰਕੇ, ਕਦੇ ਕ੍ਰਿਸ਼ਨ ਤੇ ਦੇਵੀ-ਪੂਜਕਾਂ ਦੇ ਦਰਾਂ 'ਤੇ ਮੱਥੇ ਟੇਕ ਕੇ, ਅਤੇ ਕਦੇ ਭੰਗ-ਅਫ਼ੀਮ ਵਰਗੇ ਨਸ਼ਿਆਂ ਦਾ ਖੁੱਲ੍ਹਾ ਪ੍ਰਚਾਰ ਕਰਕੇ ਪੰਥ ਦਾ ਭਲਾ ਨਹੀਂ ਕੀਤਾ ਜਾ ਸਕਦਾ। ਗਿਆਨੀ ਸ਼ੇਰ ਸਿੰਘ ਨੂੰ ਤਾੜਨਾ ਕਰਦਿਆਂ ਕਿਹਾ ਗਿਆ ਹੈ ਕਿ ਉਹ ਆਪਣੇ ਕਾਰਨਾਮਿਆਂ 'ਤੇ ਪੁਨਰ-ਵੀਚਾਰ ਕਰਨ, ਕਿਉਂਕਿ ਉਨ੍ਹਾਂ ਦਾ ਇਹ ਰਵੱਈਆ ਵੀ ਅਖੌਤੀ ਮਿਸ਼ਨਰੀਆਂ ਅਤੇ ਕਾਲੇ ਅਫ਼ਗਾਨੀਆਂ ਵਾਂਗ ਕੌਮ ਦਾ ਵੱਡਾ ਨੁਕਸਾਨ ਕਰ ਰਿਹਾ ਹੈ। ਪੰਥਕ ਧਿਰਾਂ ਨੇ ਸਾਫ਼ ਚੇਤਾਵਨੀ ਦਿੱਤੀ ਹੈ ਕਿ ਜਦੋਂ ਤੱਕ ਗਿਆਨੀ ਸ਼ੇਰ ਸਿੰਘ ਪੰਥਕ ਵਿਦਵਾਨਾਂ ਦੇ ਸਾਹਮਣੇ ਬੈਠ ਕੇ ਆਪਣੇ ਸ਼ੰਕੇ ਦੂਰ ਨਹੀਂ ਕਰ ਲੈਂਦੇ, ਉਦੋਂ ਤੱਕ ਉਹ ਆਪਣੀਆਂ ਦੇਸ਼-ਵਿਦੇਸ਼ ਦੀਆਂ ਯਾਤਰਾਵਾਂ, ਕਥਾ-ਦੀਵਾਨਾਂ ਅਤੇ ਸੰਗਤਾਂ ਵਿੱਚ ਗੁਮਰਾਹਕੁੰਨ ਪ੍ਰਚਾਰ ਕਰਨ ਤੋਂ ਤੁਰੰਤ ਗੁਰੇਜ਼ ਕਰਨ।

ਆਵਾਜ਼ਿ ਕੌਮ AWAZE QAUM
International Newspaper & WEB TV

### ਖਾਲਸਾ ਅਕੈਡਮੀ ਮਹਿਤਾ ਵਿਖੇ ਹਾਕੀ ਚੈਂਪੀਅਨਸ਼ਿਪ ਦੇ

# ਤੀਸਰੇ ਦਿਨ ਹੋਏ ਜ਼ਬਰਦਸਤ ਮੁਕਾਬਲੇ



**ਚੌਂਕ ਮਹਿਤਾ, 13 ਸਤੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**- ਦਮਦਮੀ ਟਕਸਾਲ ਦੇ ਮੁਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਦੀ ਯੋਗ ਰਹਿਨੁਮਾਈ ਹੇਠ ਚੱਲ ਰਹੇ ਵਿਦਿਅਕ ਅਦਾਰੇ ਸੰਤ ਗਿਆਨੀ ਗੁਰਬਚਨ ਸਿੰਘ ਜੀ ਖਾਲਸਾ ਅਕੈਡਮੀ ਮਹਿਤਾ ਚੌਂਕ ਵਿਖੇ ਸੀ.ਬੀ.ਐਸ. ਈ. ਨੋਰਥ ਜੋਨ ਟੂ ਦੇ ਹਾਕੀ ਮੈਚ ਲਗਾਤਾਰ ਖਾਲਸਾ ਅਕੈਡਮੀ ਦੀ ਗਰਾਊਂਡਾ ਵਿੱਚ ਖੇਡੇ ਜਾ ਰਹੇ ਹਨ। ਇਸ ਖੇਡ ਸਮਾਰੋਹ ਦੇ ਤੀਸਰੇ ਦਿਨ ਖਾਲਸਾ ਅਕੈਡਮੀ ਮਹਿਤਾ ਦੀਆਂ ਵੱਖ ਵੱਖ ਗਰਾਊਂਡਾਂ ਵਿੱਚ ਕੁੱਲ 12 ਹਾਕੀ ਦੇ ਮੈਚ ਖੇਡੇ ਗਏ। ਜਿਨਾਂ ਵਿੱਚੋਂ ਅੰਡਰ- 14 ਦੀਆਂ ਟੀਮਾਂ ਚੋਂ ਚੰਦਨ ਬਾਲ ਵਿਕਾਸ ਸਕੂਲ ਅਤੇ ਸੈਂਟ ਸੋਲਡਰ ਸਕੂਲ , ਸੰਤ ਗਿਆਨੀ ਗੁਰਬਚਨ ਸਿੰਘ ਖਾਲਸਾ ਅਕੈਡਮੀ ਅਤੇ ਗੁਰੂ ਬ੍ਰਹਮਾਨੰਦ ਸਕੂਲ ਵਿਚਕਾਰ ਜਬਰਦਸਤ ਮੁਕਾਬਲਾ ਹੋਇਆ। ਇਸ ਮੁਕਾਬਲੇ ਵਿੱਚ ਖਾਲਸਾ ਅਕੈਡਮੀ ਦੇ ਵਿਦਿਆਰਥੀਆਂ ਨੇ ਇਹ ਮੈਚ ਜਿੱਤ ਕੇ ਸ਼ਾਨਦਾਰ ਜਿੱਤ ਪ੍ਰਾਪਤ ਕੀਤੀ। ਇਸ ਤੋਂ ਇਲਾਵਾ ਅੰਡਰ 17 ਦੇ ਮੈਚ ਵਿੱਚੋਂ ਚੰਦਨ ਬਾਲ ਵਿਕਾਸ ਅਤੇ ਰਾਮ ਪ੍ਰਸਾਦ ਡੀ.ਏ.ਵੀ. ਸਕੂਲ ਵਿਚਕਾਰ ਮੈਚ ਖੇਡਿਆ ਗਿਆ। ਇਸ ਦੌਰਾਨ ਸੰਤ ਗਿਆਨੀ ਗੁਰਬਚਨ ਸਿੰਘ ਜੀ ਖਾਲਸਾ ਅਕੈਡਮੀ, ਸ਼ਹੀਦ ਦਰਸ਼ਨ ਸਕੂਲ, ਆਰ. ਪੀ.ਐਸ. ਸੀਨੀਅਰ ਸੈਕੰਡਰੀ ਸਕੂਲ, ਗੰਗਾ ਇੰਟਰਨੈਸ਼ਨਲ ਸਕੂਲ, ਸ਼ਹੀਦ ਦਰਸ਼ਨ ਅਤੇ ਗੁਰੂ ਬ੍ਰਹਮਾਨੰਦ ਸੀਨੀਅਰ ਸੈਕੰਡਰੀ ਸਕੂਲ ਨੇ ਵਿਰੋਧੀ ਟੀਮਾਂ ਨੂੰ ਹਰਾ ਕੇ ਸ਼ਾਨਦਾਰ ਜਿੱਤ ਪ੍ਰਾਪਤ ਕੀਤੀ। ਮੈਚ ਖੇਡ ਰਹੇ ਖਿਡਾਰੀਆਂ ਦੀ ਹੌਸਲਾ ਅਫਜ਼ਾਈ ਕਰਨ ਲਈ ਖਾਲਸਾ ਅਕੈਡਮੀ ਦੇ ਡਾਇਰੈਕਟਰ/ ਪ੍ਰਿੰਸੀਪਲ ਡਾ. ਜਤਿੰਦਰ ਕੁਮਾਰ ਸ਼ਰਮਾ, ਕਾਲਜ ਦੇ ਪ੍ਰਿੰਸੀਪਲ ਗੁਰਦੀਪ ਸਿੰਘ ਰੰਧਾਵਾ ਜਲਾਲ ਉਸਮਾ,ਦਸ਼ਮੇਸ਼ ਸੰਸਥਾਵਾਂ ਦੇ ਪ੍ਰਿੰਸੀਪਲ ਹਰਸ਼ਦੀਪ ਸਿੰਘ ਰੰਧਾਵਾ, ਸਕੂਲ ਕੋਚ ਮਨਮੀਤ ਸਿੰਘ, ਸਚਿਨ ਕੁਮਾਰ, ਦਮਨਪ੍ਰੀਤ ਸਿੰਘ ਅਤੇ ਵੱਖ ਵੱਖ ਸਕੂਲਾਂ ਤੋਂ ਆਏ ਪ੍ਰਿੰਸੀਪਲ ਸਾਹਿਬਾਨਾਂ ਨੇ ਖਿਡਾਰੀਆਂ ਦੀ ਹੌਸਲਾ ਅਫਜਾਈ ਕੀਤੀ।

ਆਵਾਜ਼ਿ ਕੌਮ AWAZE QAUM International Newspaper & WEB TV

### ਨੌਜਵਾਨ ਸੇਵਾ ਸੁਸਾਇਟੀ ਵੱਲੋਂ

# ਸਲਾਨਾ 19 ਵਾਂ ਮਹਾਨ ਕੀਰਤਨ ਦਰਬਾਰ ਅੱਜ : ਵਾਲੀਆਂ



**ਚੌਂਕ ਮਹਿਤਾ, 13 ਸਤੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਜੁਗੋ ਜੁਗ ਅਟੱਲ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਨੌਜਵਾਨ ਸੇਵਾ ਸੁਸਾਇਟੀ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਹਿਲੇ ਪ੍ਰਕਾਸ਼ ਪੁਰਬ ਦੀ ਖੁਸ਼ੀ ਅਤੇ ਅੰਮ੍ਰਿਤਸਰ ਦੇ ਬਾਨੀ ਚੌਥੀ ਪਾਤਸ਼ਾਹੀ ਸ੍ਰੀ ਗੁਰੂ ਰਾਮਦਾਸ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸਲਾਨਾ 19 ਵਾਂ ਮਹਾਨ ਕੀਰਤਨ ਦਰਬਾਰ ਅੱਜ ਰਤਨ ਸਿੰਘ ਚੌਂਕ ਵਿਖੇ ਖ਼ਾਲਸਾਈ ਜਾਹੋ ਜਲਾਲ ਨਾਲ ਸਜਾਇਆ ਜਾ ਰਿਹਾ ਹੈ। ਸੰਸਥਾ ਦੇ ਮੋਢੀ ਅਤੇ ਮੁੱਖ ਸੇਵਾਦਾਰ ਸ੍ ਸਤਨਾਮ ਸਿੰਘ ਵਾਲੀਆ ਨੇ ਦੱਸਿਆ ਕਿ ਦੁਪਿਹਰ 3 ਵਜੇ ਅਲੌਕਿਕ ਨਗਰ ਕੀਰਤਨ ਕੱਢਿਆ ਜਾ ਰਿਹਾ ਹੈ ਜੋ ਵੱਖ ਵੱਖ ਕਲੋਨੀਆਂ ਤੋਂ ਗੁਜ਼ਰਦਾ ਹੋਇਆ ਸ਼ਾਮ ਨੂੰ ਪੰਡਾਲ ਵਿੱਚ ਸੰਪਨ ਹੋਵੇਗਾ। ਸ਼ਾਮ ਤਿੰਨ ਵਜੇ ਤੋਂ ਦੇਰ ਰਾਤ ਤੱਕ ਵਿਸ਼ਾਲ ਕੀਰਤਨ ਦਰਬਾਰ ਸਜਾਇਆ ਜਾ ਰਿਹਾ ਹੈ ਜਿਸ ਵਿਚ ਪੰਥ ਪ੍ਰਸਿੱਧ ਨਿਸ਼ਕਾਮ ਕੀਰਤਨੀਏ ਭਾਈ ਗੁਰਇਕਬਾਲ ਸਿੰਘ, ਭਾਈ ਕਿਸ਼ਨ ਸਿੰਘ, ਭਾਈ ਮਹਿਤਾਬ ਸਿੰਘ ਜਲੰਧਰ, ਕਵੀਸ਼ਰੀ ਜਥਾ ਭਾਈ ਸੁਖਦੇਵ ਸਿੰਘ, ਆਦਿ ਜੱਥੇ ਬੀਰ ਰਸ ਵਾਰਾ ਗਾ ਕੇ ਸੁਣਾ ਕੇ ਗੁਰਬਾਣੀ ਦੇ ਰਸਭਿੰਨੇ ਕੀਰਤਨ ਦੀ ਛਹਿਬਰ ਦੁਆਰਾ ਸੰਗਤਾਂ ਨੂੰ ਨਿਹਾਲ ਕਰਨਗੇ। ਸ੍ ਸਤਨਾਮ ਸਿੰਘ ਵਾਲੀਆ ਨੇ ਦੱਸਿਆ ਕਿ ਇਸ ਮੌਕੇ ਉਚੇਚੇ ਤੌਰ ਤੇ ਸੰਤ ਬਾਬਾ ਕਸ਼ਮੀਰ ਸਿੰਘ ਭੂਰੀ ਵਾਲੇ, ਬਾਬਾ ਜੋਗਾ ਸਿੰਘ ਮੁਖੀ ਤਰਨਾ ਦਲ ਪਹੁੰਚ ਰਹੇ ਹਨ। ਸਿੰਘ ਸਾਹਿਬ ਗਿਆਨੀ ਗੁਰਮਿੰਦਰ ਸਿੰਘ ਗ੍ਰੰਥੀ,ਸਿੰਘ ਸਾਹਿਬ ਗਿਆਨੀ ਪਰਵਿੰਦਰ ਪਾਲ ਸਿੰਘ ਗ੍ਰੰਥੀ ਸਚਖੰਡ ਸ੍ਰੀ ਹਰਿਮੰਦਰ ਸਾਹਿਬ, ਸਿੰਘ (ਦੋਨੋ ) ਸਿੰਘ ਸਾਹਿਬ ਗਿਆਨੀ ਬਲਵਿੰਦਰ ਸਿੰਘ ਸਾਬਕਾ ਹੈਡ ਗ੍ਰੰਥੀ ਗੁਰਦੁਆਰਾ ਸ਼ਹੀਦ ਗੰਜ ਬਾਬਾ ਦੀਪ ਸਿੰਘ ਜੀ, ਸ੍ ਸੁਰਿੰਦਰ ਪਾਲ ਸਿੰਘ, ਸ੍ ਰਜਿੰਦਰ ਸਿੰਘ ਮਹਿਤਾ ਤੋਂ ਇਲਾਵਾ ਪੰਥ ਪ੍ਰਸਿੱਧ ਸ਼ਖ਼ਸੀਅਤਾਂ ਨੌਜਵਾਨ ਸੇਵਾ ਸੁਸਾਇਟੀ ਦੇ ਪ੍ਰਬੰਧਕਾਂ ਨੂੰ ਆਪਣੇ ਪਿਆਰ ਦਾ ਇਜ਼ਹਾਰ ਅਤੇ ਨੌਜਵਾਨਾ ਨੂੰ ਵਧਾਈ ਅਤੇ ਹੌਂਸਲਾ ਅਫਜ਼ਾਈ ਲਈ ਆਪਣੀ ਹਾਜ਼ਰੀ ਲਗਵਾਉਣਗੇ। ਗੁਰੂ ਕਾ ਲੰਗਰ ਅਤੁੱਟ ਲਗਾਇਆ ਜਾਏਗਾ।

ਆਵਾਜ਼ਿ ਕੌਮ AWAZE QAUM International Newspaper & WEB TV

### ਪੰਜਾਬ ਵਿੱਚ ਕਨੂੰਨ ਵਿਵਸਥਾ ਡਾਵਾਂਡੋਲ ਦਿਨ ਦਿਹਾੜੇ ਲੁੱਟਾਂ ਖੋਹਾਂ, ਗੋਲੀਆਂ ਚਲਣਾ ਆਮ ਗੱਲ ਇਥੋਂ ਤੱਕ ਕਿ

# ਪੁਲਿਸ ਮੁਲਾਜ਼ਮ ਵੀ ਸੁਰੱਖਿਅਤ ਨਹੀਂ - ਸ੍ਰ ਗੁਰਬਖਸ਼ ਸਿੰਘ ਸ਼ੇਰਗਿਲ

**ਜੰਡਿਆਲਾ ਗੁਰੂ 13 ਸਤੰਬਰ ( ਕੁਲਵੰਤ ਸਿੰਘ ਵਿਰਦੀ )**-ਅਧਿਕਾਰ ਸੰਘਰਸ਼ ਪਾਰਟੀ ਦੇ ਕੇਂਦਰੀ ਦਫ਼ਤਰ ਵਿੱਚ ਪਾਰਟੀ ਅਹੁਦੇਦਾਰਾਂ ਦੀ ਮੀਟਿੰਗ ਤੋਂ ਬਾਅਦ ਪ੍ਰੈਸ ਕਾਨਫਰੰਸ ਦੌਰਾਨ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਪਾਰਟੀ ਪ੍ਰਧਾਨ ਇੰਜ ਗੁਰਬਖਸ਼ ਸਿੰਘ ਸ਼ੇਰਗਿੱਲ ਨੇ ਕਿਹਾ ਕਿ ਪੰਜਾਬ ਵਿੱਚ ਕਨੂੰਨ ਵਿਵਸਥਾ ਡਾਵਾਂਡੋਲ ਹੋ ਗਈ ਹੈ। ਦਿਨ ਦਿਹਾੜੇ ਲੁੱਟਾਂ ਖੋਹਾਂ, ਗੋਲੀਆਂ ਚਲਣਾ ਤਾਂ ਆਮ, ਇਥੋਂ ਤੱਕ ਕਿ ਪੁਲਿਸ ਮੁਲਾਜ਼ਮ ਵੀ ਸੁਰੱਖਿਅਤ ਨਹੀਂ,ਹਾਲੀ ਕਿ ਉਹਨਾਂ ਕੋਲ ਖੁਦ ਕੋਲ਼ ਵੀ ਹਥਿਆਰ ਹੁੰਦੇ ਹਨ।ਇੰਜ ਸ਼ੇਰਗਿੱਲ ਨੇ ਕਿਹਾ ਕਿ ਸਰਕਾਰ ਮਸ਼ਹੂਰੀਆਂ ਵਿੱਚ ਵਿਅਸਤ ਹੈ।ਮਹਿੰਗਾਈ,ਬੇਰੋਜ਼ਗਾਰੀ,ਭ੍ਰਿਸ਼ਟਾਚਾਰ, ਨੂੰ ਠੱਲ੍ਹ ਪਾਉਣ ਦੀ ਬਜਾਏ ਮੁੱਖ ਮੰਤਰੀ ਅਤੇ ਮੰਤਰੀ ਜ਼ਿਆਦਾ ਟੂਰ ਤੇ, ਉਦਘਾਟਨ ਕਰਨ ਅਤੇ ਪ੍ਰੋਗਰਾਮਾਂ ਵਿੱਚ ਚੁਟਕਲੇ ਸੁਣਾਉਣ ਵਿੱਚ ਵਿਅਸਤ ਰਹਿੰਦੇ ਹਨ। ਉਥੋਂ ਭੀੜ ਤੋਂ ਵਾਹ ਵਾਹ ਕਰਵਾਕੇ ਖੁਸ਼ ਹੁੰਦੇ ਹਨ।ਨਸ਼ਿਆਂ ਨੇ ਜਵਾਨੀ ਨੂੰ ਤਬਾਹ ਕਰ ਦਿੱਤਾ ਹੈ, ਨਸ਼ਿਆਂ ਦੀ ਲੋੜ ਨੂੰ ਪੂਰਾ ਕਰਨ ਲਈ ਨੌਜਵਾਨ ਸ਼ਰੇਆਮ ਲੁੱਟਾਂ ਖੋਹਾਂ ਕਰ ਰਹੇ ਹਨ। ਸ਼ਾਇਦ ਸਬੰਧਤ ਅਧਿਕਾਰੀ ਮੁੱਖ ਮੰਤਰੀ ਨੂੰ ਸਹੀ ਰਿਪੋਰਟ ਨਹੀਂ ਦੇ ਰਹੇ।ਇੰਜ ਸ਼ੇਰਗਿੱਲ ਨੇ ਕਿਹਾ ਕਿ ਅਧਿਕਾਰ ਸੰਘਰਸ਼ ਪਾਰਟੀ ਮੰਗ ਕਰਦੀ ਹੈ ਕਿ ਪੰਜਾਬ ਸਰਕਾਰ ਅਤੇ ਕੇਂਦਰ ਸਰਕਾਰ ਇਹਨਾਂ ਸਮੱਸਿਆਵਾਂ ਵੱਲ ਧਿਆਨ ਦੇਣ। ਸੜਕਾਂ ਤੇ ਝੂਠੇ ਅੰਕੜਿਆਂ ਦੇ ਬੋਰਡਾਂ ਨਾਲ ਲੋਕਾਂ ਨੂੰ ਭਰਮਾਇਆ ਨਹੀਂ ਜਾ ਸਕਦਾ। ਜ਼ਮੀਨੀ ਹਕੀਕਤਾਂ ਬਿਲਕੁਲ ਵੱਖ ਹਨ ਅਤੇ ਉਨ੍ਹਾਂ ਅਨੁਸਾਰ ਹੀ ਸਰਕਾਰਾਂ ਨੂੰ ਕੰਮ ਕਰਨ ਲਈ ਪ੍ਰੋਗਰਾਮ ਬਣਾਉਣੇ ਚਾਹੀਦੇ ਹਨ। ਮੀਟਿੰਗ ਵਿੱਚ ਇੰਜ ਦੇਵ ਪ੍ਰਕਾਸ਼ ਸਹੋਤਾ, ਇੰਜ ਜਰਨੈਲ ਸਿੰਘ, ਇੰਜ ਰਾਮ ਸਿੰਘ, ਹਰਪ੍ਰੀਤ ਸਿੰਘ ਗਿੱਲ ਪਾਰਟੀ ਮੀਡੀਆ ਇੰਚਾਰਜ, ਜਗਜੀਤ ਸਿੰਘ ਪੰਡੋਰੀ, ਸੁਲੱਖਣ ਸਿੰਘ ਨਾਗ, ਸੁਖਦੇਵ ਸਿੰਘ ਨਾਗ ਅਤੇ ਹੋਰ ਮੈਂਬਰਾਂ ਵੱਲੋਂ ਸਰਕਾਰ ਦੇ ਢਿੱਲੇ ਵਤੀਰੇ ਦੀ ਸਖ਼ਤ ਸ਼ਬਦਾਂ ਵਿੱਚ ਨਖੇਦੀ ਕੀਤੀ।



# ਸੇਂਟ ਸੋਲਜਰ ਸਕੂਲ ਦੇ ਡਾਇਰੈਕਟਰ ਪ੍ਰਿੰਸੀਪਲ ਡਾ. ਅਮਰਪ੍ਰੀਤ ਕੌਰ ਗਲੋਬਲ ਐਜੂਕੇਸ਼ਨ ਲੀਡਰਸ਼ਿਪ ਅਵਾਰਡ 2026 ਨਾਲ ਸਨਮਾਨਿਤ

### ਵਿਦਿਆਰਥੀਆਂ ਦਾ ਸਰਬਪੱਖੀ ਵਿਕਾਸ ਸਕੂਲ ਡਾਇਰੈਕਟਰ ਪ੍ਰਿੰਸੀਪਲ ਡਾ: ਅਮਰਪ੍ਰੀਤ ਕੌਰ ਸਮੂਹ ਸਟਾਫ ਦੀ ਮਿਹਨਤ ਸਦਕਾ ਹੋ ਰਿਹਾ ਡਾ: ਮੰਗਲ ਸਿੰਘ ਕਿਸ਼ਨਪੁਰੀ






**ਜੰਡਿਆਲਾ ਗੁਰੂ, 13 ਸਤੰਬਰ( ਕੁਲਵੰਤ ਸਿੰਘ ਵਿਰਦੀ )**-ਸੇਂਟ ਸੋਲਜਰ ਇਲੀਟ ਕੌਨਵੈਂਟ ਸਕੂਲ ਜੰਡਿਆਲਾ ਗੁਰੂ ਨੇ ਆਪਣੀਆਂ ਪ੍ਰਾਪਤੀਆਂ ਵਿੱਚ ਇੱਕ ਨਵਾਂ ਅਧਿਆਏ ਜੁੜਦਿਆਂ ਸਕੂਲ਼ ਲਈ ਇਹ ਬੜੀ ਮਾਣ ਤੇ ਖੁਸ਼ੀ ਵਾਲੀ ਗੱਲ ਰਹੀ ਕਿ ਸਕੂਲ ਨੂੰ ਸੈਂਟਰ ਆਫ ਐਜੂਕੇਸ਼ਨਲ ਡਿਵੈਲਪਮੈਂਟ (ਨੋਇਡਾ) ਭਾਰਤ ਵੱਲੋਂ 5 ਸਟਾਰ ਰੇਟਿੰਗ ਸਕੂਲ ਅਵਾਰਡ 2026 ਦੇ ਨਾਲ ਸਨਮਾਨਿਤ ਕੀਤਾ ਗਿਆ। ਇਹ ਅਵਾਰਡ ਸਕੂਲ ਦੀ ਮਿਆਰੀ ਸਿੱਖਿਆ, ਨਵੀਨਤਾ ਉਤਮਤਾ ਅਤੇ ਵਿਦਿਆਰਥੀਆਂ ਦੇ ਸਰਬਪੱਖੀ ਵਿਕਾਸ ਪ੍ਰਤੀ ਸਕੂਲ ਦੀ ਅਤੁੱਟ ਮਿਹਨਤ ਦਾ ਪ੍ਰਮਾਣ ਹੈ।ਇਸ ਮਾਣ ਨੂੰ ਹੋਰ ਵਧਾਉਂਦਿਆਂ ਹੋਇਆਂ ਸਕੂਲ ਦੇ ਡਾਇਰੈਕਟਰ ਪ੍ਰਿੰਸੀਪਲ ਡਾਕਟਰ ਅਮਰਪ੍ਰੀਤ ਕੌਰ ਜੀ ਨੂੰ ਉਹਨਾਂ ਦੀ ਦੂਰਅੰਦੇਸ਼ੀ ਅਗਵਾਈ, ਸਮਰਪਣ, ਮਿਹਨਤ, ਸਿੱਖਿਆ ਦੇ ਖੇਤਰ ਵਿੱਚ ਨਵੀਨਤਾ, ਅਤੇ ਸਿੱਖਿਆ ਦੇ ਖੇਤਰ ਵਿੱਚ ਅਰਥ ਪੂਰਨ ਤਬਦੀਲੀ ਲਿਆਉਣ ਵਿੱਚ ਪਾਏ ਯੋਗਦਾਨ ਲਈ ਗਲੋਬਲ ਐਜੂਕੇਸ਼ਨ ਲੀਡਰਸ਼ਿਪ ਅਵਾਰਡ 2026 ਦੇ ਨਾਲ ਸਨਮਾਨਿਤ ਕੀਤਾ ਗਿਆ। ਸਕੂਲ ਲਈ ਇੱਕ ਹੋਰ ਮਾਣ ਗੌਰਵਪੂਰਨ ਰਿਹਾ ਕਿ 354 ਦੁਆਰਾ ਪ੍ਰਕਾਸ਼ਿਤ " ਲੀਡਰਸ ਆਫ ਲਰਨਿੰਗ- ਇੰਡੀਆ ਵਨ ਸੀ. ਈ.ਡੀ. ਗਲੋਬਲ 2026. ਦੀ ਟੇਬਲ ਬੁੱਕ ਵਿੱਚ ਸੈਂਟ ਸੋਲਜਰ ਸਕੂਲ ਦੀਆਂ ਪ੍ਰਾਪਤੀਆਂ ਅਤੇ ਸ਼ਾਨਦਾਰ ਵਿਦਿਅਕ ਸਫਰ ਨੂੰ ਦਰਸਾਉਂਦਾ ਹੋਇਆ ਇੱਕ ਲੇਖ ਪ੍ਰਕਾਸ਼ਿਤ ਕੀਤਾ ਗਿਆ। ਸਾਰੇ ਸਟਾਫ ਅਤੇ ਵਿਦਿਆਰਥੀਆਂ ਨੇ ਇਹਨਾਂ ਪ੍ਰਭਾਵਸ਼ਾਲੀ ਐਵਾਰਡ ਮਿਲਣ ਤੇ ਖੁਸ਼ੀ ਦਾ ਇਜ਼ਹਾਰ ਕੀਤਾ ਅਤੇ ਭਰਪੂਰ ਜਸ਼ਨ ਮਨਾਇਆ।ਇਸ ਮੌਕੇ ਤੇ ਸਕੂਲ ਦੇ ਮੈਨੇਜਿੰਗ ਡਾਇਰੈਕਟਰ ਡਾ .ਮੰਗਲ ਸਿੰਘ ਕਿਸ਼ਨਪੁਰੀ ਜੀ ਨੇ ਇਹਨਾਂ ਪ੍ਰਾਪਤੀਆਂ ਲਈ ਸਕੂਲ ਦੇ ਡਾਇਰੈਕਟਰ ਪ੍ਰਿੰਸੀਪਲ ਡਾ .ਅਮਰਪ੍ਰੀਤ ਕੌਰ ਜੀ ਅਤੇ ਸਮੂਹ ਸਟਾਫ ਦੀ ਮਿਹਨਤ ਲਗਨ ਅਤੇ ਨਵੀਨਤਮ ਤਰੀਕੇ ਨਾਲ ਵਿਦਿਆਰਥੀਆਂ ਦੇ ਸਰਬਪੱਖੀ ਵਿਕਾਸ ਕਰਨ ਲਈ ਸਭ ਦੀ ਭਰਪੂਰ ਸਰਾਹਨਾ ਕੀਤੀ। ਇਸ ਮੌਕੇ ਤੇ ਸਕੂਲ ਦੇ ਪ੍ਰਿੰਸੀਪਲ ਸੰਦੀਪ ਸ਼ਰਮਾ, ਵਾਈਸ ਪ੍ਰਿੰਸੀਪਲ ਸ਼ਿਲਪਾ ਸ਼ਰਮਾ, ਕੋਆਰਡੀਨੇਟਰ ਨੀਲਾਕਸ਼ੀ ਗੁਪਤਾ, ਕੁਆਡੀਨੇਟਰ ਮਮਤਾ ਅਰੋੜਾ, ਸਮੂਹ ਸਟਾਫ ਅਤੇ ਬੱਚੇ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਪੰਜਾਬ ਯੂਨੀਵਰਸਿਟੀ ਵੱਲੋਂ ਪੰਜਾਬ ਤੇ ਸਿੱਖ ਇਤਿਹਾਸ ਨੂੰ ਸਿਲੇਬਸ ’ਚੋਂ ਮਨਫ਼ੀ ਕਰਨਾ ਬੇਹੱਦ ਮੰਦਭਾਗਾ- ਐਡਵੋਕੇਟ ਧਾਮੀ



ਨਵੀਂ ਦਿੱਲੀ, 13 ਸਤੰਬਰ (ਮਨਪ੍ਰੀਤ ਸਿੰਘ ਖਾਲਸਾ):-ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਵੱਲੋਂ ਐੱਮ.ਏ. ਇਤਿਹਾਸ ਦੇ ਪੋਸਟ-ਗ੍ਰੈਜੂਏਟ ਸਿਲੇਬਸ ਵਿੱਚੋਂ ਪੰਜਾਬ ਅਤੇ ਸਿੱਖ ਇਤਿਹਾਸ ਨਾਲ ਸਬੰਧਤ ਚਾਰ ਅਹਿਮ ਪੇਪਰ ਹਟਾਏ ਜਾਣ ’ਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਸਖ਼ਤ ਇਤਰਾਜ਼ ਪ੍ਰਗਟ ਕੀਤਾ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਪੰਜਾਬ ਯੂਨੀਵਰਸਿਟੀ ਵਰਗੀ ਸੰਸਥਾ ਵੱਲੋਂ ਪੰਜਾਬ ਦੇ ਇਤਿਹਾਸ ਨੂੰ ਉੱਚ ਸਿੱਖਿਆ ਦੇ ਸਿਲੇਬਸ ਵਿੱਚੋਂ ਪਿੱਛੇ ਕਰਨਾ ਬੇਹੱਦ ਚਿੰਤਾਜਨਕ ਅਤੇ ਮੰਦਭਾਗਾ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਪੰਜਾਬ ਦਾ ਇਤਿਹਾਸ ਕਿਸੇ ਇੱਕ ਖਿੱਤੇ ਦਾ ਸੀਮਤ ਇਤਿਹਾਸ ਨਹੀਂ, ਸਗੋਂ ਭਾਰਤ ਦੇ ਸਮੁੱਚੇ ਇਤਿਹਾਸ ਦਾ ਅਟੁੱਟ ਅਤੇ ਅਹਿਮ ਹਿੱਸਾ ਹੈ। ਪੰਜਾਬ ਦੀ ਧਰਤੀ ਨੇ ਗੁਰੂ ਸਾਹਿਬਾਨ ਦੀਆਂ ਮਹਾਨ ਜੀਵਨ-ਯਾਤਰਾਵਾਂ, ਖ਼ਾਲਸਾ ਪੰਥ ਦੀ ਸਾਜਨਾ, ਸਿੱਖ ਸੰਘਰਸ਼, ਸਿੱਖ ਰਾਜ ਅਤੇ ਅਨੇਕਾਂ ਇਤਿਹਾਸਕ ਘਟਨਾਵਾਂ ਰਾਹੀਂ ਭਾਰਤੀ ਇਤਿਹਾਸ ਦੀ ਦਿਸ਼ਾ ਨੂੰ ਪ੍ਰਭਾਵਿਤ ਕੀਤਾ ਹੈ। ਅਜਿਹੇ ਇਤਿਹਾਸ ਨੂੰ ਐੱਮ.ਏ. ਪੱਧਰ ’ਤੇ ਪੜ੍ਹਾਈ ਤੋਂ ਦੂਰ ਕਰਨਾ ਵਿਦਿਆਰਥੀਆਂ ਨੂੰ ਆਪਣੇ ਵਿਰਸੇ ਅਤੇ ਇਤਿਹਾਸਕ ਚੇਤਨਾ ਤੋਂ ਵਾਂਝਾ ਕਰਨ ਦੇ ਤੁੱਲ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਯੂਨੀਵਰਸਿਟੀਆਂ ਦਾ ਕੰਮ ਸਿਰਫ਼ ਨਵੇਂ ਵਿਸ਼ਿਆਂ ਨੂੰ ਸ਼ਾਮਲ ਕਰਨਾ ਨਹੀਂ, ਬਲਕਿ ਇਤਿਹਾਸਕ ਵਿਰਾਸਤ ਨੂੰ ਤੱਥਾਂ ਅਤੇ ਖੋਜ ਦੇ ਆਧਾਰ ’ਤੇ ਅਗਲੀ ਪੀੜ੍ਹੀ ਤੱਕ ਪਹੁੰਚਾਉਣਾ ਵੀ ਹੈ।ਉਨ੍ਹਾਂ ਕਿਹਾ ਕਿ ਪੰਜਾਬ ਯੂਨੀਵਰਸਿਟੀ ਦਾ ਪੰਜਾਬ ਦੇ ਇਤਿਹਾਸ, ਭਾਸ਼ਾ, ਸੱਭਿਆਚਾਰ ਅਤੇ ਵਿਰਾਸਤ ਨਾਲ ਡੂੰਘਾ ਇਤਿਹਾਸਕ ਸਬੰਧ ਹੈ। ਇਸ ਲਈ ਯੂਨੀਵਰਸਿਟੀ ਪ੍ਰਸ਼ਾਸਨ ਦੀ ਇਹ ਜ਼ਿੰਮੇਵਾਰੀ ਬਣਦੀ ਹੈ ਕਿ ਉਹ ਇਸ ਵਿਰਾਸਤ ਨੂੰ ਸਿਲੇਬਸ ਵਿੱਚ ਯੋਗ ਸਥਾਨ ਦੇਵੇ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਪੰਜਾਬ ਯੂਨੀਵਰਸਿਟੀ ਦੇ ਉਪ ਕੁਲਪਤੀ ਅਤੇ ਸਬੰਧਤ ਅਕਾਦਮਿਕ ਅਧਿਕਾਰੀਆਂ ਨੂੰ ਇਸ ਫੈਸਲੇ ’ਤੇ ਮੁੜ ਵਿਚਾਰ ਕਰਨ ਲਈ ਆਖਿਆ। ਉਨ੍ਹਾਂ ਕਿਹਾ ਕਿ ਪੰਜਾਬ ਤੇ ਸਿੱਖ ਇਤਿਹਾਸ ਨਾਲ ਸਬੰਧਤ ਪੇਪਰਾਂ ਨੂੰ ਮੁੜ ਐੱਮ.ਏ. ਇਤਿਹਾਸ ਦੇ ਸਿਲੇਬਸ ਵਿੱਚ ਪਹਿਲਾਂ ਦੀ ਤਰ੍ਹਾਂ ਲਾਜ਼ਮੀ ਸ਼ਾਮਲ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਪੰਜਾਬ ਯੂਨੀਵਰਸਿਟੀ ਨੂੰ ਅਜਿਹੇ ਕਿਸੇ ਵੀ ਕਦਮ ਤੋਂ ਬਚਣਾ ਚਾਹੀਦਾ ਹੈ ਜਿਸ ਨਾਲ ਪੰਜਾਬ ਦੀ ਇਤਿਹਾਸਕ ਵਿਰਾਸਤ ਅਤੇ ਸਿੱਖ ਇਤਿਹਾਸ ਦੀ ਅਕਾਦਮਿਕ ਮਹੱਤਤਾ ਨੂੰ ਘਟਾਉਣ ਦਾ ਪ੍ਰਭਾਵ ਪੈਦਾ ਹੁੰਦਾ ਹੋਵੇ।

ਆਵਾਜ਼ਿ ਕੌਮ AWAZE QAUM International Newspaper & WEB TV




★ ਜਾਰੀ ਕਰਤਾ ★

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

+447458381111 +447976210161 +919729091243